ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I


awazeqaumtvpunjab@gmail.com

ਸ਼ਨੀਵਾਰ, 15 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੪ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਨਰਾਇਣ ਸਿੰਘ ਚੌੜਾ ਖ਼ਿਲਾਫ਼ ਪੁਲਸ ਨੇ ਕੀਤਾ ਚਲਾਨ ਪੇਸ਼

**ਅੰਮ੍ਰਿਤਸਰ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਸ਼੍ਰੋਮਣੀ ਅਕਾਲੀ



ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਗੋਲੀ ਚਲਾਉਣ ਦੇ ਮਾਮਲੇ 'ਚ ਨਾਰਾਇਣ ਸਿੰਘ ਚੌੜਾ ਖਿਲਾਫ਼ ਪੁਲਸ ਨੇ ਅਦਾਲਤ 'ਚ ਚਲਾਨ ਪੇਸ਼ ਕੀਤਾ ਹੈ। ਚੌੜਾ ਨੇ ਤਫਤੀਸ਼ ਦੌਰਾਨ ਕਈ ਵੱਡੇ ਖੁਲਾਸੇ ਕੀਤੇ ਹਨ। ਚੌੜਾ ਨੇ ਕਬੂਲ ਕੀਤਾ ਹੈ ਕਿ ਬੇਅਦਬੀ ਦੇ ਦੋਸ਼ੀਆਂ ਖਿਲਾਫ਼ ਕਾਰਵਾਈ ਨਾ ਹੋਣ ਕਾਰਨ ਉਸ ਦੇ ਮਨ ਵਿੱਚ ਕਾਫੀ ਗੁੱਸਾ ਸੀ। ਜ਼ਿਕਰਯੋਗ ਹੈ ਕਿ ਸੁਖਬੀਰ ਸਿੰਘ ਬਾਦਲ ਜਦੋਂ ਦਰਬਾਰ ਸਾਹਿਬ ਵਿੱਚ ਸੇਵਾ ਨਿਭਾ ਰਹੇ ਸਨ ਤਾਂ ਉਸ ਵੇਲੇ ਨਰਾਇਣ ਸਿੰਘ ਚੌੜਾ ਦੇ ਵੱਲੋਂ ਸੁਖਬੀਰ 'ਤੇ ਗੋਲੀ ਚਲਾ ਦਿੱਤੀ ਗਈ, ਜੋ ਕਿ ਸੁਖਬੀਰ ਨੂੰ ਤਾਂ ਨਹੀਂ ਵੱਜੀ, ਪਰ ਉੱਥੇ ਦਰਬਾਰ ਸਾਹਿਬ ਦੀ ਦੀਵਾਰ ਵਿੱਚ ਜਾ ਵੱਜੀ। ਇਸ ਤੋਂ ਬਾਅਦ ਚੌੜਾ ਨੂੰ ਮੌਕੇ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ।

### ਅਮਰੀਕਾ ਤੋਂ ਉੱਡਿਆ ਅੰਮ੍ਰਿਤਸਰ ਲਈ ਇੱਕ ਹੋਰ ਜਹਾਜ਼, 67 ਪੰਜਾਬੀ ਤੇ 33 ਹਰਿਆਣਵੀ ਸ਼ਾਮਲ

# ਮੋਦੀ ਦੇ ਯਾਰ ਟਰੰਪ ਦਾ ਹੋਰ ਝਟਕਾ !

**ਵਾਸ਼ਿੰਗਟਨ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਨਵੇਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਦੇਸ਼ ਨਿਕਾਲਾ ਦੇਣ ਦੀ ਕਾਰਵਾਈ ਤੋਂ ਬਾਅਦ, ਦੂਜਾ ਜਹਾਜ਼ ਕੱਲ੍ਹ ਯਾਨੀ ਸ਼ਨੀਵਾਰ ਨੂੰ ਅੰਮ੍ਰਿਤਸਰ ਹਵਾਈ ਅੱਡੇ 'ਤੇ ਪਹੁੰਚੇਗਾ, ਜਿਸ ਵਿੱਚ ਲਗਭਗ 119 ਭਾਰਤੀਆਂ ਨੂੰ ਲੈ ਕੇ ਜਾਵੇਗਾ। ਇਨ੍ਹਾਂ ਵਿੱਚੋਂ ਜ਼ਿਆਦਾਤਰ ਪੰਜਾਬੀ ਨੌਜਵਾਨ ਹਨ। ਇਸ ਗਰੁੱਪ ਵਿੱਚ ਕੁੱਲ 67 ਪੰਜਾਬੀ ਨੌਜਵਾਨ ਹਨ।ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਉਕਤ ਜਹਾਜ਼ ਕੱਲ੍ਹ ਯਾਨੀ ਸ਼ਨੀਵਾਰ ਨੂੰ ਸਵੇਰੇ 10 ਤੋਂ 11 ਵਜੇ ਦੇ ਕਰੀਬ ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚ ਜਾਵੇਗਾ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਦੇਸ਼ ਨਿਕਾਲਾ ਦਿੱਤੇ ਗਏ ਭਾਰਤੀਆਂ ਵਿੱਚ 67 ਪੰਜਾਬੀ, 33 ਹਰਿਆਣਵੀ, 8 ਗੁਜਰਾਤ, 3 ਉੱਤਰ ਪ੍ਰਦੇਸ਼, 2 ਮਹਾਰਾਸ਼ਟਰ, 2 ਰਾਜਸਥਾਨ, 2 ਗੋਆ, ਹਿਮਾਚਲ ਪ੍ਰਦੇਸ਼ ਤੇ ਜੰਮੂ-ਕਸ਼ਮੀਰ ਤੋਂ 2-2 ਯਾਤਰੀ ਹਨ। ਹਾਲਾਂਕਿ, ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ



ਅੱਡੇ ਵੱਲੋਂ ਇਸ ਬਾਰੇ ਕੋਈ ਬਿਆਨ ਜਾਂ ਹੋਰ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਹੈ। ਤੁਹਾਨੂੰ ਦੱਸ ਦੇਈਏ ਕਿ ਇਸ ਤੋਂ ਪਹਿਲਾਂ 5 ਫਰਵਰੀ ਨੂੰ 104 ਭਾਰਤੀਆਂ ਨੂੰ ਲੈ ਕੇ ਇੱਕ ਸੀ-17 ਜਹਾਜ਼ ਅੰਮ੍ਰਿਤਸਰ ਪਹੁੰਚਿਆ ਸੀ। ਉੱਥੋਂ ਉਨ੍ਹਾਂ ਨੂੰ ਚਿੱਟੇ ਪਾਸਪੋਰਟ ਰਾਹੀਂ ਭਾਰਤ ਭੇਜਿਆ ਗਿਆ। ਹਾਲਾਂਕਿ, ਇਸ ਵਾਰ ਚਰਚਾ ਹੈ ਕਿ ਜਿਸ ਜਹਾਜ਼ ਵਿੱਚ ਉਕਤ ਲੋਕਾਂ ਨੂੰ ਭਾਰਤ ਲਿਆਂਦਾ ਜਾ ਰਿਹਾ ਹੈ, ਉਹ ਭਾਰਤੀ ਹੈ। ਫਿਲਹਾਲ ਇਸ ਸਬੰਧੀ ਅਧਿਕਾਰਤ ਪੱਧਰ 'ਤੇ ਕੋਈ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਪਿਊ ਰਿਸਰਚ ਸੈਂਟਰ ਦੇ ਅਨੁਸਾਰ, ਸਾਲ 2023 ਤੱਕ, ਅਮਰੀਕਾ ਵਿੱਚ 7 ? ?ਲੱਖ ਤੋਂ ਵੱਧ ਗੈਰ-ਕਾਨੂੰਨੀ ਭਾਰਤੀ ਪ੍ਰਵਾਸੀ ਹਨ ਇਹ ਮੈਕਸੀਕੋ ਅਤੇ ਐਲ ਸਲਵਾਡੋਰ ਤੋਂ ਬਾਅਦ ਸਭ ਤੋਂ ਵੱਧ ਹੈ। ਅਮਰੀਕਾ ਵਿੱਚ ਗੈਰ-ਕਾਨੂੰਨੀ ਪ੍ਰਵਾਸੀਆਂ ਨਾਲ ਨਜਿੱਠਣ ਵਾਲੀ ਸਰਕਾਰੀ ਏਜੰਸੀ (935) ਦੇ ਅਨੁਸਾਰ, ਪਿਛਲੇ 3 ਸਾਲਾਂ ਵਿੱਚ, ਔਸਤਨ 90 ਹਜ਼ਾਰ ਭਾਰਤੀ ਨਾਗਰਿਕ ਗੈਰ-ਕਾਨੂੰਨੀ ਤੌਰ 'ਤੇ ਦਾਖਲ ਹੋਣ ਦੀ ਕੋਸ਼ਿਸ਼ ਕਰਦੇ ਫੜੇ ਗਏ ਹਨ। ਇਨ੍ਹਾਂ ਪ੍ਰਵਾਸੀਆਂ ਦਾ ਵੱਡਾ ਹਿੱਸਾ ਪੰਜਾਬ, ਗੁਜਰਾਤ ਅਤੇ ਆਂਧਰਾ ਪ੍ਰਦੇਸ਼ ਤੋਂ ਆ ਰਿਹਾ ਹੈ।

## ਡਿਪੋਰਟੇਸ਼ਨ ਦੇ ਮੁੱਦੇ 'ਤੇ ਭੜਕੇ ਮੁੱਖ ਮੰਤਰੀ ਮਾਨ, ਕਿਹਾ- ਪੰਜਾਬ ਨੂੰ ਬਦਨਾਮ ਕਰ ਰਿਹੈ ਕੇਂਦਰ

ਅਮਰੀਕਾ ਤੋਂ ਭਾਰਤੀਆਂ ਦੀ ਡਿਪੋਰਟੇਸ਼ਨ ਵਾਲੀ ਫਲਾਈਟ ਅੰਮ੍ਰਿਤਸਰ ਵਿਚ ਉਤਾਰਣ ਦਾ ਮਾਮਲਾ ਲਗਾਤਾਰ ਤੂਲ ਫੜਦਾ ਜਾ ਰਿਹਾ ਹੈ। ਇਸ ਨੂੰ ਲੈ ਕੇ ਹੁਣ ਸੀਐੱਮ ਭਗਵੰਤ ਮਾਨ ਨੇ ਪ੍ਰੈੱਸ ਕਾਨਫਰੰਸ ਕੀਤੀ ਹੈ ਤੇ ਇਸ ਉੱਤੇ ਸਖਤ ਨਾਰਾਜ਼ਗੀ ਜਤਾਈ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਹੀ ਪੰਜਾਬ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰਦਾ ਹੈ।ਅਸੀਂ ਇਸ ਜਹਾਜ਼ ਨੂੰ ਪੰਜਾਬ ਵਿਚ ਲਾਉਣ ਦੇ ਹੱਕ ਵਿਚ ਨਹੀਂ ਹਾਂ। ਇਸ ਦੌਰਾਨ ਪੰਜਾਬ ਮੁੱਖ ਮੰਤਰੀ ਮਾਨ ਨੇ ਅੰਮ੍ਰਿਤਸਰ ਵਿਚ ਜਹਾਜ਼ ਲੈਂਡ ਕਰਵਾਉਣ ਉੱਤੇ ਨਾਰਾਜ਼ਗੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਜਹਾਜ਼ ਅੰਮ੍ਰਿਤਸਰ ਵਿਚ ਹੀ ਕਿਉਂ ਲੈਂਡ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਵਿੱਤਰ ਸ਼ਹਿਰ ਨੂੰ ਡਿਪੋਰਟੇਸ਼ਨ ਸੈਂਟਰ ਕਿਉਂ ਬਣਾਇਆ ਜਾ ਰਿਹਾ ਹੈ। ਪਹਿਲਾਂ ਵਾਲਾ ਜਹਾਜ਼ ਅੰਬਾਲੇ ਕਿਉਂ ਨਹੀਂ ਉਤਾਰਿਆ ਗਿਆ।ਕੇਂਦਰ ਸਰਕਾਰ ਹਮੇਸ਼ਾ ਹੀ ਪੰਜਾਬ ਨੂੰ ਬਦਨਾਮ ਕਰਦੀ ਹੈ। ਇਸ ਦੌਰਾਨ ਉਨ੍ਹਾਂ ਨੇ ਕੇਂਦਰ ਨੂੰ ਇਹ ਵੀ ਅਪੀਲ ਕੀਤੀ ਕਿ ਅਮਰੀਕਾ ਤੋਂ ਆਉਣ ਵਾਲੇ ਡਿਪੋਰਟੇਸ਼ਨ



ਵਾਲੇ ਜਹਾਜ਼ ਕਿਤੇ ਹੋਰ ਉਤਾਰੇ ਜਾਣ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਅਮਰੀਕਾ ਦੇ ਫੌਜੀ ਜਹਾਜ਼ ਵਿਚ ਸਾਰੇ ਭਾਰਤੀ ਭੇਜੇ ਜਾ ਰਹੇ ਹਨ ਇਸ ਦੀ ਬਜਾਏ ਭਾਰਤ ਨੂੰ ਆਪਣਾ ਜਹਾਜ਼ ਭੇਜਣਾ ਚਾਹੀਦਾ ਹੈ। ਟਰੰਪ ਦੇ ਰਾਸ਼ਟਪਤੀ ਬਣਦੇ ਸਾਰ ਅਮਰੀਕਾਤੋਂ ਗੈਰ-ਕਾਨੂੰਨੀ ਪਰਵਾਸੀਆਂ ਦਾ ਦੇਸ਼ ਨਿਕਾਲਾ ਲਗਾਤਾਰ ਜਾਰੀ ਹੈ। ਹੁਣ ਅਮਰੀਕਾ ਤੋਂ 119 ਭਾਰਤੀਆਂ ਨੂੰ ਡਿਪੋਰਟ ਕੀਤਾ ਜਾਵੇਗਾ। ਇਨ੍ਹਾਂ ਨੂੰ ਅਮਰੀਕੀ ਜਹਾਜ਼ ਰਾਹੀਂ ਪੰਜਾਬ ਦੇ ਅੰਮ੍ਰਿਤਸਰ ਹਵਾਈ ਅੱਡੇ ਲਿਆਂਦਾ ਜਾਵੇਗਾ। ਸ਼ਨੀਵਾਰ ਨੂੰ ਇਹ ਜਹਾਜ਼ ਅੰਮ੍ਰਿਤਸਰ ਲੈਂਡ ਕਰੇਗਾ ।

## ਬਾਬਾ ਲੱਖਾ ਸਿੰਘ ਦੀ ਕਾਰ ਨਾਲ ਟੱਕਰ ਪਿੱਛੋਂ ਪਤੀ-ਪਤਨੀ ਦੀ ਮੌਤ



**ਮੋਗਾ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੋਗਾ 'ਚ ਦੇਰ ਸ਼ਾਮ ਵੱਡਾ ਹਾਦਸਾ ਵਾਪਰਿਆ ਹੈ। ਇਥੇ ਇਕ ਕਾਰ ਅਤੇ ਐਕਟਿਵਾ ਵਿਚਾਲੇ ਜ਼ਬਰਦਸਤ ਟੱਕਰ ਹੋਈ ਹੈ, ਜਿਸ ਕਾਰਨ ਪਤੀ-ਪਤਨੀ ਮੌਤ ਹੋ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਮਿਲੀ ਹੈ ਕਿ ਨਾਨਕਸਰ ਠਾਠ ਕਲੇਰਾ ਦੇ ਬਾਬਾ ਲੱਖਾ ਸਿੰਘ ਇਕ ਕਾਰ 'ਚ ਸਵਾਰ ਹੋ ਕੇ ਜਾ ਰਹੇ ਸਨ, ਇਸ ਦੌਰਾਨ ਉਨ੍ਹਾਂ ਦੀ ਕਾਰ ਦੀ ਟੱਕਰ ਇਕ ਐਕਟਿਵਾ ਨਾਲ ਹੋਈ। ਐਕਟਿਵਾ ਉੱਤੇ ਪਤੀ-ਪਤਨੀ ਸਵਾਰ ਦੱਸੇ ਜਾ ਰਹੇ ਹਨ। ਉਥੇ ਹੀ ਖ਼ਬਰ ਮਿਲੀ ਹੈ ਕਿ ਹਾਦਸੇ ਦੇ ਕਾਰਨ ਇਕ ਔਰਤ ਦੀ ਮੌਤ ਹੋ ਗਈ ਹੈ, ਜਦਕਿ ਉਸ ਦੇ ਪਤੀ ਦੀ ਹਾਲਤ ਗੰਭੀਰ ਹੋਣ ਕਾਰਨ ਲੁਧਿਆਣਾ ਰੈਫਰ ਕਰ ਦਿੱਤਾ ਗਿਆ ਹੈ। ਮ੍ਰਿਤਕਾਂ ਦੀ ਪਛਾਣ ਲਵਪ੍ਰੀਤ ਕੌਰ ਅਤੇ ਬਲਕਾਰ ਸਿੰਘ ਵਜੋਂ ਹੋਈ ਹੈ। ਲਵਪ੍ਰੀਤ ਗਰਭਵਤੀ ਸੀ। ਥਾਣਾ ਮੁਖੀ ਗੁਰਸੇਵਕ ਸਿੰਘ ਨੇ ਦੱਸਿਆ ਕਿ ਪਿੰਡ ਨਿਧਾਵਾਲਾ ਨਿਵਾਸੀ ਬਲਕਾਰ ਸਿੰਘ (32) ਜੋ ਸੈਲੋਂ ਪਲਾਟ ਮੋਗਾ ਵਿਖੇ ਨੌਕਰੀ ਕਰਦਾ ਸੀ ਅਤੇ ਆਪਣੀ ਪਤਨੀ ਲਵਜੀਤ ਕੌਰ (27) ਨਾਲ ਮੋਗਾ ਤੋਂ ਵਿਆਹ ਸਮਾਗਮ ਨੂੰ ਲੈ ਕੇ ਖ੍ਰੀਦੋ ਫਰੋਖਤ ਕਰਕੇ ਆਪਣੇ ਪਿੰਡ ਜਾ ਰਿਹਾ ਸੀ। ਜਦੋਂ ਉਹ ਘੱਲ ਕਲਾਂ ਤੋਂ ਡਰੋਲੀ ਦੇ ਵਿਚਕਾਰ ਪੈਟਰੋਲ ਪੰਪ ਕੋਲ ਪੁੱਜਾ ਤਾਂ ਅਚਾਨਕ ਪਿੱਛੇ ਤੋਂ ਆ ਰਹੀ ਫੋਰਡ ਗੱਡੀ ਨੇ ਫੇਟ ਮਾਰ ਦਿੱਤੀ। ਉਨ੍ਹਾਂ ਦੱਸਿਆ ਕਿ ਹਾਦਸਾ ਇੰਨਾ ਭਿਆਨਕ ਸੀ ਕਿ ਲਵਜੀਤ ਕੌਰ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਬਲਕਾਰ ਸਿੰਘ ਦੀ ਬਾਅਦ ਵਿਚ ਮੌਤ ਹੋਈ। ਉਨ੍ਹਾਂ ਕਿਹਾ ਕਿ ਪੁਲਸ ਵਲੋਂ ਇਸ ਮਾਮਲੇ ਵਿਚ ਪਰਿਵਾਰਿਕ ਮੈਬਰਾਂ ਦੇ ਬਿਆਨ ਦਰਜ਼ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ। ਦੂਜੇ ਪਾਸੇ ਥਾਣਾ ਸਦਰ ਮੂਹਰੇ ਇਕੱਤਰ ਵੱਡੀ ਗਿਣਤੀ ਵਿਚ ਪਿੰਡ ਨਿਧਾਵਾਲਾ ਨਿਵਾਸੀਆਂ ਨੇ ਪੀੜ੍ਹਤ ਪਰਿਵਾਰ ਨੂੰ ਇਨਸਾਫ਼ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਸ ਨੂੰ ਇਸ ਮਾਮਲੇ ਵਿਚ ਬਣਦੀ ਕਾਨੂੰਨੀ ਕਰਵਾਈ ਅਮਲ ਵਿਚ ਲਿਆਉਣੀ ਚਾਹੀਦੀ ਹੈ।

## ਚੈਂਪੀਅਨ ਟਰਾਫੀ ਦੌਰਾਨ ਪਾਕਿਸਤਾਨ ਦੀ ਰਾਜਧਾਨੀ 'ਚ ਇੱਕ ਵੱਡੇ ਅੱਤਵਾਦੀ ਹਮਲੇ ਦੀ ਯੋਜਨਾ !

**ਵਾਸ਼ਿੰਗਟਨ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਨੇ ਪਾਕਿਸਤਾਨ ਵਿੱਚ ਅੱਤਵਾਦੀ ਹਮਲੇ ਦੀ ਸੰਭਾਵਨਾ ਨੂੰ ਲੈ ਕੇ ਇੱਕ ਸੁਰੱਖਿਆ ਸਲਾਹਕਾਰੀ ਜਾਰੀ ਕੀਤੀ ਹੈ। ਅਮਰੀਕੀ ਸਲਾਹਕਾਰ ਦੇ ਅਨੁਸਾਰ, ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਦੇਸ਼ ਦੀ ਰਾਜਧਾਨੀ ਵਿੱਚ ਸਥਿਤ ਫੈਸਲ ਮਸਜਿਦ ਨੂੰ ਨਿਸ਼ਾਨਾ ਬਣਾ ਸਕਦਾ ਹੈ।ਇਸਲਾਮਾਬਾਦ ਸਥਿਤ ਅਮਰੀਕੀ ਦੂਤਾਵਾਸ ਨੇ ਆਪਣੇ ਸਾਰੇ ਅਧਿਕਾਰੀਆਂ ਨੂੰ ਅਗਲੇ ਹੁਕਮਾਂ ਤੱਕ ਫੈਸਲ ਮਸਜਿਦ ਖੇਤਰ ਤੋਂ ਦੂਰ ਰਹਿਣ ਲਈ ਕਿਹਾ ਹੈ। ਇਹ ਸਲਾਹ ਅਮਰੀਕਾ ਵੱਲੋਂ ਟੀਟੀਪੀ ਅਤੇ ਇੱਕ ਹੋਰ ਪਾਬੰਦੀਸ਼ੁਦਾ ਹਥਿਆਰਬੰਦ ਸਮੂਹ ਹਾਫਿਜ਼ ਗੁਲ ਬਹਾਦੁਰ ਵੱਲੋਂ ਵੀਡੀਓ ਪੋਸਟ ਕਰਨ ਤੋਂ ਬਾਅਦ ਜਾਰੀ ਕੀਤੀ ਗਈ ਹੈ।ਅੱਤਵਾਦੀ ਸਮੂਹਾਂ ਦੇ ਇਸ ਵੀਡੀਓ ਨੇ ਪਾਕਿਸਤਾਨ ਦੀ ਰਾਜਧਾਨੀ ਵਿੱਚ ਸੁਰੱਖਿਆ ਨੂੰ ਲੈ ਕੇ ਚਿੰਤਾਵਾਂ ਵਧਾ ਦਿੱਤੀਆਂ ਹਨ।ਇਸ ਦੇ ਮੱਦੇਨਜ਼ਰ, ਇਸਲਾਮਾਬਾਦ ਵਿੱਚ ਅਮਰੀਕੀ ਦੂਤਾਵਾਸ ਦੇ ਖੇਤਰੀ ਸੁਰੱਖਿਆ ਦਫ਼ਤਰ ਨੇ ਅਗਲੇ ਹੁਕਮਾਂ ਤੱਕ ਅਮਰੀਕੀ ਕਰਮਚਾਰੀਆਂ ਦੇ ਫੈਜ਼ਲ ਮਸਜਿਦ ਦੇ ਖੇਤਰ ਵਿੱਚ ਦਾਖਲ ਹੋਣ 'ਤੇ ਪਾਬੰਦੀ ਲਗਾ ਦਿੱਤੀ ਹੈ।ਅਮਰੀਕੀ ਦੂਤਾਵਾਸ ਨੇ ਵੀ ਲੋਕਾਂ ਨੂੰ ਆਪਣੀ ਸਲਾਹ ਵਿੱਚ ਸਾਵਧਾਨ ਰਹਿਣ ਦੀ ਅਪੀਲ ਕੀਤੀ ਹੈ। ਇਹ ਅਪੀਲ ਕਰਦਾ ਹੈ ਕਿ ਫੈਜ਼ਲ



ਮਸਜਿਦ ਦੇ ਖੇਤਰ ਵਿੱਚ ਜਾਣ ਤੋਂ ਬਚੋ, ਵੱਡੇ ਇਕੱਠਾਂ ਜਾਂ ਪ੍ਰਦਰਸ਼ਨਾਂ ਤੋਂ ਬਚੋ, ਨਿੱਜੀ ਸੁਰੱਖਿਆ ਵੱਲ ਧਿਆਨ ਦਿਓ, ਜਨਤਕ ਖੇਤਰਾਂ ਵਿੱਚ ਸੁਚੇਤ ਰਹੋ, ਜੇ ਤੁਸੀਂ ਅਸੁਰੱਖਿਅਤ ਮਹਿਸੂਸ ਕਰਦੇ ਹੋ ਤਾਂ ਤੁਰੰਤ ਕੋਈ ਵੀ ਖੇਤਰ ਛੱਡ ਦਿਓ, ਸਥਾਨਕ ਮੀਡੀਆ ਰਾਹੀਂ ਅਪਡੇਟ ਰਹੋ, ਆਲੇ ਦੁਆਲੇ ਦੇ ਵਾਤਾਵਰਣ ਤੋਂ ਜਾਣੂ ਰਹੋ, ਆਪਣਾ ਪਛਾਣ ਪੱਤਰ ਹਰ ਸਮੇਂ ਆਪਣੇ ਕੋਲ ਰੱਖੋ ਤੇ ਸਥਾਨਕ ਅਧਿਕਾਰੀਆਂ ਨਾਲ ਸਹਿਯੋਗ ਕਰੋ। ਹਾਲਾਂਕਿ, ਇਸਲਾਮਾਬਾਦ ਪੁਲਿਸ ਅਤੇ ਪਾਕਿਸਤਾਨ ਦੇ ਗ੍ਰਹਿ ਮੰਤਰਾਲੇ ਨੇ ਅਜੇ ਤੱਕ ਅਮਰੀਕੀ ਦੂਤਾਵਾਸ ਦੀ ਸੁਰੱਖਿਆ ਸਲਾਹ 'ਤੇ ਕੋਈ ਟਿੱਪਣੀ ਨਹੀਂ ਕੀਤੀ ਹੈ।

**ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਕੀ ਹੈ ?**

ਬੈਤੁੱਲਾ ਮਹਿਸੂਦ ਨੇ 2007 ਵਿੱਚ ਵੱਖ-ਵੱਖ ਇਸਲਾਮੀ ਹਥਿਆਰਬੰਦ ਅੱਤਵਾਦੀ ਸਮੂਹਾਂ ਦੇ ਇੱਕ ਸੰਗਠਨ ਦੀ ਸਥਾਪਨਾ ਕੀਤੀ, ਜਿਸਦਾ ਨਾਮ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਰੱਖਿਆ ਗਿਆ। ਟੀਟੀਪੀ ਸੰਗਠਨ ਅਫਗਾਨ ਤਾਲਿਬਾਨ ਦੀ ਇੱਕ ਸ਼ਾਖਾ ਹੈ ਅਤੇ ਇਸਦੀ ਵਿਚਾਰਧਾਰਾ ਵੀ ਇਸੇ ਤਰ੍ਹਾਂ ਦੀ ਹੈ।

## ਹੋਲਾ-ਮਹੱਲਾ ਮੌਕੇ 4000 ਸੁਰੱਖਿਆ ਕਰਮਚਾਰੀ ਸਮੁੱਚੇ ਮੇਲਾ ਖੇਤਰ ਵਿੱਚ 24 ਘੰਟੇ ਤਾਇਨਾਤ ਰਹਿਣਗੇ

**ਸ੍ਰੀ ਅਨੰਦਪੁਰ ਸਾਹਿਬ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹੋਲਾ-ਮਹੱਲਾ ਮੌਕੇ ਜਾਣ ਵਾਲੇ ਸ਼ਰਧਾਲੂਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ।ਹਰਚਰਨ ਸਿੰਘ ਭੁੱਲਰ ਡੀ. ਆਈ. ਜੀ. ਰੂਪਨਗਰ ਰੇਂਜ ਨੇ ਦੱਸਿਆ ਕਿ ਹੋਲਾ-ਮਹੱਲਾ ਮੌਕੇ 4000 ਸੁਰੱਖਿਆ ਕਰਮਚਾਰੀ ਸਮੁੱਚੇ ਮੇਲਾ ਖੇਤਰ ਵਿੱਚ 24/7 ਤਾਇਨਾਤ ਰਹਿਣਗੇ, ਜਿਨ੍ਹਾਂ ਦੀ ਸੁਪਰਵੀਜਨ 50 ਪੁਲਸ ਦੇ ਗਜ਼ਿਟਡ ਅਫ਼ਸਰ ਕਰਨਗੇ।ਮੇਲਾ ਖੇਤਰ ਨੂੰ 11 ਸੈਕਟਰਾਂ ਵਿਚ ਵੰਡਿਆ ਗਿਆ ਹੈ, 21 ਵਾਹਨ ਪਾਰਕਿੰਗ ਬਣਾਏ ਗਏ ਹਨ, ਹਰ ਪਾਰਕਿੰਗ ਤੋਂ ਸ਼ਟਲ ਬੱਸ ਸਰਵਿਸ



ਚਲਾਈ ਜਾਵੇਗੀ। ਬੀਤੇ ਦਿਨ ਪੁਲਸ ਥਾਣਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਪ੍ਰੈਸ ਕਾਨਫ਼ਰੰਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਰਚਰਨ ਸਿੰਘ ਭੁੱਲਰ ਡੀ. ਆਈ. ਜੀ. ਰੂਪਨਗਰ ਰੇਂਜ ਨੇ ਦੱਸਿਆ ਕਿ ਹੋਲਾ-ਮਹੱਲਾ ਤੋਂ ਪਹਿਲਾਂ ਪੁਲਸ ਵਿਭਾਗ ਨੂੰ ਹੋਰ ਚੁਸਤ ਦਰੁਸਤ ਅਤੇ ਸ਼ਰਧਾਲੂਆਂ ਨਾਲ ਮਿਲਾਪੜਾ ਸਬੰਧ ਰੱਖਣ ਲਈ ਵਿਸੇਸ਼ ਸਿਖਲਾਈ ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਮੇਲਾ ਖੇਤਰ ਵਿੱਚ ਰੂਟ ਡਾਈਵਰਟ ਕਰਕੇ ਟ੍ਰੈਫਿਕ ਦੀ ਸੁਚਾਰੂ ਵਿਵਸਥਾ ਕੀਤੀ ਜਾ ਰਹੀ ਹੈ। ਸਾਰੀਆਂ 21 ਪਾਰਕਿੰਗਾਂ ਤੋਂ ਸਟਲ ਬੱਸ ਸਰਵਿਸ ਚੱਲੇਗੀ, ਜੋ ਸ਼ਰਧਾਲੂਆਂ ਦੀ ਗੁਰਧਾਮਾਂ ਦੇ ਦਰਸ਼ਨ ਕਰਵਾ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਏਗੀ। ਉਨ੍ਹਾਂ ਨੇ ਹੋਰ ਦੱਸਿਆ ਕਿ ਮੇਲਾ ਖੇਤਰ ਦੇ ਵਿੱਚ ਸੀ. ਸੀ. ਟੀ. ਵੀ. ਕੈਮਰੇ ਲਗਾਏ ਜਾ ਰਹੇ ਹਨ, ਵਾਚ ਵਾਟਰ ਅਤੇ ਸੁਰੱਖਿਆ ਕਰਮਚਾਰੀ ਤਾਇਨਾਤ ਹੋਣਗੇ, ਜੋ ਸਮੁੱਚੇ ਮੇਲਾ ਖੇਤਰ 'ਤੇ ਨਜ਼ਰ ਰੱਖਣਗੇ। ਉਨ੍ਹਾਂ ਨੇ ਕਿਹਾ ਕਿ ਕਾਨੂੰਨ ਅਤੇ ਵਿਵਸਥਾ ਦੀਆਂ ਮੀਟਿੰਗਾਂ ਲਗਾਤਾਰ ਕੀਤੀਆ ਜਾ ਰਹੀਆਂ ਹਨ।ਇਸ ਮੌਕੇ ਐੱਸ. ਐੱਸ. ਪੀ. ਗੁਲਨੀਤ ਸਿੰਘ ਖੁਰਾਣਾ, ਐੱਸ. ਪੀ. ਰਾਜਪਾਲ ਸਿੰਘ ਹੁੰਦਲ, ਐੱਸਪੀ ਨਵਨੀਤ ਸਿੰਘ ਮਾਹਲ, ਰੁਪਿੰਦਰ ਕੌਰ ਸਰਾਂ ਐੱਸ. ਪੀ, ਜਸਪ੍ਰੀਤ ਸਿੰਘ ਐੱਸ. ਡੀ. ਐੱਮ. ਕਮ ਮੇਲਾ ਅਫ਼ਸਰ, ਅਜੇ ਸਿੰਘ ਡੀ. ਐੱਸ. ਪੀ, ਕੁਲਬੀਰ ਸਿੰਘ ਸੰਧੂ ਡੀ. ਐੱਸ. ਪੀ. ਨੰਗਲ, ਰਾਜਪਾਲ ਗਿੱਲ ਡੀ. ਐੱਸ. ਪੀ. ਰੂਪਨਗਰ, ਮਨਜੀਤ ਸਿੰਘ ਓਲਖ ਡੀ. ਐੱਸ. ਪੀ. ਚਮਕੌਰ ਸਾਹਿਬ, ਮੋਹਿਤ ਸਿੰਗਲਾ ਡੀ. ਐੱਸ. ਪੀ. ਹੈਡ ਕੁਆਰਟਰ, ਜ਼ਸਨ ਸਿੰਘ ਗਿੱਲ ਡੀ. ਐੱਸ. ਪੀ. ਸੀ. ਏ. ਡਬਲਿਊ, ਜੈਸਮੀਨ ਕੌਰ ਡੀ. ਐੱਸ. ਪੀ, ਚੌਂਕੀ ਇੰਚਾਰਜ ਸਬ ਇੰਸਪੈਕਟਰ ਗੁਰਮੁਖ ਸਿੰਘ ਵੀ ਹਾਜ਼ਰ ਸਨ।

# AWAZE QAUM TOUR & TRAVEL UK & SINGH TRAVEL CANADA JATHA

# YATRA NANKANA SAHIB

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS











### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

## RAGHBIR SINGH

Tel: +44 7976 210161


### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

**ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ**

# ਸਲਾਨਾ ਗੁਰਮਤਿ ਸਮਾਗਮ

# 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

## ਮਹਾਨ ਨਗਰ ਕੀਰਤਨ

ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

## ਅਨੰਦ ਕਾਰਜ ਅਤੇ ਗੁਰਮਤਿ ਸਮਾਗਮ

ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ

LIVE ON
Akaal
CHARDIKLA TIME TV
Ms. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953



ਬੇਨਤੀ ਕਰਤਾ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ**

ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




# ਅੱਜ ਦੇਸ਼ ਅਤੇ ਪੰਜਾਬ ਦਾ ਮਾਣ ਵਧਾਉਣ ਵਾਲੇ ਮਾਣਮੱਤੇ ਖਿਡਾਰੀ ਭਾਰਤੀ ਕ੍ਰਿਕੇਟ ਟੀਮ ਦੇ ਉੱਪ ਕਪਤਾਨ ਸ਼ੁਭਮਨ ਗਿੱਲ ਅਤੇ ਤੇਜ਼ ਗੇਂਦਬਾਜ ਅਰਸ਼ਦੀਪ ਸਿੰਘ ਪਰਿਵਾਰ ਸਮੇਤ ਮਿਲਣ ਆਏ। ਮਿਲ ਕੇ ਬਹੁਤ ਚੰਗਾ ਲੱਗਿਆ : ਭਗਵੰਤ ਸਿੰਘ ਮਾਨ





ਆਵਾਜ਼ਿ ਕੌਮ AWAZE QAUM International Newspaper & WEB TV







ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018




ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



## ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

### ਅਮਰੀਕਾ ਦੇ ਵਾਈਟ ਹਾਊਸ ਦੇ ਬਾਹਰ

# ਸਿੱਖਾਂ ਵਲੋਂ ਮੋਦੀ ਵਿਰੁੱਧ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ









**ਨਵੀਂ ਦਿੱਲੀ 14 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਵਰਲਡ ਸਿੱਖ ਪਾਰਲੀਮੈਂਟ ਨੇ ਹੋਰ ਸਿੱਖ ਸੰਗਠਨਾਂ ਦੇ ਸਹਿਯੋਗ ਨਾਲ ਵਾਈਟ ਹਾਊਸ ਦੇ ਬਾਹਰ ਇੱਕ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕੀਤਾ। "ਮੋਦੀ ਵਿਰੋਧੀ ਰੈਲੀ" ਜਿਸ ਦੀ ਅਗਵਾਈ ਭਾਈ ਹਿੰਮਤ ਸਿੰਘ ਨੇ ਕੀਤੀ ਅਤੇ ਇਸਦਾ ਉਦੇਸ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸ਼ਾਸਨ ਅਧੀਨ ਭਾਰਤ ਵਿੱਚ ਸਿੱਖਾਂ ਵਿਰੁੱਧ ਕਥਿਤ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਪ੍ਰਦਰਸ਼ਨਕਾਰੀਆਂ ਨੇ "ਸਿੱਖ ਸੁਰੱਖਿਅਤ ਨਹੀਂ ਹਨ" ਅਤੇ "ਆਪਣੀ ਆਵਾਜ਼ ਬੁਲੰਦ ਕਰੋ, ਅਨਿਆਂ ਵਿਰੁੱਧ ਖੜ੍ਹੇ ਹੋਵੋ" ਲਿਖੇ ਬੈਨਰ ਫੜੇ ਹੋਏ ਸਨ। ਇਹ ਰੈਲੀ ਸਿੱਖਾਂ ਅਤੇ ਹੋਰ ਘੱਟ ਗਿਣਤੀਆਂ ਵਿਰੁੱਧ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਵਿੱਚ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕਥਿਤ ਭੂਮਿਕਾ ਦੀ ਨਿੰਦਾ ਕਰਨ ਲਈ ਆਯੋਜਿਤ ਕੀਤੀ ਗਈ ਸੀ। ਪ੍ਰਦਰਸ਼ਨਕਾਰੀਆਂ ਨੇ ਮੋਦੀ 'ਤੇ ਭਾਈ ਅਵਤਾਰ ਸਿੰਘ ਖੰਡਾ ਅਤੇ ਹਰਦੀਪ ਸਿੰਘ ਨਿੱਝਰ ਵਰਗੇ ਸਿੱਖ ਕਾਰਕੁਨਾਂ ਦੀਆਂ ਹੱਤਿਆਵਾਂ ਲਈ ਜ਼ਿੰਮੇਵਾਰ ਹੋਣ ਦਾ ਦੋਸ਼ ਲਗਾਇਆ। ਡਬਲਯੂ.ਐਸ.ਪੀ. ਨੇ ਸੰਯੁਕਤ ਰਾਜ ਅਮਰੀਕਾ ਵਿੱਚ ਸਿੱਖ ਕਾਰਕੁਨਾਂ 'ਤੇ ਕਥਿਤ ਕਤਲੇਆਮ ਦੇ ਯਤਨਾਂ ਨੂੰ ਵੀ ਉਜਾਗਰ ਕੀਤਾ, ਅੰਤਰਰਾਸ਼ਟਰੀ ਜਵਾਬਦੇਹੀ ਦੀ ਮੰਗ ਕੀਤੀ। ਇਸ ਤੋਂ ਇਲਾਵਾ, ਸੰਗਠਨ ਨੇ ਇੱਕ ਫੌਜੀ ਜਹਾਜ਼ ਵਿੱਚ ਸਵਾਰ ਵਿਅਕਤੀਆਂ ਨੂੰ ਹੱਥਕੜੀਆਂ ਲਗਾ ਕੇ ਅਮਰੀਕਾ ਤੋਂ ਭਾਰਤ ਭੇਜਣ ਦੀ ਸਖ਼ਤ ਨਿੰਦਾ ਕੀਤੀ, ਇਸਨੂੰ ਬੁਨਿਆਦੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੱਸਿਆ। ਇਸ ਰੈਲੀ ਵਿਚ ਪ੍ਰਮੁੱਖ ਸਿੱਖ ਆਗੂਆਂ ਨੇ ਭਾਸ਼ਣ ਦਿੱਤਾ ਤੇ ਇਨਸਾਫ਼ ਦੀ ਮੰਗ ਕੀਤੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਦਖਲ ਦੇਣ ਦੀ ਅਪੀਲ ਕੀਤੀ। ਪ੍ਰਦਰਸ਼ਨਕਾਰੀਆਂ ਨੇ ਮੋਦੀ ਦੀਆਂ ਨੀਤੀਆਂ ਦੀ ਨਿੰਦਾ ਕਰਦੇ ਹੋਏ ਅਤੇ ਸਿੱਖ ਅਧਿਕਾਰਾਂ ਦੀ ਰੱਖਿਆ ਲਈ ਵਿਸ਼ਵਵਿਆਪੀ ਕਾਰਵਾਈ ਦੀ ਮੰਗ ਕਰਦੇ ਹੋਏ ਬੈਨਰ ਅਤੇ ਖਾਲਿਸਤਾਨ ਦੇ ਬੈਨਰ ਅਤੇ ਝੰਡੇ ਫੜੇ ਹੋਏ ਸਨ। ਇਹ ਵਿਰੋਧ ਪ੍ਰਦਰਸ਼ਨ ਭਾਰਤ ਵਿੱਚ ਕਥਿਤ ਬੇਇਨਸਾਫ਼ੀਆਂ ਅਤੇ ਮਨੁੱਖੀ ਅਧਿਕਾਰਾਂ ਦੇ ਘਾਣ ਵੱਲ ਧਿਆਨ ਦਿਵਾਉਣ ਲਈ ਸਿੱਖ ਡਾਇਸਪੋਰਾ ਦੁਆਰਾ ਚੱਲ ਰਹੇ ਇਨਸਾਫ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਪਲ ਨੂੰ ਦਰਸਾਉਂਦਾ ਹੈ। ਡਬਲਯੂ.ਐਸ.ਪੀ. ਨੇ ਇਨਸਾਫ਼ ਲਈ ਲੜਨ ਅਤੇ ਇਹ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਕਿ ਵਿਸ਼ਵ ਪੱਧਰ 'ਤੇ ਸਿੱਖ ਆਵਾਜ਼ਾਂ ਸੁਣੀਆਂ ਜਾਣ।

**ਮੋਦੀ ਪ੍ਰਸ਼ਾਸਨ ਵਲੋਂ ਸਿੱਖਾਂ ਵਿਰੁੱਧ ਕਥਿਤ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ ਸੰਸਾਰ ਪੱਧਰ ਤੇ ਜਾਗਰੂਕਤਾ ਪੈਦਾ ਕਰਨਾ**

### ਪ੍ਰੋਫੈਸਰ ਤਰਸੇਮ ਨਰੂਲਾ ਜੀ ਦਾ ਰੂਬਰੂ ਤੇ ਸਨਮਾਨ 16 ਫਰਵਰੀ ਨੂੰ

# 'ਮੁਹੱਬਤਾਂ ਸਾਂਝੇ ਪੰਜਾਬ ਦੀਆਂ" ਪੁਸਤਕ ਲੋਕ ਅਰਪਣ ਤੇ ਹੋਵੇਗਾ ਕਵੀ ਦਰਬਾਰ






ਬਠਿੰਡਾ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)– ਸਾਹਿਤ ਜਾਗ੍ਰਿਤੀ ਸਭਾ ਬਠਿੰਡਾ ਵੱਲੋਂ ਉੱਘੇ ਸਾਹਿਤਕਾਰ ਤੇ ਨਾਮਵਰ ਸਿਖਿਆ ਸ਼ਾਸ਼ਤਰੀ ਪ੍ਰੋਫੈਸਰ ਤਰਸੇਮ ਨਰੂਲਾ ਜੀ ਦਾ ਰੂਬਰੂ ਅਤੇ ਸਨਮਾਨ ਸਮਾਰੋਹ 16 ਫਰਵਰੀ ਨੂੰ ਸਵੇਰੇ 10:30 ਵਜੇ, ਟੀਚਰਜ਼ ਹੋਮ ਬਠਿੰਡਾ ਵਿਖੇ ਕਰਵਾਇਆ ਜਾ ਰਿਹਾ ਹੈ। ਪ੍ਰੋਫੈਸਰ ਤਰਸੇਮ / ਨਰੂਲਾ ਜੀ ਨੇ ਕਵਿਤਾ, ਗ਼ਜ਼ਲਾਂ ਅਤੇ ਬਾਲ ਸਾਹਿਤ ਦੀਆਂ 14 ਕਿਤਾਬਾਂ ਪਾਠਕਾਂ ਦੀ ਝੋਲੀ ਪਾਈਆਂ ਹਨ। ਉਹਨਾਂ ਇਕ ਸੁਹਿਰਦ ਅਧਿਆਪਕ ਵਜੋਂ ਵੀ ਵਿਦਿਆ ਦੇ ਖੇਤਰ ਵਿਚ ਵੱਡਾ ਯੋਗਦਾਨ ਪਾਇਆ ਹੈ। ਸ਼੍ਰੀ ਰਾਜੀਵ ਅਰੋੜਾ, ਡਾਇਰੈਕਟਰ ਮੀਡੀਆ ਪਲਾਨਿੰਗ, ਗੁਰੂ ਕਾਸ਼ੀ ਯੂਨੀਵਰਸਟੀ ਤਲਵੰਡੀ ਸਾਬੋ, ਦੀ ਪ੍ਰਧਾਨਗੀ 'ਚ ਹੋਣ ਜਾ ਰਹੇ ਇਸ ਸਮਾਗਮ ਵਿੱਚ 'ਮੁਖ ਮਹਿਮਾਨ' ਗੁਰਪ੍ਰੀਤ ਸਿੰਘ ਮਲੂਕਾ, ਚੇਅਰਮੈਨ ਮਾਲਵਾ ਵੈਲਫੇਅਰ ਟਰੱਸਟ ਪੰਜਾਬ, 'ਵਿਸ਼ੇਸ਼ ਮਹਿਮਾਨ' ਇੰਜ. ਹਰਪਾਲ ਸਿੰਘ ਖੁਰਮੀ ਪ੍ਰਧਾਨ, ਸੀਨੀਅਰ ਸਿਟੀਜ਼ਨ ਕੌਂਸਲ ਬਠਿੰਡਾ ਅਤੇ ਉੱਘੇ ਗ਼ਜ਼ਲਗੋ ਜਨਕ ਰਾਜ ਜਨਕ ਹੋਣਗੇ। ਸਮਾਗਮ ਵਿੱਚ ਸ਼੍ਰੀ ਕੀਰਤੀ ਕਿਰਪਾਲ, ਜ਼ਿਲ੍ਹਾ ਭਾਸ਼ਾ ਅਫ਼ਸਰ ਅਤੇ ਜਸਪਾਲ ਜੱਸੀ ਲੈਕਚਰਾਰ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕਰਨਗੇ। ਇਸ ਮੌਕੇ 'ਮੁਹੱਬਤਾਂ ਸਾਂਝੇ ਪੰਜਾਬ ਦੀਆਂ' ਕਾਵਿ ਪੁਸਤਕ ਵੀ ਲੋਕ ਅਰਪਣ ਕੀਤੀ ਜਾਵੇਗੀ। ਪ੍ਰਵਾਸੀ ਸਾਹਿਤਕਾਰ ਬਲਿਹਾਰ ਲੇਹਲ ਅਤੇ ਅਮਨਬੀਰ ਸਿੰਘ ਧਾਮੀ ਦੇ ਵਿਸ਼ੇਸ਼ ਉੱਦਮ ਸਦਕਾ ਰਮਨਦੀਪ ਕੌਰ ਰੰਮੀ ਵੱਲੋਂ ਸੰਪਾਦਿਤ ਇਹ ਪੁਸਤਕ ਚੜ੍ਹਦੇ ਤੇ ਲਹਿੰਦੇ ਪੰਜਾਬ ਦੀ ਕਾਵਿ-ਸ਼ੈਲੀ ਦਾ ਸੁਮੇਲ ਹੈ। ਪੁਸਤਕ ਲੋਕ ਅਰਪਣ ਉਪਰੰਤ ਹਾਜ਼ਰ ਕਵੀਆਂ ਦਾ ਸੰਖੇਪ ਕਵੀ ਦਰਬਾਰ ਹੋਵੇਗਾ। ਇਹ ਜਾਣਕਾਰੀ ਸਭਾ ਦੇ ਪ੍ਰਧਾਨ ਅਮਰਜੀਤ ਸਿੰਘ ਜੀਤ ਅਤੇ ਸਕੱਤਰ ਜਨਰਲ ਐਡਵੋਕੇਟ ਗੁਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਦਿੰਦਿਆਂ ਦੱਸਿਆ ਕਿ ਰਾਜਬੀਰ ਕੌਰ, ਮਨਜੀਤ ਸਿੰਘ ਜੀਤ, ਦਿਲਜੀਤ ਬੰਗੀ, ਤਰਸੇਮ ਬੁੱਟਰ, ਇਕਬਾਲ ਪੀਟੀ, ਹਰਦਰਸ਼ਨ ਸਿੰਘ ਸੋਹਲ, ਜਗਦੀਸ਼ ਰਾਏ ਬਾਂਸਲ, ਅਵਤਾਰ ਬਾਹੀਆ, ਗੁਰਸੇਵਕ ਚੁੱਘੇ ਖੁਰਦ, ਰਮੇਸ਼ ਸੇਠੀ ਬਾਦਲ, ਆਰ.ਐਸ. ਚੌਹਾਨ, ਸੁਰਿੰਦਰ ਦਮਦਮੀ, ਪ੍ਰਿੰਸੀਪਲ ਜਸਵੀਰ ਢਿੱਲੋਂ, ਰੂਪ ਚੰਦ ਸ਼ਰਮਾ, ਜੇਸੀ ਢਿੱਲੋਂ, ਗੁਰਪ੍ਰੀਤ ਸਿੰਘ ਗਰੇਵਾਲ ਅਤੇ ਪੋਰਿੰਦਰ ਸਿੰਗਲਾ ਆਦਿ ਮੈਂਬਰਾਂ ਦਾ ਵਿਸੇਸ਼ ਸਹਿਯੋਗ ਹੋਵੇਗਾ।

# ਸਰਦਾਰ ਜਗਜੀਤ ਸਿੰਘ ਜੀ ਡੱਲੇਵਾਲ ਨੂੰ ਗਹਿਰਾ ਸਦਮਾ, ਹੋਣਹਾਰ ਪੋਤਰੀ ਸਵਰਗਵਾਸ





**ਪਟਿਆਲਾ, 14 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਰਦਾਰ ਜਗਜੀਤ ਸਿੰਘ ਜੀ ਡੱਲੇਵਾਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਡੱਲੇਵਾਲ ਸਾਹਬ ਦੀ ਹੋਣਹਾਰ ਪੋਤਰੀ ਰਾਜਨਦੀਪ ਕੌਰ, ਜੋ ਗੁੜਗਾਓਂ ਵਿਖੇ ਮੈਡੀਕਲ ਦੀ ਪੜ੍ਹਾਈ ਕਰ ਰਹੀ ਸੀ। ਪਿਛਲੇ ਕੁਝ ਦਿਨਾਂ ਤੋਂ ਸਿਹਤ ਠੀਕ ਨਾਂ ਹੋਣ ਕਾਰਨ ਹਸਪਤਾਲ ਵਿਚ ਦਾਖਲ ਸਨ। ਕਲ੍ਹ ਸ਼ਾਮ ਨੂੰ ਅਕਾਲ ਚਲਾਣਾ ਕਰ ਗਏ। ਪੂਰੇ ਪਰਿਵਾਰ ਸਕੇ ਸਬੰਧੀਆਂ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪੈ ਗਿਆ ਹੈ। ਡੱਲੇਵਾਲ ਸਾਹਬ ਲਈ ਇਹ ਦੁੱਖ ਉਦੋਂ ਹੋਰ ਵੀ ਵੱਡਾ ਹੋ ਗਿਆ ਜਦੋਂ ਪ੍ਰਧਾਨ ਜੀ ਆਵਦੀਆਂ ਜ਼ਿੰਮੇਵਾਰੀਆਂ ਨੂੰ ਸਮਜਦੇ ਹੋਏ ਬੱਚੀ ਦੇ ਅੰਤਮ ਸੰਸਕਾਰ ਉੱਪਰ ਨਹੀਂ ਪਹੁੰਚ ਸਕੇ। ਵਾਹਿਗੁਰੂ ਵਿਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿਚ ਯੋਗ ਅਸਥਾਨ ਬਖਸ਼ਣ। ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



ਅਦਾਰਾ 'ਆਵਾਜ਼ਿ ਕੌਮ' ਦੇ ਐਡੀਟਰ ਇਨ ਚੀਫ਼ ਭਾਈ ਰਘਵੀਰ ਸਿੰਘ ਵਾਲਸਾਲ ਨੇ ਇਸ ਮੌਕੇ ਸ. ਜਗਜੀਤ ਸਿੰਘ ਡੱਲੇਵਾਲ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ। ਭਾਈ ਰਘਵੀਰ ਸਿੰਘ ਵਾਲਸਾਲ ਨੇ ਕਿਹਾ ਕਿ ਇਸ ਸਮੇਂ ਜਦੋਂਕਿ ਸ. ਜਗਜੀਤ ਸਿੰਘ ਡੱਲੇਵਾਲ ਜੀ ਖ਼ੁਦ ਲੰਬੀ ਭੁੱਖ ਹੜਤਾਲ 'ਤੇ ਹਨ ਅਤੇ ਉਨ੍ਹਾਂ ਦੀ ਜਿਸਮਾਨੀ ਹਾਲਤ ਵੀ ਠੀਕ ਨਹੀਂ ਹੈ, ਇਸ ਸਮੇਂ ਇਹ ਸਦਮਾ ਅਸਹਿ ਹੈ।

# ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਾਰ ਵਲੋਂ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਨਾਲ ਦੁੱਖ ਸਾਂਝਾ ਕੀਤਾ



**ਚੌਕ ਮਹਿਤਾ, 14 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦਿੱਨੀ ਅਦਾਰਾ ਅਜੀਤ ਦੇ ਕਸਬਾ ਮੱਤੇਵਾਲ ਤੋਂ ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਜਿਨ੍ਹਾਂ ਦੇ ਸਤਿਕਾਰ ਯੋਗ ਮਾਤਾ ਗੁਰਬਚਨ ਕੌਰ ਜੀ ਸਦੀਵੀ ਵਿਛੋੜਾ ਦਿੰਦੇ ਹੋਏ ਆਕਾਲ ਚਲਾਣਾ ਕਰ ਗਏ ਸਨ੍ਹ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਕਾਂਗਰਸੀ ਆਗੂ ਸ.ਭਗਵੰਤ ਸਿੰਘ ਸੱਚਰ (ਇੰਚਾਰਜ ਵਿਧਾਨ ਸਭਾ ਹਲਕਾ ਮਜੀਠਾ) ਉਨ੍ਹਾਂ ਦੇ ਗ੍ਰਹਿ ਪਿੰਡ ਮੱਤੇਵਾਲ ਵਿਖ਼ੇ ਪਹੁੰਚੇ ਇਸ ਮੌਕੇ ਊਨ੍ਹਾ ਨਾਲ ਮੌਜੂਦ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ ਅਤੇ ਹੋਰ ਆਗੂਆਂ ਵਲੋਂ ਦੁੱਖ ਸਾਂਝਾ ਕੀਤਾ ਅਤੇ ਵਾਹਿਗੁਰੂ ਜੀ ਚਰਨਾਂ ਵਿੱਚ ਅਰਦਾਸ ਕੀਤੀ ਵਿਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਿਸ ਕਰਨ ਅਤੇ ਨੂੰ ਭਾਣਾ ਮੰਨਣ ਦਾ ਬੱਲ ਬਖਸਿਸ ਕਰਨ।

# ਗਿਆਨੀ ਹਰਪ੍ਰੀਤ ਸਿੰਘ ਨੂੰ ਗਲਤ ਤਰੀਕੇ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਹਟਾਉਣਾ ਨਿੰਦਣਯੋਗ : ਖਾਲਸਾ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪਿਛਲੇ ਦਿਨੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹੋਈ ਅਤ੍ਰਿੰਗ ਕਮੇਟੀ ਦੀ ਮੀਟਿੰਗ ਦੇ ਵਿੱਚ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਜਿਸ ਢੰਗ ਨਾਲ ਸੇਵਾ ਮੁਕਤ ਕੀਤਾ ਗਿਆ ਹੈ। ਜਿਸ ਦੀ ਸਖ਼ਤ ਸਬਦਾ ਵਿੱਚ ਨਿਖੇਧੀ ਕਰਦਿਆਂ ਡਾ.ਭੀਮ ਰਾਓ ਅੰਬੇਡਕਰ ਏਕਤਾ ਮੰਚ ਪੰਜਾਬ ਦੇ ਚੇਅਰਮੈਨ ਸ ਜੋਗਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਕਾਲ ਤਖਤ ਸਾਹਿਬ ਨਾਲ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਟੱਕਰ ਲੈਣ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਸਾਰਾ ਕੁਝ ਬਾਦਲ ਪਰਿਵਾਰ ਦੇ ਕਹਿਣ ਤੇ ਹੋ ਰਿਹਾ ਹੈ ਜੋ ਸਰਾ ਸਰ ਗਲਤ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਵੀ ਪਿਛਲੇ ਦਿਨੀ ਇਹ ਕਿਹਾ ਸੀ ਕਿ ਜਥੇਦਾਰਾਂ ਦੀ ਜਾਂਚ ਕਰਨ ਦੇ ਆਦੇਸ਼ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਹੋਣੇ ਚਾਹੀਦੇ ਹਨ। ਲੇਕਿਨ ਸ਼੍ਰੋਮਣੀ ਕਮੇਟੀ ਇਸ ਤੇ ਤਿੰਨ ਮੈਂਬਰੀ ਕਮੇਟੀ ਬਣਾ ਕੇ ਗਲਤ ਢੰਗ ਨਾਲ ਜਾਂਚ ਕਰਵਾ ਰਹੀ ਹੈ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਨੂੰ ਸ਼੍ਰੋਮਣੀ ਕਮੇਟੀ ਨੇ ਨਾਂ ਮੰਨ ਕੇ ਅਕਾਲ ਤਖਤ ਸਾਹਿਬ ਨਾਲ ਟੱਕਰ ਲੈਣ ਦੀ ਕੋਸ਼ਿਸ਼ ਕੀਤੀ ਹੈ। ਅਤੇ ਸ਼੍ਰੋਮਣੀ ਕਮੇਟੀ ਅਕਾਲੀ ਦਲ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਜਿਸ ਨਾਲ ਕਿ ਅਕਾਲੀ ਦਲ ਨੂੰ ਹੋਰ ਢਾਹ ਲੱਗ ਰਹੀ ਹੈ।

**ਐਸ.ਡੀ.ਐਮ ਅਮਨਪ੍ਰੀਤ ਸਿੰਘ ਅਤੇ ਏ.ਆਈ.ਜੀ. ਰਿਚਾ ਅਗਨੀਹੋਤਰੀ ਨੇ ਕੀਤੀ ਇਨਾਮਾਂ ਦੀ ਵੰਡ**

# ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦਾ ਸਲਾਨਾ ਸਮਾਰੋਹ









ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਂਕ ਵਿਖੇ 10ਵਾਂ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ ।ਸਕੂਲ ਵੱਲੋਂ ਕਰਵਾਏ ਗਏ ਇਸ ਵਿਸ਼ਾਲ ਸਮਾਰੋਹ ਦੌਰਾਨ ਸ.ਅਮਨਪ੍ਰੀਤ ਸਿੰਘ ਪੀ.ਸੀ.ਐਸ. ਐਸ਼.ਡੀ.ਐਮ ਬਾਬਾ ਬਕਾਲਾ ਨੇ ਸਮਾਗਮ ਦੀ ਸ਼ੁਰੂਆਤ ਸ਼ਮਾਂ ਰੋਸ਼ਨ ਕਰਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ।ਡਾ.ਰਿਚਾ ਅਗਨੀਹੋਤਰੀ ਆਈ.ਪੀ.ਐਸ ਏ.ਆਈ.ਜੀ (ਕਰਾਈਮ ਅੰਮ੍ਰਿਤਸਰ ਜ਼ੋਨ) ਨੇ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ।ਸਕੂਲ ਦੇ ਚੈਅਰਮੈਨ ਸ.ਗੁਰਦੀਪ ਸਿੰਘ ਰੰਧਾਵਾ ਅਤੇ ਸਕੂਲ ਮੈਨੇਜਮੈਟ ਵੱਲੋਂ ਆਏ ਹੋਏ ਮੁੱਖ ਮਹਿਮਾਨ ਡਾ.ਰਿਚਾ ਅਗਨੀਹੋਤਰੀ ਆਈ.ਪੀ.ਐਸ ਏ.ਆਈ.ਜੀ ਕਰਾਈਮ ਅੰਮ੍ਰਿਤਸਰ ਜੋਨ ਅਤੇ ਸ.ਅਮਨਪ੍ਰੀਤ ਸਿੰਘ ਐਸ.ਡੀ.ਐਮ ਬਾਬਾ ਬਕਾਲਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਸਲਾਨਾ ਸਮਾਗਮ ਵਿਸ਼ੇਸ਼ ਥੀਮ " ਮੈਂ ਪੰਜਾਬ ਬੋਲਦਾ ਹਾਂ"ਤੇ ਅਧਾਰਿਤ ਸੀ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਪੰਜਾਬੀ ਸੱਭਿਆਚਾਰ ਤੇ ਅਧਾਰਿਤ ਖੂਬਸੂਰਤ ਆਈਟਮਾਂ ਪੇਸ਼ ਕੀਤੀਆਂ ਗਈਆਂ ।ਇਸ ਸਲਾਨਾ ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ ।ਵਿਦਿਆਰਥੀਆਂ ਅਤੇ ਮਾਪਿਆਂ ਦੇ ਚਿਹਰਿਆਂ ਉੱਪਰ ਖੁਸ਼ੀ ਦੀ ਲਹਿਰ ਦੇਖੀ ਗਈ ।ਅਧਿਆਪਕਾਂ ਦੀ ਹੌਸਲਾ ਅਫਜਾਈ ਨਾਲ ਬੱਚਿਆਂ ਨੇ ਆਪਣੀਆਂ ਆਈਟਮਾ ਨੂੰ ਸਟੇਜ ਤੇ ਬਾਖੂਬੀ ਨਿਭਾਇਆ ।ਸ.ਅਮਨਪ੍ਰੀਤ ਸਿੰਘ ਪੀ.ਸੀ.ਐਸ. ਐਸ.ਡੀ.ਐਮ ਬਾਬਾ ਬਕਾਲਾ ਦੁਆਰਾ ਸਕੂਲ ਵੱਲੋਂ ਲਏ ਥੀਮ "ਮੈਂ ਪੰਜਾਬ ਬੋਲਦਾ ਹਾਂ" ਦਾ ਵਿਸ਼ਲੇਸ਼ਣ ਕੀਤਾ ਗਿਆ ।ਇਸ ਤੋਂ ਇਲਾਵਾ ਡਾ.ਰਿਚਾ ਅਗਨੀਹੋਤਰੀ ਦੁਆਰਾ ਬੱਚਿਆਂ ਵੱਲੋਂ ਕੀਤੇ ਗਏ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕੀਤੀ ।ਉਹਨਾਂ ਨੇ ਸੰਬੋਧਨ ਕਰਦਿਆਂ ਬੱਚਿਆ ਨੂੰ ਆਪਣੀ ਜ਼ਿੰਦਗੀ ਵਿੱਚ ਲਏ ਗਏ ਸੁਪਨੇ ਪੂਰੇ ਕਰਨ ਲਈ ਸਖਤ ਮਿਹਨਤ ਕਰਨ ਲਈ ਪ੍ਰੇਰਿਆ। ਮੈਨੇਜਰ ਸ.ਹਰਸ਼ਦੀਪ ਸਿੰਘ ਰੰਧਾਵਾ ਨੇ ਸੰਬੋਧਨ ਕਰਦਿਆਂ ਆਏ ਹੋਏ ਮੁੱਖ ਮਹਿਮਾਨਾਂ ਨੂੰ "ਜੀ ਆਇਆਂ"ਆਖਿਆ ਅਤੇ ਸਮੂਹ ਮਾਪਿਆਂ ਦਾ ਧੰਨਵਾਦ ਕੀਤਾ ।ਇਸ ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਸ.ਕੁਲਬੀਰ ਸਿੰਘ ਮਾਨ,ਸ.ਕੁਲਵੰਤ ਸਿੰਘ,ਸ.ਸੁਰਜੀਤ ਸਿੰਘ ਕੰਗ,ਸ.ਅਵਤਾਰ ਸਿੰਘ ਬੁੱਟਰ,ਸ.ਤੇਜਬੀਰ ਸਿੰਘ ਸੋਹਲ,ਸ.ਬਲਕਾਰ ਸਿੰਘ,ਕੈਪਟਨ ਜੋਗਿੰਦਰ ਸਿੰਘ,ਸ.ਕਿਰਨਦੀਪ ਸਿੰਘ,ਸ.ਅਮਨਪਾਲ ਸਿੰਘ,ਸ.ਸੁਖਨਪਾਲ ਸਿੰਘ,ਮੈ.ਗੁਰਬੀਰ ਕੌਰ,ਮੈ.ਜਸਪ੍ਰੀਤ ਕੌਰ ਸੋਹਲ,ਮੈ.ਪਵਨਜੀਤ ਕੌਰ ਹਾਜ਼ਰ ਸਨ।

# ਤਖਤਾਂ ਤੋਂ ਹੁਕਮ ਜਾਰੀ ਹੁੰਦੇ ਹਨ-ਪੰਜੋਲੀ



ਸ਼ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਗਿਆਨੀ ਰਘਬੀਰ ਸਿੰਘ ਦੇ ਤਾਜਾ ਬਿਆਨ ਬਾਰੇ ਪ੍ਰਤੀਕਿਰਿਆ ਕਰਦਿਆਂ ਕਿਹਾ ਹੈ ਕਿ ਤਖਤਾਂ ਤੋਂ ਕਾਰਵਾਈ ਦੇ ਹੁਕਮ ਆਉਂਦੇ ਹੁੰਦੇ ਨੇ ਇਹੋ ਜਿਹੇ ਬਿਆਨ ਤਾਂ ਆਮ ਆਗੂਆਂ ਦਾ ਕੰਮ ਹੈ ਉਨਾ ਕਿਹਾ ਕਿ ਜਥੇਦਾਰ ਰਘਵੀਰ ਸਿੰਘ ਵਲੋ ਗਿਆਨੀ ਹਰਪ੍ਰੀਤ ਸਿੰਘ ਨੂੰ ਤਖਤ ਸ਼੍ਰੀ ਦਮਦਮਾ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋ ਲਾਹੁਣ ਨੂੰ ਗਿਆਨੀ ਰਘਬੀਰ ਸਿੰਘ ਨੇ ਜਲੀਲ ਕਰਨ ਵਾਲੀ ਕਾਰਵਾਈ ਕਿਹਾ ਹੈ ਪਰ ਜੇ ਜਥੇਦਾਰ ਅਕਾਲ ਤਖਤ ਸਾਹਿਬ ਆਪਦੇ ਸਾਥੀ ਜਥੇਦਾਰ ਨੂੰ ਜਲੀਲ ਹੁੰਦਾ ਦੇਖਕੇ ਸਿਰਫ ਬਿਆਨ ਦੇ ਕੇ ਖਾਨਾਪੂਰਤੀ ਕਰਨ ਤਾਂ ਇਹ ਹੋਰ ਵੀ ਮੰਦਭਾਗਾ ਹੈ ਕਿਉਂਕਿ ਵਕਤ ਦੀ ਲੋੜ ਅਕਾਲ ਤਖਤ ਸਾਹਿਬ ਤੋ ਉਨਾ ਅੰਤ੍ਰਿਗ ਕਮੇਟੀ ਮੈਂਬਰਾਂ ਖਿਲਾਫ ਕਾਰਵਾਈ ਕਰਨ ਦੀ ਹੈ। ਜਥੇਦਾਰ ਪੰਜੋਲੀ ਨੇ ਕਿਹਾ ਕਿ ਬਾਦਲ ਧੜੇ ਨੇ ਦੋ ਦਸੰਬਰ ਦੇ ਹੁਕਮ ਦੀ ਤੌਹੀਨ ਕਰਦਿਆਂ ਆਪਦੇ ਵਲੋਂ ਭਰਤੀ ਕਰਕੇ ਸ਼ਰੇਆਮ ਅਕਾਲ ਤਖਤ ਸਾਹਿਬ ਨੂੰ ਵੰਗਾਰਿਆ ਹੈ ਪਰ ਹੁਣ ਤੱਕ ਜਥੇਦਾਰ ਰਘਵੀਰ ਸਿੰਘ ਨੇ ਅਕਾਲੀ ਲੀਡਰਸ਼ਿਪ ਨੂੰ ਸੰਮਨ ਨਹੀ ਕੀਤਾ ਜਦਕਿ ਸਤ ਮੈਂਬਰੀ ਕਮੇਟੀ ਸ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਸ ਬਲਵਿੰਦਰ ਸਿੰਘ ਭੂੰਦੜ ਦੇ ਘਰ ਜਾਕੇ ਵਿਚਕਾਰਲਾ ਰਾਹ ਲਭਦੀ ਫਿਰਦੀ ਹੈ ਉਨਾ ਕਿਹਾ ਕਿ ਸਤ ਮੈਂਬਰੀ ਕਮੇਟੀ ਦਾ ਕੰਮ ਦੋ ਦਸੰਬਰ ਵਾਲੇ ਹੁਕਮ ਲਾਗੂ ਕਰਨਾ ਹੈ ਪਰ ਇਹ ਕਮੇਟੀ ਸ ਧਾਮੀ ਦੀ ਅਗਵਾਈ ਵਿਚ ਬਾਦਲ ਧੜੇ ਸਾਹਮਣੇ ਅਸਮਰੱਥ ਸਾਬਿਤ ਹੋ ਰਹੀ ਹੈ ਜਿਸ ਦੀ ਹਮਾਇਤ ਵਿਚ ਡਟਣਾ ਜਥੇਦਾਰ ਅਕਾਲ ਤਖਤ ਸਾਹਿਬ ਦੇ ਫਰਜ ਹੈ ਉਨਾ ਕਿਹਾ ਕਿ ਜਦ ਅਕਾਲ ਤਖਤ ਸਾਹਿਬ ਦੇ ਹੁਕਮ ਬਾਦਲ ਧੜਾ ਮੰਨਣ ਤੋਂ ਆਕੀ ਹੈ,ਜਦ ਸ਼ਰੋਮਣੀ ਕਮੇਟੀ ਜਥੇਦਾਰ ਹਰਪ੍ਰੀਤ ਸਿੰਘ ਨੂੰ ਬਰਖਾਸਤ ਕਰਨ ਮੌਕੇ ਜਥੇਦਾਰ ਰਘਵੀਰ ਸਿੰਘ ਦੀ ਕੋਈ ਪ੍ਰਵਾਹ ਨਹੀ ਕਰ ਰਹੀ,ਫ਼ੇਰ ਵੀ ਜਥੇਦਾਰ ਅਕਾਲ ਤਖਤ ਸਾਹਿਬ ਕਾਰਵਾਈ ਦੀ ਥਾਂ ਬਿਆਨ ਦੇਕੇ ਖਾਨਾਪੂਰਤੀ ਕਰਨ ਤਾਂ ਇਸ ਨਾਲੋਂ ਮਾੜਾ ਕੀ ਵਾਪਰ ਸਕਦਾ ਹੈ ? ਜਥੇਦਾਰ ਪੰਜੋਲੀ ਨੇ ਜਥੇਦਾਰ ਰਘਵੀਰ ਸਿੰਘ ਨੂੰ ਇਤਿਹਾਸ ਅਤੇ ਸਿਖ ਫਲਸਫੇ ਦੀ ਦੋਹਾਈ ਦਿੰਦਿਆ ਆਪਦੇ ਫਰਜ ਨਿਭਾਉਣ ਦਾ ਸੱਦਾ ਦਿੰਦਿਆਂ ਆਖਿਆ ਹੈ ਕਿ ਬਾਦਲ ਧੜੇ ਨੇ ਅਕਾਲੀ ਦਲ ਮਗਰੋ ਸ਼ਰੋਮਣੀ ਕਮੇਟੀ ਰੋਲ ਦਿਤੀ ਹੈ ਤੇ ਸਿਰਫ ਅਕਾਲ ਤਖਤ ਸਾਹਿਬ ਤੋ ਹੀ ਕੌਮ ਨੂੰ ਕੋਈ ਆਸ ਹੈ। ਉਨਾ ਆਸ ਪ੍ਰਗਟਾਈ ਕਿ ਜਥੇਦਾਰ ਰਘਵੀਰ ਜਲਦੀ ਹੀ ਕੋਈ ਕਾਰਵਾਈ ਕਰਨਗੇ।

## ਮੁੱਖ ਮੰਤਰੀ ਜੀ ਨੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਵਾਲਾ ਫਿਰ ਦਿੱਤਾ ਬਿਆਨ:-ਡਾ ਮੁਲਤਾਨੀ



**ਚੌਂਕ ਮਹਿਤਾ 14 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਮੁੱਖ ਮੰਤਰੀ ਜੀ ਡਾ ਵਿਜੇ ਸਿੰਗਲਾ ਦੀ ਰਿਸ਼ਵਤ ਦੇ ਸਬੂਤਾਂ ਬਾਰੇ ਤੁਸੀ ਕਿਹਾ ਸੀ ਕਿ ਤੁਹਾਡੀ ਜੇਬ ਵਿੱਚ ਹਨ ਜੋ ਤਕਰੀਬਨ ਤਿੰਨ ਸਾਲ ਬੀਤ ਜਾਣ ਤੋਂ ਬਾਅਦ ਵੀ ਤੁਸੀਂ ਬਾਹਰ ਨਹੀਂ ਕੱਢ ਰਹੇ। ਉੱਪਰੋਂ ਚੋਣਾਂ ਤੋਂ ਪਹਿਲਾਂ ਤੁਹਾਡੇ ਅਤੇ ਤੁਹਾਡੇ ਸੁਪਰੀਮੋ ਵਲੋਂ ਪੰਜਾਹ ਹਜ਼ਾਰ ਕਰੋੜ ਰਿਸ਼ਵਤ ਵਿੱਚੋਂ ਬਚਾ ਕੇ ਬਿਜਲੀ ਪਾਣੀ ਮੁਫ਼ਤ ਦੀ ਗਰੰਟੀ ਦਿੱਤੀ ਸੀ ਫਿਰ ਤੁਸੀਂ ਇਕ ਲੱਖ ਕਰੋੜ ਦਾ ਕਰਜ਼ਾ ਕਿਉਂ ਲਿਆ ? ਪਿਛਲੇ ਤਿੰਨ ਸਾਲਾਂ ਵਿੱਚ ਜੋ ਰਿਸ਼ਵਤ ਖਤਮ ਕਰਕੇ ਕਮਾਏ ਉਹ ਬਾਹਰ ਕੱਢੋ ਜਾਂ ਫਿਰ ਮੰਨ ਜਾਓ ਕਿ ਤੁਸੀਂ ਖਜ਼ਾਨੇ ਵਿੱਚ ਨਾ ਪਾ ਕੇ ਬਾਹਰੋਂ ਬਾਹਰ ਖਰਚ ਕਰ ਲਏ ।ਤੇ ਉਹ ਮੁੱਕਣ ਤੇ ਹੁਣ ਫਿਰ ਤੁਸੀਂ ਬਿਆਨਾਂ ਰਾਹੀਂ ਆਮ ਮੁਲਾਜ਼ਮਾਂ ਨੂੰ ਡਰਾਉਣ ਲਈ ਬਿਆਨ ਦੇ ਰਹੇ ਤਾਂ ਕਿ ਦਿੱਲੀ ਚੋਣਾਂ ਵਿੱਚ ਹੋਇਆ ਖਰਚਾ ਪੂਰਾ ਹੋ ਸਕੇ ਕਿਉਂਕਿ ਮੀਡੀਆ ਵਿੱਚ ਖ਼ਬਰਾਂ ਹਨ ਕਿ ਤੁਹਾਡੇ ਮੰਤਰੀਆਂ ਸੰਤਰੀਆਂ ਨੇ ਮੁਲਾਜ਼ਮਾਂ ਕੋਲੋਂ ਪੈਸੇ ਇਕੱਠੇ ਕੀਤੇ। ਮੁੱਖ ਮੰਤਰੀ ਜੀ ਤੁਹਾਡੇ ਬਿਆਨਾਂ ਤੇ ਮੁਲਾਜ਼ਮ ਫੁੱਲ ਚੜ੍ਹਾਉਂਦੇ ਜੇਕਰ ਤੁਸੀਂ ਚੋਣਾਂ ਤੋਂ ਪਹਿਲਾਂ ਵਾਲੇ ਵਾਅਦੇ ਪੂਰੇ ਕਰਦੇ ਅਤੇ ਚੋਣਾਂ ਜਿੱਤਣ ਤੋਂ ਬਾਅਦ ਫਕੈਲਸਾਂ ਤੇ ਝੂਠ ਨਾ ਲਿਖਦੇ ।ਹੁਣ ਤਾਂ ਆਮ ਲੋਕਾਂ ਅਤੇ ਮੁਲਾਜ਼ਮਾਂ ਦਾ ਯਕੀਨ ਬਣਾਉਣ ਲਈ ਪਹਿਲਾਂ ਅਪਣੇ ਝੂਠਾਂ ਦੀ ਮਾਫੀ ਮੰਗੋ ਅਤੇ ਸਾਰਿਆਂ ਦੇ ਸਾਹਮਣੇ ਦੱਸੋ ਕਿ ਤਿੰਨ ਸਾਲਾਂ ਵਿਚ ਰਿਸ਼ਵਤ ਬੰਦ ਕਿਉਂ ਨਹੀਂ ਹੋਈ ? ਚਲੋ ਸਾਰੇ ਪੰਜਾਬ ਨੂੰ ਛੱਡੋ ਜੋ ਮਾਈਨਿੰਗ ਅਤੇ ਨਾਜਾਇਜ਼ ਕਬਜ਼ਿਆਂ ਦਾ ਰੌਲਾ ਡੇਰਾ ਬਸੀ ਬਲਾਕ ਵਿੱਚ ਪਿਆ ਹੋਇਆ ਉਸ ਦੀ ਜਾਂਚ ਅਤੇ ਕਾਰਵਾਈ ਕਦੋਂ ਕਰੋਗੇ ? ਆਮ ਮੁਲਾਜ਼ਮ ਤਾਂ ਤੁਹਾਡੇ ਤੋਂ ਪਹਿਲਾਂ ਹੀ ਦੁਖੀ ਹਨ ਕਿਉਂਕਿ ਤੁਹਾਡੀ ਸਰਕਾਰ ਅਪਣੇ ਮੰਤਰੀਆਂ/ ਐਮ ਐਲ ਏਜ ਅਤੇ ਵੱਡੇ ਅਫਸਰਾਂ ਤੋਂ ਡਰਦੀ ਅਤੇ ਛੋਟਿਆਂ ਦੀ ਧੌਣ ਮਰੋੜੀ ਜਾਂਦੀ ।ਸ਼ਹੀਦ ਏ ਆਜਮ ਸ ਭਗਤ ਸਿੰਘ ਦੀਆਂ ਸਹੁੰਆਂ ਖਾਣ ਵਾਲੇ ਅਤੇ ਲਿਖ ਕੇ ਗਰੰਟੀਆਂ ਦੇਣ ਵਾਲਿਆਂ ਤੇ ਹੁਣ ਕੋਈ ਵਿਸ਼ਵਾਸ ਨਹੀਂ ਕਰ ਰਿਹਾ। ਪੰਜਾਬ ਵਸੇਗਾ ਕੰਮ ਦੇ ਨਾਲ। ਡਾ ਦਲੇਰ ਸਿੰਘ ਮੁਲਤਾਨੀ ਸਿਵਲ ਸਰਜਨ ( ਰਿਟਾ ) ਸਮਾਜ ਸੇਵੀ।

**ਬਣਨ ਵਾਲੇ ਖਾਲਸਾ ਰਾਜ ਵਿਚ ਮੰਨੂਸਮ੍ਰਿਤੀ ਦਾ ਪਾੜੋ ਤੇ ਰਾਜ ਕਰੋ ਦੀ ਨਫਰਤ ਭਰੀ ਸੋਚ ਲਈ ਕੋਈ ਸਥਾਨ ਨਹੀ ਹੋਵੇਗਾ**

# ਸਰਬੱਤ ਦੇ ਭਲੇ ਦੇ ਮਿਸ਼ਨ ਨੂੰ ਸਮਰਪਿਤ ਹੋਵੇਗਾ : ਮਾਨ

**ਨਵੀਂ ਦਿੱਲੀ, 14 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- "ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਖਾਲਸਾ ਰਾਜ ਦੀ ਕਾਇਮੀ ਲਈ ਕੀਤੇ ਜਾ ਰਹੇ ਕੌਮਾਂਤਰੀ ਕਾਨੂੰਨਾਂ ਅਧੀਨ ਸੰਘਰਸ ਉਪਰੰਤ ਹੋਂਦ ਵਿਚ ਆਉਣ ਵਾਲੇ ਰਾਜ ਭਾਗ ਬਿਨ੍ਹਾਂ ਕਿਸੇ ਭੇਦਭਾਵ ਦੇ ਸਮੁੱਚੀ ਮਨੁੱਖਤਾ ਦੀ ਬਰਾਬਰਤਾ ਦੇ ਆਧਾਰ ਤੇ ਅਜਿਹਾ ਖ਼ਾਲਸਾ ਰਾਜ ਕਾਇਮ ਕਰਨਾ ਹੈ ਜਿਸ ਵਿਚ ਸਭਨਾਂ ਨਿਵਾਸੀਆਂ ਨੂੰ ਬਰਾਬਰਤਾ ਦੇ ਹੱਕ ਅਧਿਕਾਰ ਪ੍ਰਦਾਨ ਹੋਣਗੇ ਅਤੇ ਇਹ ਖ਼ਾਲਸਾ ਰਾਜ ਮਾਨਸਿ ਕੀ ਜਾਤਿ ਸਭੈ ਏਕੋ ਪਹਿਚਾਨਬੋ ਵਾਲੀ ਸਰਬੱਤ ਦੇ ਭਲੇ ਵਾਲੀ ਸੋਚ ਤੇ ਹੋਵੇਗਾ ।ਕਿਸੇ ਵੀ ਨਾਗਰਿਕ, ਕੌਮ, ਧਰਮ, ਫਿਰਕੇ, ਕਬੀਲੇ ਵਿਚ ਕਿਸੇ ਤਰ੍ਹਾਂ ਦਾ ਵੀ ਕੋਈ ਵਿਤਕਰਾ, ਬੇਇਨਸਾਫ਼ੀ ਹੋਣ ਦੀ ਕੋਈ ਗੁਜਾਇਸ ਹੀ ਨਹੀ ਹੋਵੇਗੀ ।ਅਸਲੀਅਤ ਵਿਚ ਭਗਤ ਰਵੀਦਾਸ ਜੀ ਵੱਲੋ ਆਪਣੇ ਮੁਖਾਰਬਿੰਦ ਤੋਂ 'ਹਲੀਮੀ ਰਾਜ' ਸੰਬੰਧੀ ਦਿੱਤੀ ਗਈ ਅਗਵਾਈ ਦੀ ਦਿਸ਼ਾ ਨਿਰਦੇਸ ਵਿਚ ਹੀ ਕਾਇਮ ਹੋਵੇਗਾ । ਮੰਨੂਸਮ੍ਰਿਤੀ ਦੀ ਜੋ ਪੱਖਪਾਤੀ ਮੌਜੂਦਾ ਹੁਕਮਰਾਨਾਂ ਦੀ ਸੋਚ ਅਧੀਨ ਵੰਡੀਆ ਪਾ ਕੇ, ਨਫਰਤ ਪੈਦਾ ਕਰਕੇ ਪਾੜੋ ਅਤੇ ਰਾਜ ਕਰੋ ਦੀ ਸੋਚ ਅਧੀਨ ਹਕੂਮਤ ਚਲਾਈ ਜਾ ਰਹੀ ਹੈ, ਇਸਦਾ ਖਾਤਮਾ ਕਰਕੇ ਮਹਾਰਾਜਾ ਰਣਜੀਤ ਸਿੰਘ ਜੀ ਦੇ ਸਮੇ ਦੇ ਅਨੁਕੂਲ ਹੀ ਇਕ ਅੱਖ ਨਾਲ ਦੇਖਣ ਵਾਲਾ ਫ਼ਖ਼ਰ ਵਾਲਾ ਰਾਜ ਪ੍ਰਬੰਧ ਕਾਇਮ ਹੋਵੇਗਾ ।ਸਭਨਾਂ ਨੂੰ ਸਹੀ ਸਮੇ ਤੇ ਇਨਸਾਫ ਪ੍ਰਾਪਤ ਹੋਵੇਗਾ ।ਸਭਨਾਂ ਦੀ ਕੀਮਤੀ ਜਿੰਦਗੀ ਨੂੰ ਸੁਰੱਖਿਅਤ ਕਰਨਾ ਹਕੂਮਤ ਦੀ ਜਿੰਮੇਵਾਰੀ ਹੋਵੇਗੀ ।ਸਿਹਤ, ਵਿਦਿਆ, ਰੁਜਗਾਰ ਅਤੇ ਹੋਰ ਜਨਤਾ ਲਈ ਵਿਕਾਸ ਦੇ ਕੰਮਾਂ ਨੂੰ ਮੁੱਖ ਤੌਰ ਤੇ ਪਹਿਲ ਦਿੱਤੀ ਜਾਵੇਗੀ ।ਇਸ ਰਾਜ ਭਾਗ ਵਿਚ ਉਸੇ ਤਰ੍ਹਾਂ ਦੀ ਸੋਚ ਨੂੰ ਅਮਲੀ ਰੂਪ ਵਿਚ ਲਾਗੂ ਕੀਤਾ ਜਾਵੇਗਾ ਜਿਵੇ ਭਾਈ ਘਨੱਈਆ ਜੀ ਵੱਲੋ ਜਦੋ ਆਪਣੀ ਸੇਵਾ ਕਰਦੇ ਹੋਏ ਜੰਗ ਵਿਚ ਫੱਟੜਾਂ ਨੂੰ ਪਾਣੀ ਪਿਲਾਇਆ ਜਾ ਰਿਹਾ ਸੀ, ਤਾਂ ਉਨ੍ਹਾਂ ਵੱਲੋ ਦੁਸਮਣ ਦੇ ਸਿਪਾਹੀਆਂ ਨੂੰ ਵੀ ਪਾਣੀ ਪਿਲਾਉਣ ਦੇ ਅਮਲ ਸਾਹਮਣੇ ਆਏ ਸਨ ਅਤੇ ਉਨ੍ਹਾਂ ਦੀ ਸਿਕਾਇਤ ਹੋਣ ਤੇ ਜਦੋ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਨੂੰ ਇਸ ਸੰਬੰਧੀ ਪੁੱਛਿਆਂ ਤਾਂ ਭਾਈ ਘਨੱਈਆ ਜੀ ਦਾ ਜੁਆਬ ਸੀ ਕਿ ਮੈਂ ਤਾਂ ਸੇਵਾ ਕਰਦੇ ਹੋਏ ਸਭਨਾਂ ਇਨਸਾਨਾਂ ਵਿਚ ਆਪ ਜੀ ਦਾ ਹੀ ਰੂਪ ਦਿਖਾਈ ਦੇ ਰਿਹਾ ਹੈ ।ਮੈਨੂੰ ਕੋਈ ਦੁਸਮਣ ਦਿਖਾਈ ਨਹੀ ਦੇ ਰਿਹਾ ।ਦਸਮ ਪਿਤਾ ਨੇ ਖੁਸ਼ ਹੋ ਕੇ ਕਿਹਾ ਕਿ ਪਾਣੀ ਪਿਲਾਉਣ ਦੇ ਨਾਲ-ਨਾਲ ਮੱਲ੍ਹਮ ਅਤੇ ਪੱਟੀ ਦੀ ਸੇਵਾ ਵੀ ਕੀਤੀ ਜਾਵੇ ।ਇਹੀ ਸਾਡੇ ਖਾਲਸਾ ਰਾਜ ਦਾ ਮੁੱਖ ਮਕਸਦ ਹੋਵੇਗਾ ।"




ਇਹ ਉਪਰੋਕਤ ਦਿੱਤੇ ਗਏ ਮਨੁੱਖਤਾ ਪੱਖੀ ਮਿਸਨਾਂ ਦੀ ਪੂਰਤੀ ਲਈ ਹੀ ਦੁਨੀਆ ਦੇ ਨਕਸੇ ਤੇ ਆਉਣ ਵਾਲਾ ਖਾਲਿਸਤਾਨ ਦਾ ਰਾਜ-ਭਾਗ ਕਾਇਮ ਹੋਣ ਦੀ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਕਿ ਜੋ ਸਾਡੇ ਹੁਕਮਰਾਨਾਂ ਨੇ ਬੀਤੇ ਸਮੇ ਵਿਚ ਵਿਸੇਸ ਤੌਰ ਤੇ ਆਜਾਦੀ ਚਾਹੁੰਣ ਵਾਲੀ ਸਿੱਖ ਨੌਜਵਾਨੀ ਨੂੰ ਬਾਹਰਲੇ ਮੁਲਕਾਂ ਤੇ ਇੰਡੀਆ ਵਿਚ ਮੰਦਭਾਵਨਾ ਅਧੀਨ ਨਿਸ਼ਾਨਾਂ ਬਣਾਕੇ ਕੈਨੇਡਾ, ਅਮਰੀਕਾ, ਯੂ.ਕੇ, ਪਾਕਿਸਤਾਨ ਅਤੇ ਇੰਡੀਆਂ ਵਿਚ ਟਾਰਗੇਟ ਕੀਲਿੰਗ ਅਧੀਨ ਕਤਲੇਆਮ ਕੀਤਾ ਗਿਆ ਹੈ । ਜਿਸ ਲਈ ਸ੍ਰੀ ਮੋਦੀ, ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਸਿੱਧੇ ਤੌਰ ਤੇ ਜਿੰਮੇਵਾਰ ਹਨ ।ਉਨ੍ਹਾਂ ਨੂੰ ਕੌਮਾਂਤਰੀ ਕਾਨੂੰਨਾਂ ਨਿਯਮਾਂ ਅਧੀਨ ਕੌਮਾਂਤਰੀ ਅਦਾਲਤਾਂ ਵਿਚ ਨਿਊਰਮਬਰਗ ਤੇ ਟੋਕੀਓ ਟਰਾਈਲਜ ਦੀ ਤਰ੍ਹਾਂ ਬਣਦੀਆਂ ਸਜਾਵਾਂ ਦਿਵਾਉਣਾ ਵੀ ਸਾਡਾ ਮਕਸਦ ਹੋਵੇਗਾ ।ਤਾਂ ਕਿ ਕੋਈ ਵੀ ਹੁਕਮਰਾਨ ਆਪਣੇ ਮੁਲਕ ਨਿਵਾਸੀਆ ਉਤੇ ਕੌਮਾਂਤਰੀ ਕਾਨੂੰਨਾਂ ਤੇ ਨਿਯਮਾਂ ਦੀ ਉਲੰਘਣਾ ਕਰਕੇ ਨਾ ਤਾਂ ਕਿਸੇ ਤਰ੍ਹਾਂ ਦੀ ਗੈਰ ਇਨਸਾਨੀਅਤ ਜ਼ਬਰ ਜੁਲਮ ਢਾਹ ਸਕੇ ਅਤੇ ਨਾ ਹੀ ਉਨ੍ਹਾਂ ਨੂੰ ਗੁਲਾਮ ਬਣਾਉਣ ਦੇ ਮਨੁੱਖਤਾ ਵਿਰੋਧੀ ਅਮਲ ਕਰਨ ਦੀ ਗੁਸਤਾਖੀ ਕਰ ਸਕੇ ।ਕਹਿਣ ਤੋ ਭਾਵ ਹੈ ਸਾਡਾ ਰਾਜ ਭਾਗ ਦੁਨੀਆ ਦੇ ਆਲ੍ਹਾ ਰਾਜ ਪ੍ਰਬੰਧਾਂ ਵਿਚੋ ਪਹਿਲੇ ਨੰਬਰ ਵਾਲਾ ਹੋਵੇਗਾ ।ਜਿਸ ਵਿਚ ਕਿਸੇ ਇਕ ਵੀ ਨਾਗਰਿਕ, ਕਿਸੇ ਕੌਮ, ਧਰਮ, ਕਬੀਲੇ ਆਦਿ ਨੂੰ ਇਸ ਰਾਜ ਪ੍ਰਬੰਧ ਤੋ ਕਿਸੇ ਤਰ੍ਹਾਂ ਦੇ ਵਿਤਕਰੇ ਜਾ ਜ਼ਬਰ ਜੁਲਮ ਦੀ ਕੋਈ ਗੁਜਾਇਸ ਨਹੀ ਹੋਵੇਗੀ ।ਬਲਕਿ ਸਾਡੇ ਖਾਲਸਾ ਰਾਜ ਦੇ ਨਿਵਾਸੀ ਪ੍ਰਵਾਨ ਕਰਨ ਵਿਚ ਸਭ ਵਰਗ ਵੱਡਾ ਫਖਰ ਮਹਿਸੂਸ ਕਰਨਗੇ ।ਅਮਨ ਚੈਨ ਤੇ ਜਮਹੂਰੀਅਤ ਪੱਖੀ ਪ੍ਰਬੰਧ ਵਿਚ ਚੈਨ ਦੀ ਨੀਦ ਸੋ ਸਕਣਗੇ ਅਤੇ ਆਨੰਦ ਮਾਨਣਗੇ ।

ਘੜੀਐ ਸਬਦੁ ਸਚੀ ਟਕਸਾਲ ॥


ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਪ੍ਰਕਾਸ਼ ਪੁਰਬ








ਪ੍ਰਕਾਸ਼ ਪੁਰਬ : ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ, ਜ਼ਨਮ ਦਿਹਾੜਾ : ਸ਼੍ਰੋਮਣੀ ਭਗਤ, ਭਗਤ ਰਵਿਦਾਸ ਸਾਹਿਬ ਜੀ, ਜਨਮ ਦਿਵਸ : ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸਾਹਿਬ ਜੀ, ਜਨਮ ਦਿਵਸ : ਸੰਤ ਗਿਆਨੀ ਗੁਰਬਚਨ ਸਿੰਘ ਜੀ ਦਮਦਮੀ ਟਕਸਾਲ ਭਿੰਡਰਾਂਵਾਲੇ, ਸਲਾਨਾ ਬਰਸੀ : ਸੰਤ ਗਿਆਨੀ ਸੁੰਦਰ ਸਿੰਘ ਜੀ ਦਮਦਮੀ ਟਕਸਾਲ ਭਿੰਡਰਾਂਵਾਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ 14 ਫਰਵਰੀ ਸ਼ੁੱਕਰਵਾਰ 10;00 ਵਜੇ ਹੋਵੇਗੀ 16 ਫਰਵਰੀ ਐਤਵਾਰ 10:00 ਵਜੇ ਪੈਣਗੇ ਸਾਰੀ ਸੇਵਾ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ

☛ ਸ਼ਨਿੱਚਰਵਾਰ 15 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ☛ ਐਤਵਾਰ 16 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਬਾਬਾ ਦਿਲਬਾਗ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ

# ਨਨਕਾਣਾ ਸਾਹਿਬ ਦੇ ਸ਼ਹੀਦਾਂ ਅਤੇ ਸਰਦਾਰ ਸ਼ਾਮ ਸਿੰਘ ਅਟਾਰੀ ਦੀ ਯਾਦ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਪਿੰਡ ਬੁੰਗਾ ਟਿੱਬੀ ਵਿਖੇ ਕਰਵਾਇਆ ਗਿਆ



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵੱਲੋਂ ਨਨਕਾਣਾ ਸਾਹਿਬ ਦੇ ਸ਼ਹੀਦਾਂ ਅਤੇ ਸਰਦਾਰ ਸ਼ਾਮ ਸਿੰਘ ਅਟਾਰੀ ਦੀ ਯਾਦ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਪਿੰਡ ਬੁੰਗਾ ਟਿੱਬੀ ਵਿਖੇ ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖਰੇਖ ਵਿੱਚ ਮਿਤੀ 13 ਫਰਵਰੀ 2025 ਨੂੰ ਕਰਵਾਇਆ ਗਿਆ ਜਿਸ ਵਿਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸ੍ਰੀ ਤਰੁਨ ਭੰਡਾਰੀ ਰਾਜਨੀਤਿਕ ਸਲਾਹਕਾਰ ਮੁੱਖ ਮੰਤਰੀ ਹਰਿਆਣਾ,ਸਰਦਾਰ ਗੁਰਪਾਲ ਸਿੰਘ ਗੋਰਾ ਮੈਂਬਰ,ਸਰਦਾਰ ਗੁਰਮੀਤ ਸਿੰਘ ਮੀਤਾ ਮੈਂਬਰ,ਸਰਦਾਰ ਜਗਤਾਰ ਸਿੰਘ ਮਿੱਠੜੀ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਗਿਆਨੀ ਜਗਜੀਤ ਸਿੰਘ ਮੁੱਖ ਗ੍ਰੰਥੀ ਨਾਢਾ ਸਾਹਿਬ,ਸਰਦਾਰ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਪਰਮਜੀਤ ਸਿੰਘ ਸ਼ੇਰਗੜ ਮੈਨੇਜ਼ਰ ਨਾਢਾ ਸਾਹਿਬ,ਸਿਵਚਰਨ ਸਿੰਘ ਸਹਾਇਕ ਮੈਨੇਜਰ ਨਾਢਾ ਸਾਹਿਬ,ਬਲਜਿੰਦਰ ਸਿੰਘ ਇੰਚਾਰਜ ਗੁਰਦੁਆਰਾ ਮਾਨਕ ਟਬਰਾ ਸਾਹਿਬ,ਗਗਨਦੀਪ ਸਿੰਘ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ,ਡਾਕਟਰ ਦਵਿੰਦਰ ਸਿੰਘ ਪ੍ਰਚਾਰਕ,ਭਾਈ ਗੁਰਜੋਤ ਸਿੰਘ ਨਲਵੀ ਪ੍ਰਚਾਰਕ,ਬਲਜਿੰਦਰ ਸਿੰਘ ਪ੍ਰਚਾਰਕ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜਰੀ ਭਰੀ। ਗੁਰੂ ਕਾ ਲੰਗਰ ਅਤੁੱਟ ਵਰਤਿਆ ਪ੍ਰਬੰਧਕਾਂ ਵਲੋਂ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਤਮ-ਰਸੀ ਆਤਮਾ

# ਸੰਤ ਗਿਆਨੀ ਸੁੰਦਰ ਸਿੰਘ ਬੋਪਾਰਾਏ



**15 ਫ਼ਰਵਰੀ ਬਰਸੀ 'ਤੇ ਵਿਸ਼ੇਸ਼**

ਰੱਬੀ ਰੰਗ ਵਿੱਚ ਰੰਗੀ ਆਤਮ-ਰਸੀ ਆਤਮਾ ਦੇ ਮਾਲਕ, ਪਰਉਪਕਾਰੀ ਹਰ ਪਲ ਗੁਰਮਤਿ ਦੀ ਸਿੱਖਿਆ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਆਪਣਾ ਜੀਵਨ ਮਨੋਰਥ ਸਮਝਣ ਵਾਲੇ ਸੰਤ ਗਿਆਨੀ ਸੁੰਦਰ ਸਿੰਘ ਬੋਪਾਰਾਏ (ਸੰਪਰਦਾਇ ਭਿੰਡਰਾਂ) ਅਜਿਹੀ ਉਘੀ ਤੇ ਸਿੱਖ ਜਗਤ ਵਿੱਚ ਜਾਣੀ ਪਛਾਣੀ ਧਾਰਮਿਕ ਸ਼ਖ਼ਸੀਅਤ ਸਨ, ਜਿਨ੍ਹਾਂ ਆਪਣੇ ਜੀਵਨ ਦੌਰਾਨ ਸ੍ਰੀ ਗੁਰੂ ਸਾਹਿਬ ਜੀ ਦੀ ਪਾਵਨ ਗੁਰਬਾਣੀ ਦੀ ਉਨੀ ਸੰਪੂਰਨ ਕਥਾ ਕੀਤੀਆਂ । ਸਮੁੱਚੇ ਸੰਸਾਰ ਵਿੱਚ ਵੱਸਣ ਵਾਲੇ ਕਰੋੜਾਂ ਸਿੱਖਾਂ ਨੂੰ ਲਗਪਗ 1300 ਅਜਿਹੇ ਕਥਾ ਵਾਚਕ ਵਿੱਦਿਆਰਥੀ ਦਿੱਤੇ । ਜਿਨ੍ਹਾਂ ਦੁਨੀਆਂ ਭਰ ਵਿੱਚ ਸਿੱਖਾਂ ਵੱਲੋ ਸਥਾਪਤ ਸੰਸਥਾਵਾਂ, ਗੁਰਦੁਆਰਾ ਸਾਹਿਬਾਨ ਵਿੱਚ ਲੱਖਾਂ ਸਿੱਖ ਸੰਸਥਾਂ ਜੀਵਨ ਜੁਗਤਿ ਸਮਝਾਈ । ਇਨ੍ਹਾਂ ਕਥਾ-ਵਾਚਕਾਂ ਟਕਸਾਲੀ ਗ੍ਰੰਥੀ ਸਿੰਘਾਂ ਨੂੰ ਸਿੱਖ ਜਗਤ ਨੇ ਪੂਰਾ ਮਾਣ ਸਨਮਾਨ ਦਿੱਤਾ । ਇਨ੍ਹਾਂ ਨੇ ਬਤੌਰ ਗੁਰਮਤਿ ਦੀ ਰੋਸ਼ਨੀ ਵਿੱਚ ਪ੍ਰਚਾਰ ਕਰਨ ਵਾਲੇ ਸੈਂਕੜੇ ਗੁਰਮੁੱਖਾਂ ਨੂੰ ਇਤਿਹਾਸਕ ਗੁਰਦੁਆਰਾ ਸਾਹਿਬ, ਤਖ਼ਤ ਸਾਹਿਬਾਨ ਤੇ ਗੁਰਮਤਿ ਦੀ ਟਕਸਾਲੀ ਸਿੱਖਿਆ ਨੂੰ ਪ੍ਰਚਾਰਨ ਲਈ ਯੋਗਦਾਨ ਪਾਇਆ । ਸੰਤ ਗਿਆਨੀ ਸੁੰਦਰ ਸਿੰਘ ਨੇ ਸੰਪਰਦਾਇ ਤਿੰਡਰਾਂ ਵੱਲੋਂ ਗੁਰਬਾਣੀ ਦੀ ਵਿਆਖਿਆ ਪ੍ਰਣਾਲੀ ਲਈ ਜਿਹੜਾ ਸਲਾਘਾਯੋਗ ਕਾਰਜ ਕੀਤਾ, ਉਸ ਨੂੰ ਹਮੇਸ਼ਾਂ ਲਈ ਯਾਦ ਕੀਤਾ ਜਾਂਦਾ ਰਹੇਗਾ।



-ਭਗਵਾਨ ਸਿੰਘ ਜੌਹਲ

bhagwansinghjohal@gmail.com

ਇਸ ਮਹਾਨ ਹਸਤੀ ਦਾ ਜਨਮ ਪਿਤਾ ਸ। ਖਜਾਨ ਸਿੰਘ ਤੇ ਮਾਤਾ ਮਹਿਤਾਬ ਕੌਰ ਦੇ ਗ੍ਰਹਿ ਵਿਖੇ 18 ਅਗਸਤ 1883 ਈ: ਨੂੰ ਉਸ ਸਮੇਂ ਜਿਲ੍ਹਾ ਫਿਰੋਜਪੁਰ ਦੇ ਪਿੰਡ ਭਿੰਡਰਕਲਾਂ ਵਿਖੇ ਹੋਇਆ । ਮੁੱਢਲੀ ਸਿੱਖਿਆ ਪਿੰਡ ਦੇ ਗੁਰਦੁਆਰਾ ਸਾਹਿਬ ਤੋਂ ਅਤੇ ਆਪਣੇ ਸਤਿਕਾਰਯੋਗ ਪਿਤਾ ਜੀ ਭਾਈ ਖਜਾਨ ਸਿੰਘ ਤੋਂ ਪ੍ਰਾਪਤ ਕੀਤੀ, ਜੋ ਆਪਣੇ ਸਮੇਂ ਉੱਘੇ ਟਕਸਾਲੀ ਵਿਦਵਾਨ ਸਨ । ਇਸ ਤੋਂ ਪਿੱਛੋਂ ਪਿੰਡ ਦਾਦ ਦੇ ਉਦਾਸੀ ਸੰਤ ਪੰਡਿਤ ਜਵਾਲਾ ਦਾਸ ਅਤੇ ਪੰਡਿਤ ਭਗਤ ਰਾਮ ਤੋਂ ਸੰਸਕ੍ਰਿਤ ਤੇ ਬ੍ਰਿਜ ਭਾਸ਼ਾ ਦੇ ਗ੍ਰੰਥਾਂ ਦਾ ਅਧਿਐਨ ਕੀਤਾ । ਗੁਰਮਤਿ ਦੇ ਗਹਿਰ-ਗੰਭੀਰ ਅਧਿਐਨ ਲਈ ਸੰਤ ਗਿਆਨੀ ਸੁੰਦਰ ਸਿੰਘ ਨੇ ਸਮੁੱਚੇ ਮਾਲਵੇ ਖੇਤਰ ਭਰਮਣ ਕੀਤਾ, ਆਪਣੇ ਸਮੇਂ ਕਈ ਵਿਦਵਾਨਾਂ ਦੀ ਸੰਗਤ ਕੀਤੀ। ਇਸ ਤੋਂ ਬਾਅਦ ਸਿੱਖੀ ਦੇ ਕੇਂਦਰ ਅੰਮ੍ਰਿਤਸਰ ਵੀ ਪੁੱਜੇ, ਪਰ ਅਜੇ ਅਜਿਹੇ ਮੁਰਸ਼ਦ ਦੀ ਤਲਾਸ਼ ਵਿੱਚ ਜੇ ਬੰਦਗੀ ਅਤੇ ਅਨੁਭਵੀ ਸਿੱਖਿਆ ਦਾ ਗਿਆਨ ਵੀ ਕਰਵਾ ਸਕੇ । ਆਖਰ 23-24 ਸਾਲ ਦੀ ਉਮਰ ਵਿੱਚ 1906 ਈ: ਵਿੱਚ ਲਹਿੰਦੇ ਪੰਜਾਬ ਦੇ ਜਿਲ੍ਹਾ ਗੁਜਰਾਤ ਦੇ ਕਸਬਾ ਮੁਰਾਲਾ (ਪਾਕਿਸਤਾਨ) ਵਿੱਚ ਉਸ ਸਮੇਂ ਦੀ ਉਘੀ ਸਿੱਖ ਧਾਰਮਿਕ ਸ਼ਖ਼ਸੀਅਤ ਸੰਤ ਬਾਬਾ ਬਿਸ਼ਨ ਸਿੰਘ ਮੁਰਾਲੇ ਵਾਲਿਆਂ ਦੀ ਸੇਵਾ ਵਿੱਚ ਜਾ ਹਾਜ਼ਰ ਹੋਏ । ਉਨ੍ਹਾਂ ਦੇ ਲਾਡਲੇ ਸਿਸ ਵਜੋਂ ਦੇ ਸਾਲ ਇਥੇ ਰਹਿ ਕੇ ਗੁਰਮਤਿ ਦੀ ਟਕਸਾਲੀ ਵਿੱਦਿਆ ਦਾ ਡੂੰਘਾ ਅਧਿਐਨ ਕੀਤਾ।

ਜਦੋਂ ਗੁਰਮਤਿ ਵਿਚਾਰਧਾਰਾ ਵਿੱਚ ਪ੍ਰਪੱਕਤਾ ਹਾਸਲ ਹੋ ਗਈ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਦੀਆਂ 19 ਕਥਾ ਕਰਨ ਤੋਂ ਇਲਾਵਾ ਦੋ ਵਾਰ ਸ੍ਰੀ ਦਸਮ ਗ੍ਰੰਥ ਦੀ ਸੰਪੂਰਨ ਕਥਾ ਕੀਤੀ । ਆਪਣੇ ਸੈਂਕੜੇ ਵਿੱਦਿਆਰਥੀਆਂ ਨੂੰ ਗੁਰਮਤਿ ਦੇ ਮਾਰਤੰਡ ਵਿਦਵਾਨ ਭਾਈ ਗੁਰਦਾਸ ਜੀ ਦੀਆਂ ਵਾਰਾਂ ਅਤੇ ਸਵੱਈਆਂ, ਕਬਿਤਾਂ ਦੇ ਅਰਥਾਂ ਵਿੱਚ ਵੀ ਨਿਪੁੰਨ ਕੀਤਾ। ਆਪ ਜੀ ਨੇ ਤਿੰਡਰਕਲਾਂ, ਬੋਪਾਰਾਏ, ਤਖ਼ਤਪੁਰਾ ਆਦਿ ਹੋਰ ਥਾਵਾਂ ਤੇ ਗੁਰਮਤਿ ਪ੍ਰਚਾਰ ਕੇਂਦਰ ਸਥਾਪਿਤ ਕੀਤੇ । ਇਨ੍ਹਾਂ ਕੇਂਦਰਾਂ ਤੋਂ ਹਜਾਰਾਂ ਵਿੱਦਿਆਰਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ ਤੋਂ ਇਲਾਵਾ ਸਿੱਖ ਧਰਮ, ਵੇਦਾਂਤ ਅਤੇ ਹੋਰ ਅਨੇਕਾਂ ਗ੍ਰੰਥਾਂ ਦਾ ਅਧਿਐਨ ਕੀਤਾ। ਆਪ ਜੀ ਨੇ ਮੋਗੇ ਦੇ ਨੇੜੇ ਪਿੰਡ ਰੋਡੇ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਦੇ ਨਾਂਅ 'ਤੇ ਸਕੂਲ ਦੀ ਸਥਾਪਨਾ ਕੀਤੀ, ਜੋ ਪਿੱਛੋਂ ਉੱਚ ਵਿੱਦਿਆ ਲਈ ਕਾਲਜ ਦਾ ਰੂਪ ਧਾਰਨ ਕਰ ਗਿਆ । ਇਸ ਤੋਂ ਬਾਅਦ ਵਿੱਚ ਪੰਜਾਬ ਦੇ ਲੋਕਾਂ ਨੂੰ ਖਾਸ ਕਰਕੇ ਸਿੱਖਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਪਛੜਦਿਆਂ ਦੇਖ ਕੇ ਅੱਧੀ ਦਰਜਨ ਹੋਰ ਸਕੂਲ ਸਥਾਪਿਤ ਕੀਤੇ । ਜਿਨ੍ਹਾਂ ਵਿੱਚ ਤਿੰਡਰਕਲਾਂ, ਕੋਕਰੀਕਲਾਂ, ਬੇਪਾਰਾਏ ਕਲਾਂ, ਤਖਤੂ ਪੁਰਾ, ਰਾਏ ਕੋਟ ਵਰਗੇ ਵੱਡੇ ਪਿੰਡਾਂ ਵਿੱਚ ਸੰਗਤ ਦੇ ਸਹਿਯੋਗ ਨਾਲ ਇਹ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ।

ਇਨ੍ਹਾਂ ਦੇ ਜੀਵਨ ਕਾਲ ਦੇ ਇਨ੍ਹਾਂ ਵਰ੍ਹਿਆਂ ਵਿੱਚ ਗੁਰਧਾਮਾਂ ਦੀ ਅਜਾਦੀ ਲਈ ਗੁਰਦੁਆਰਾ ਸੁਧਾਰ ਲਹਿਰ ਚੱਲ ਰਹੀ ਸੀ । ਇਸ ਵੱਡੇ ਸੰਘਰਸ਼ ਵਿੱਚ ਸ਼ਾਮਿਲ ਹੋਣ ਲਈ ਹਕੂਮਤ ਦੀਆਂ ਵਧੀਕੀਆਂ ਦੇ ਵਿਰੋਧ ਵਿੱਚ ਸਿੱਖ ਪਰਿਵਾਰਾਂ ਵਿੱਚ ਸਖ਼ਤ ਰੋਹ ਦੀ ਲਹਿਰ ਚੱਲ ਰਹੀ ਸੀ । ਮਾਲਵੇ ਦੇ ਇਲਾਕੇ ਵਿੱਚ ਗੁਰਧਾਮਾਂ ਦੀ ਹੋ ਰਹੀ ਬੇਅਦਬੀ ਅਤੇ ਦੇਸ਼ ਨੂੰ ਗੁਲਾਮੀ ਦੀਆਂ ਜੰਜੀਰਾਂ ਤੋਂ ਛੁਟਕਾਰਾ ਦਿਵਾਉਣ ਲਈ ਸੰਘਰਸ਼ ਕਰ ਰਹੇ ਸਿੱਖ ਯੋਧਿਆਂ ਨੂੰ ਵਿਸ਼ੇਸ਼ ਸਹਿਯੋਗ ਦੇ ਕੇ ਚਾਲੀ ਮੁਕਤਿਆਂ ਦੀ ਪਾਵਨ ਧਰਤੀ ਸ੍ਰੀ ਮੁਕਤਸਰ ਸਾਹਿਬ ਦੇ ਗੁਰਧਾਮਾਂ ਅਤੇ ਗੁਰਦੁਆਰਾ ਪਾਤਸ਼ਾਹ ਦੱਸਵੀਂ ਹੋਰਾਂ ਦੇ ਗੁਰੂ ਘਰਾਂ ਦੀ ਸੇਵਾ ਨਵੀਂ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਿਵਾਉਣ ਵਿੱਚ ਆਪਣਾ ਯੋਗਦਾਨ ਪਾਇਆ ।

ਆਵਾਜ਼ਿ ਕੌਮ AWAZE QAUM International Newspaper & WEB TV

ਆਪਣਾ ਪੂਰਾ ਜੀਵਨ ਸਿੱਖ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਲਈ, ਲੱਖਾਂ ਸਿੱਖ ਸੰਗਤ ਨੂੰ ਗੁਰਮਤਿ ਸਿੱਖਿਆ ਗੁਰਬਾਣੀ ਵਿਆਖਿਆ ਨੂੰ ਸਮਰਪਿਤ ਕੀਤਾ । ਉਨ੍ਹਾਂ ਦਾ ਨਿਸ਼ਚਾ ਸੀ, ਦੇਸ ਦੁਨੀਆਂ ਵਿੱਚ ਰਹਿਣ ਵਾਲਾ ਹਰ ਸਿੱਖ ਗੁਰੂ ਸਾਹਿਬਾਨ ਤੇ ਸਿੱਖ ਸ਼ਹੀਦਾਂ, ਮਰਜੀਵੜਿਆਂ ਦੇ ਇਤਿਹਾਸ ਤੋਂ ਜਾਣੂ ਹੋਵੇ । ਆਪਣੇ ਜੀਵਨ ਦੇ ਬੇਸ਼ਕੀਮਤੀ ਵਰ੍ਹੇ ਗੁਰੂ ਸਾਹਿਬਾਨ ਦੀ ਇਸ ਪਾਵਨ ਧਰਤੀ ਤੇ ਸਿੱਖ ਸੰਗਤ ਵਿੱਚ ਵਿਚਰਦਿਆਂ ਗੁਰਮਤਿ ਦਾ ਹੋਕਾ ਦਿੰਦਿਆਂ ਬਤੀਤ ਕੀਤੇ। 47-48 ਸਾਲ ਦੀ ਆਯੂ ਵਿੱਚ 15 ਫ਼ਰਵਰੀ, 1930 ਈ: ਨੂੰ ਗੁਰਦੁਆਰਾ ਸਚਖੰਡ ਸਾਹਿਬ ਬੋਪਾਰਾਏ ਕਲਾਂ ਵਿਖੇ ਅਕਾਲ ਪੁਰਖ ਵਾਹਿਗੁਰੂ ਦੇ ਚਰਨਾਂ ਵਿੱਚ ਅਭੇਦ ਹੋ ਗਏ । ਹਰ ਸਾਲ ਹੀ ਆਪ ਜੀ ਦੀ ਪਾਵਨ ਯਾਦ ਗੁ: ਸਚਖੰਡ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਬੜੀ ਸ਼ਰਧਾ ਅਤੇ ਪ੍ਰੇਮ ਨਾਲ ਆਯੋਜਿਤ ਕੀਤੇ ਜਾਂਦੇ ਹਨ । ਇਸ ਰਸੀ ਹੋਈ ਆਤਮਾ ਨੂੰ ਸਾਡਾ ਪ੍ਰਣਾਮ।

### ਕਿਸਾਨੀ ਮਸਲਿਆਂ ਦੇ ਹੱਲ ਲਈ ਮੀਟਿੰਗਾਂ 'ਚ

# ਸੰਜੀਦਗੀ ਦਿਖਾਵੇ ਕੇਂਦਰ ਸਰਕਾਰ- ਸਾਬਕਾ ਵਿਧਾਇਕ ਸਿੱਧੂ

ਤਲਵੰਡੀ ਸਾਬੋ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)- ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਸਮੇਤ ਕਈ ਕਿਸਾਨੀ ਮਸਲਿਆਂ ਦੇ ਹੱਲ ਲਈ ਪਿਛਲੇ ਲੰਬੇ ਸਮੇਂ ਤੋਂ ਖਨੌਰੀ ਅਤੇ ਸ਼ੰਭੂ ਵਿਖੇ ਲੱਗੇ ਕਿਸਾਨੀ ਮੋਰਚਿਆਂ ਤੋਂ ਬਾਅਦ ਹੁਣ ਮੀਟਿੰਗਾਂ ਦਾ ਦੌਰ ਸ਼ੁਰੂ ਹੋਣਾ ਇੱਕ ਚੰਗਾ ਕਦਮ ਤਾਂ ਹੈ ਪਰ ਜੇਕਰ ਕੇਂਦਰ ਸਰਕਾਰ ਕਿਸਾਨੀ ਮਸਲਿਆਂ ਦੇ ਹੱਲ ਲਈ ਮੀਟਿੰਗਾਂ 'ਚ ਸੰਜੀਦਗੀ ਦਿਖਾਵੇ ਫੇਰ ਹੀ ਠੋਸ ਨਤੀਜੇ ਨਿਕਲ ਸਕਣਗੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਵੱਲੋਂ ਲੋਕ ਸਭਾ ਚੋਣ ਲੜ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਇਲਾਕੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ। ਸਿੱਧੂ ਜੋ ਕਿ ਪਿੰਡ ਮਾਹੀਨੰਗਲ ਦੇ ਡੇਰਾ ਬਾਬਾ ਗੋਪਾਲ ਦਾਸ ਵਿਖੇ ਧਾਰਮਿਕ ਸਮਾਗਮ ਚ ਹਾਜ਼ਿਰੀ ਭਰਨ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਸਨ ਨੇ ਬਾਅਦ 'ਚ ਤਲਵੰਡੀ ਸਾਬੋ, ਜੰਬਰ ਬਸਤੀ, ਨੰਗਲਾ ਸਮੇਤ ਕਈ ਪਿੰਡਾਂ 'ਚ ਆਮ ਲੋਕਾਂ ਅਤੇ ਵਰਕਰਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਸ਼ਮੂਲੀਅਤ ਕਰਨ ਉਪਰੰਤ ਇੱਥੇ ਗੱਲਬਾਤ ਕਰਦਿਆਂ ਕਿਹਾ ਕਿ ਤਿੰਨ ਕਾਲੇ ਖੇਤੀ ਕਾਨੂੰਨਾਂ ਦੀ ਵਾਪਸੀ ਸਮੇਂ ਹੀ ਕਿਸਾਨੀ ਮੰਗਾਂ ਮੰਨ ਲਏ ਜਾਣ ਦਾ ਕੇਂਦਰ ਦੀ ਭਾਜਪਾ ਸਰਕਾਰ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਸੀ ਪਰ ਬਾਅਦ 'ਚ ਫਿਰ ਕਿਸਾਨਾਂ ਨੂੰ ਸੰਘਰਸ਼ ਦਾ ਰਾਹ ਅਖਤਿਆਰ ਕਰਨਾ ਪਿਆ ਅਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਤੋਂ ਬਾਅਦ ਹੁਣ ਜਾ ਕੇ ਕੇਂਦਰ ਨੇ ਮੀਟਿੰਗਾਂ ਦਾ ਦੌਰ ਆਰੰਭਿਆ ਹੈ। ਉਨਾਂ ਕਿਹਾ ਕਿ ਭਾਜਪਾ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਕਿਸਾਨੀ ਮੰਗਾਂ ਨੂੰ ਗੰਭੀਰਤਾ ਨਾਲ ਵੀਚਾਰੇ ਅਤੇ ਮੰਨੀਆਂ ਜਾ ਚੁੱਕੀਆਂ ਮੰਗਾਂ ਨੂੰ ਮੀਟਿੰਗਾਂ 'ਚ ਲਾਗੂ ਕਰਨ ਦਾ ਭਰੋਸਾ ਦੇਵੇ ਤਾਂਕਿ ਕਿਸਾਨਾਂ ਨੂੰ ਰਾਹਤ ਮਿਲ ਸਕੇ। ਸਿੱਧੂ ਨੇ ਇਸ ਮੌਕੇ ਮਾਹੀਨੰਗਲ ਡੇਰੇ ਜਾ ਲਗਾਏ ਖ਼ੂਨਦਾਨ ਕੈਂਪ 'ਚ ਸ਼ਮੂਲੀਅਤ ਕਰਦਿਆਂ ਖ਼ੂਨਦਾਨੀਆਂ ਦਾ ਉਤਸ਼ਾਹ ਵਧਾਇਆ। ਇਸ ਮੌਕੇ



ਆਵਾਜ਼ਿ ਕੌਮ AWAZE QAUM International Newspaper & WEB TV

ਉਨਾਂ ਨਾਲ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਸੁਰਜੀਤ ਸ਼ਿੰਦੀ ਜਗਾ, ਹਰਦੇਵ ਸਿੰਘ ਫੌਜੀ ਸਾਬਕਾ ਸਰਪੰਚ ਨੰਗਲਾ, ਹੈਪੀ ਬਹਿਮਣ, ਗੁਰਮੀਤ ਸਿੰਘ ਜਗਾ, ਹਰਗੋਬਿੰਦ ਸਿੰਘ ਨੰਗਲਾ, ਭੀਮ ਸਿੰਘ ਨੰਗਲਾ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ, ਹਰਪਾਲ ਸਿੰਘ ਗਿੱਲ ਪੰਚ ਆਦਿ ਆਗੂ ਮੌਜੂਦ ਸਨ।

## ਲੋਕ ਹਿਤੈਸ਼ੀ ਸੱਥ ਸੰਸਥਾ ਬਠਿੰਡਾ ਦੇ ਸਹਿਯੋਗ ਨਾਲ ਖਾਲਸਾ ਸਕੂਲ ਵਿਖੇ ਕਰਵਾਇਆ ਨੈਤਿਕ ਸਿੱਖਿਆ ਸੈਮੀਨਾਰ






ਤਲਵੰਡੀ ਸਾਬੋ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)- ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਸਕੂਲ ਵਿੱਚ ਚੱਲ ਰਹੇ ਕੌਮੀ ਸੇਵਾ ਯੋਜਨਾ ਯੂਨਿਟ ਅਧੀਨ ਸ੍ਰ. ਰਘਬੀਰ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਬਠਿੰਡਾ ਦੀਆਂ ਹਦਾਇਤਾਂ ਅਨੁਸਾਰ, ਮਾਨਯੋਗ ਪ੍ਰਿੰਸੀਪਲ ਸ੍ਰ. ਬਿਕਰਮਜੀਤ ਸਿੰਘ ਸਿੱਧੂ ਦੇ ਸਹਿਯੋਗ ਅਤੇ ਗੁਰਸੰਦੀਪ ਸਿੰਘ ਪ੍ਰੋਗਰਾਮ ਅਫਸਰ ਕੌਮੀ ਸੇਵਾ ਯੋਜਨਾ ਯੂਨਿਟ ਦੀ ਅਗਵਾਈ ਅਧੀਨ ਲੋਕ ਹਿਤੈਸ਼ੀ ਸੱਥ ਸੰਸਥਾ ਬਠਿੰਡਾ ਦੇ ਸਹਿਯੋਗ ਨਾਲ ਨੈਤਿਕ ਸਿੱਖਿਆ ਅਤੇ ਸਮਾਜਿਕ ਕਦਰਾ ਕੀਮਤਾ ਵਿਸੇ 'ਤੇ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ ਅਧਿਆਪਕ ਅਤੇ ਵਿਦਿਆਰਥੀ ਨੂੰ ਸਬੋਧਨ ਕਰਦਿਆਂ ਸੰਸਥਾ ਦੇ ਪ੍ਰਧਾਨ ਸ੍ਰ. ਕਰਨੈਲ ਸਿੰਘ ਮਾਨ ਵਲੋਂ ਸਮਾਜਿਕ ਕਦਰਾ ਕੀਮਤਾਂ ਬਾਰੇ ਵਿਦਿਆਰਥੀਆ ਜਾਗਰੂਕ ਕੀਤਾ। ਇਸ ਮੌਕੇ ਪ੍ਰਿੰਸੀਪਲ ਸਾਹਿਬ ਵਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਇਕ ਚੰਗੇ ਸਰੋਤੇ ਦੀ ਚੋਣ ਲਈ ਲਿਖਤੀ ਮੁਕਾਬਲੇ ਕਰਵਾ ਕੇ ਯੋਗ ਵਿਦਿਆਰਥੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ, ਸੰਸਥਾ ਮੈਂਬਰ ਸ੍ਰੀ ਪਵਨ ਸ਼ਰਮਾ, ਸ੍ਰ. ਭੋਲਾ ਸਿੰਘ, ਸ੍ਰ. ਗੁਰਮੇਲ ਸਿੰਘ, ਪ੍ਰਿੰਸੀਪਲ ਸ੍ਰ. ਬਿਕਰਮਜੀਤ ਸਿੰਘ, ਮੈਡਮ ਜਸਵੀਰ ਕੌਰ, ਸ੍ਰ. ਹਰਪਾਲ ਸਿੰਘ, ਸ੍ਰ. ਕਰਮਜੀਤ ਸਿੰਘ, ਸ੍ਰ. ਹਰਦੀਪ ਸਿੰਘ, ਸ੍ਰ. ਗਗਨਦੀਪ ਸਿੰਘ, ਸ੍ਰ. ਸਤਨਾਮ ਸਿੰਘ ਅਤੇ ਸਮੂਹ ਸਟਾਫ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਰਾਸ਼ਟਰੀ ਰੇਡੀਓ ਦਿਵਸ ਮੌਕੇ ਸੈਮੀਨਾਰ ਆਯੋਜਿਤ





**ਤਲਵੰਡੀ ਸਾਬੋ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਅਤੇ ਸ਼ੋਸ਼ਲ ਸਾਇੰਸਜ਼ ਵਿਭਾਗ ਵੱਲੋਂ ਅੰਤਰ ਰਾਸ਼ਟਰੀ ਮਾਤ ਭਾਸ਼ਾ ਦਿਵਸ ਨੂੰ ਸਮਰਪਿਤ ਰਾਸ਼ਟਰੀ ਰੇਡੀਓ ਦਿਹਾੜਾ ਇੱਕ ਸੈਮੀਨਾਰ ਦਾ ਆਯੋਜਨ ਕਰਕੇ ਮਨਾਇਆ ਗਿਆ। ਇਸ ਮੌਕੇ ਹਰਪ੍ਰੀਤ ਸਿੰਘ ਬਹਿਣੀਵਾਲ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬੀ ਮਾਂ ਬੋਲੀ ਗੁਰੂਆਂ ਦੀ ਬੋਲੀ ਹੈ। ਸਾਨੂੰ ਆਧੁਨਿਕਤਾ ਦੀ ਅੰਨ੍ਹੀ ਦੋੜ ਵਿੱਚ ਇਸ ਨੂੰ ਭੁੱਲਣਾ ਨਹੀਂ ਚਾਹੀਦਾ ਤੇ ਨਾਂ ਹੀ ਇਸ ਨੂੰ ਬੋਲਣ ਵਿੱਚ ਸ਼ਰਮ ਮਹਿਸੂਸ ਕਰਨੀ ਚਾਹੀਦੀ ਹੈ। ਉਨ੍ਹਾਂ ਸਾਰਿਆਂ ਨੂੰ ਮਾਂ ਬੋਲੀ ਦੇ ਨਾਲ-ਨਾਲ ਹੋਰ ਭਾਸ਼ਾਵਾਂ ਸਿੱਖਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਭਾਸ਼ਾ ਵਿਭਾਗ ਦੇ ਮੁੱਖੀ ਡਾ. ਸੰਦੀਪ ਰਾਣਾ ਤੇ ਭਾਸ਼ਾਵਾਂ ਵਿਭਾਗ ਤੋਂ ਪ੍ਰੋ. ਕੁਮਾਰ ਸੁਸ਼ੀਲ ਨੇ ਮਾਤ ਭਾਸ਼ਾ ਸੰਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਸੈਮੀਨਾਰ ਉਪਰਾਂਤ ਪੰਜਾਬੀ ਮਾਂ ਬੋਲੀ ਦੀ ਸੇਵਾ ਲਈ ਆਕਾਸ਼ਵਾਣੀ ਬਠਿੰਡਾ ਦੇ ਅਨਾਉਂਸਰ ਕੰਵਲਜੀਤ ਸਿੰਘ ਕੁੱਟੀ, ਸੁਖਜੀਤ ਕੌਰ, ਗੁਰਪ੍ਰੀਤ ਕੌਰ, ਮਮਤਾ ਅਰੋੜਾ ਤੇ ਦੀਪਕ ਗਰਗ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਗਦੀਪ ਸ਼ਰਮਾ ਨੇ ਆਪਣੀ ਕਵਿਤਾ ਰਾਹੀਂ ਵਾਹ-ਵਾਹ ਖੱਟੀ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਵਿਖੇ

# ਸਲਾਨਾ 39 ਵਾਂ ਜੋੜ ਮੇਲਾ ਮਨਾਇਆ ਗਿਆ-ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ











ਚੌਕ ਮਹਿਤਾ 14 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਜੀ ਦੀ ਅਗਵਾਈ ਹੇਠ ਧੰਨ ਧੰਨ ਅਮਰ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਸਹੀਦ ਭਾਈ ਅਜੀਤ ਸਿੰਘ ਜੀ ਅਤੇ ਬ੍ਰਹਮ ਗਿਆਨੀ ਸੰਤ ਬਾਬਾ ਕਰਮ ਸਿੰਘ ਜੀ ਦੀ ਮਿੱਠੀ ਯਾਦ ਵਿੱਚ 39 ਵਾਂ ਸਲਾਨਾ ਜੋੜ ਮੇਲਾ ਸਮੂਹ ਇਲਾਕੇ ਅਤੇ ਦੇਸ ਵਿਦੇਸ਼ਾ ਦੀਆਂ ਸੰਗਤਾਂ ਦੇ ਸਹਿਯੋਗ ਮਨਾਇਆ ਗਿਆ ,ਪਿਛਲੇ ਦਿਨਾਂ ਤੋਂ ਆਰੰਭ ਕੀਤੀ ਗਈ ਪਵਿੱਤਰ ਪਾਵਨ ਸ੍ਰੀ ਆਖੰਡ ਪਾਠਾਂ ਦੀ ਲੜੀ ਦੇ ਭੋਗ ਪੈਣ ਉਪਰੰਤ ਖੁੱਲੇ ਪੰਡਾਲਾ ਵਿੱਚ ਦੀਵਾਨ ਸਜਾਇਆ ਗਿਆ। ਜਿਸ ਵਿੱਚ ਗਿਆਨੀ ਗੁਰਵਿੰਦਰ ਸਿੰਘ ਨੰਗਲੀ, ਰਾਗੀ ਭਾਈ ਮਹਿਤਾਬ ਸਿੰਘ ਜਲੰਧਰ ਵਾਲੇ, ਇੰਟਰਨੈਸ਼ਨਲ ਕਵੀਸਰੀ ਜਥਾ ਗਿਆਨੀ ਸੁਖਬੀਰ ਸਿੰਘ, ਕਵੀਸਰੀ ਜਥਾ ਗਿਆਨੀ ਗੁਰਸੇਵਕ ਸਿੰਘ ਹੈਡ ਗ੍ਰੰਥੀ ਟਾਹਲਾ ਸਾਹਿਬ ਤਰਸਿੱਕਾ, ਕਥਾ ਵਾਚਕ ਭਾਈ ਫਤਹਿ ਸਿੰਘ ਡੇਅਰੀਵਾਲ, ਭਾਈ ਬੂਟਾ ਸਿੰਘ ਅਨਮੋਲ ਆਦਿ ਜਥਿਆਂ ਨੇ ਗੁਰਮੱਤ ਵੀਚਾਰਾ ਦੀ ਸਾਝਂ ਪਾਈ ਗਈ।ਇਸ ਮੌਕੇ ਤੇ ਮਿਸਲ ਸਹੀਦਾ ਤਰਨਾ ਦੱਲ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਸੁੱਖਾ ਸਿੰਘ ਬਾਬਾ ਬਕਾਲਾ ਸਾਹਿਬ ਸੰਤ ਬਾਬਾ ਜਥੇਦਾਰ ਬਾਬਾ ਗੁਰਦੇਵ ਸਿੰਘ ਸਹੀਦੀ ਬਾਗ ਵਾਲੇ, ਦਸਮੇਸ਼ ਤਰਨਾ ਦੱਲ ਦੇ ਮੁੱਖੀ ਜਥੇਦਾਰ ਸੰਤ ਬਾਬਾ ਮੇਜਰ ਸਿੰਘ ਸੋਢੀ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਵਾਲੇ, ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ ਸਿਮਲੇ ਵਾਲੇ, ਸੰਤਵਬਾਬਾ ਕੰਵਲਜੀਤ ਸਿੰਘ ਨਾਗੀਅਨ ਉਦੋਕੇ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ ਵਾਲੇ,ਸੰਤ ਬਾਬਾ ਅਮਰ ਸਿੰਘ ਜੱਬੋਵਾਲ, ਸੰਤ ਬਾਬਾ ਉਦੈ ਸਿੰਘ ਲੱਖੋਵਾਲ,ਸੰਤ ਬਾਬਾ ਅਜੈਬ ਸਿੰਘ ਅੰਗਮਗੜ,ਸੰਤ ਬਾਬਾ ਦਰਸਨ ਦਾਸ ਟਾਗਰੇ ਵਾਲੇ, ਸੰਤ ਬਾਬਾ ਸਮਸੇਰ ਸਿੰਘ ਸੈਦੋ ਲੇਹਲ, ਬਾਬਾ ਸੁਖਵੰਤ ਸਿੰਘ ਚੰਨਣਕੇ, ਆਦਿ ਸੰਤਾ ਮਹਾਪੁਰਸ਼ਾ ਨਿਹੰਗ ਸਿੰਘ ਦੱਲ ਪੰਥ ਨੇ ਹਾਜਰੀਆ ਭਰੀਆ । ਇਸ ਮੌਕੇ ਤੇ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਨੇ ਆਏ ਹੋਏ ਸੰਤਾ ਮਹਾਪੁਰਸ਼ਾ ਨੂੰ ਸਿਰਪਾਉ ਅਤੇ ਦੁਸਾਲੇ ਦੇਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਦੇਸਾ ਵਿਦੇਸਾਂ ਦੀਆਂ ਸੰਗਤਾਂ ਨੇ ਬਹੁਤ ਗਿਣਤੀ ਵਿੱਚ ਹਾਜਰੀਆ ਭਰੀਆ। ਗੁਰੂ ਜੀ ਦੇ ਲੰਗਰ ਅਟੁੱਟ ਵਰਤੇ।

### ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ

# ਸਪੋਰਟਕਿੰਗ, ਜੀਦਾ ਦਾ ਉਦਯੋਗਿਕ ਦੌਰਾ



**ਤਲਵੰਡੀ ਸਾਬੋ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ ਇੰਜੀਨੀਅਰਨਿੰਗ ਐਂਡ ਤਕਨਾਲੋਜੀ ਦੇ 52 ਵਿਦਿਆਰਥੀਆਂ ਨੇ ਡਾ. ਸਵਤੰਤਰ ਸਿੰਘ ਖੁਰਮੀ, ਡੀਨ ਦੇ ਮਾਰਗ ਦਰਸ਼ਨ ਹੇਠ ਸਪੋਰਟਕਿੰਗ, ਜੀਦਾ ਦਾ ਉਦਯੋਗਿਕ ਦੌਰਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਡਾ. ਹਰਸਿਮਰਨ ਦੀ ਦੇਖਰੇਖ ਹੇਠ ਨਾਈਲੋਨ ਤੇ ਪੋਲੀਸਟਰ ਧਾਗੇ ਦੇ ਨਿਰੀਖਣ ਅਤੇ ਇਸ ਦੇ ਵਪਾਰ ਸੰਬੰਧੀ ਜਾਣਕਾਰੀ ਹਾਸਿਲ ਕੀਤੀ। ਉਹਨਾਂ ਦੱਸਿਆ ਕਿ ਇਸ ਦੌਰੇ ਵਿੱਚ ਵਿਦਿਆਰਥੀਆਂ ਨੂੰ ਧਾਗੇ ਦੀਆਂ ਉਤਪਾਦਨ ਪ੍ਰਕਿਰਿਆਵਾ, ਉਦਯੋਗਿਕ ਕਾਰਜਾਂ ਅਤੇ ਧਾਗੇ ਦੀ ਗੁਣਵੱਤਾ ਬਣਾਈ ਰੱਖਣ ਲਈ ਵਰਤੇ ਜਾਂਦੇ ਨੁਕਤਿਆਂ ਅਤੇ ਆਧੁਨਿਕ ਮਸ਼ੀਨਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਅਮਿਤ ਟੁਟੇਜਾ, ਡੀਨ ਅਕਾਦਮਿਕ ਨੇ ਫੈਕਲਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰਾਂ ਦੇ ਉਦਯੋਗਿਕ ਦੌਰੇ ਵਿਦਿਆਰਥੀਆਂ ਦੇ ਵਿਅਕਤੀਤੱਵ ਵਿਕਾਸ ਵਿੱਚ ਵੱਡਾ ਯੋਗਦਾਨ ਦਿੰਦੇ ਹਨ। ਜਿਸ ਕਾਰਨ ਵਿਦਿਆਰਥੀਆਂ ਨੂੰ ਆਧੁਨਿਕ ਤਕਨੀਕ ਅਤੇ ਮਸ਼ੀਨਾਂ ਸੰਬੰਧੀ ਵਿਹਾਰਕ ਗਿਆਨ ਹਾਸਿਲ ਹੁੰਦਾ ਹੈ, ਜੋ ਵਿਦਿਆਰਥੀਆਂ ਨੂੰ ਸਵੈ-ਉਦਯੋਗ ਸਥਾਪਿਤ ਕਰਨ ਵਿੱਚ ਸਹਾਈ ਹੁੰਦਾ ਹੈ।


## ਵਰੇਗੰਢ ਮੁਬਾਰਕ



ਸੰਦੀਪ ਸਿੰਘ ਤੇ ਰਾਜਵਿੰਦਰ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਦੀਆਂ ਲੱਖ-ਲੱਖ ਵਧਾਈਆਂ

### ਮੋਦੀ ਟਰੰਪ ਕੋਲੋਂ ਮੰਗਣ ਕੁਝ ਗਏ ਸਨ ਪਰ

# ਟਰੰਪ ਦੁਆਰਾ ਲੁੱਟ ਲਏ ਗਏ: ਸਿੱਖ ਫੈਡਰੇਸ਼ਨ ਯੂਕੇ



**ਨਵੀਂ ਦਿੱਲੀ, 14 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਨਰਿੰਦਰ ਮੋਦੀ ਘੱਟ ਹੀ ਪ੍ਰੈੱਸ ਕਾਨਫਰੰਸ ਕਰਦੇ ਹਨ ਕਿਉਂਕਿ ਅਕਸਰ ਸਵਾਲਾਂ ਦੇ ਜਵਾਬ ਦੇਣ ਅਤੇ ਮੀਡੀਆ ਨਾਲ ਨਜਿੱਠਣ ਵਿਚ ਉਨ੍ਹਾਂ ਦੀਆਂ ਕਮਜ਼ੋਰੀਆਂ ਨੂੰ ਉਜਾਗਰ ਕਰਦਾ ਹੈ। ਇਹ ਗੱਲ ਉਨ੍ਹਾਂ ਦੀ ਮੁਲਾਕਾਤ ਤੋਂ ਬਾਅਦ ਰਾਸ਼ਟਰਪਤੀ ਟਰੰਪ ਨਾਲ ਪ੍ਰੈਸ ਕਾਨਫਰੰਸ ਵਿੱਚ ਉਜਾਗਰ ਕੀਤੀ ਗਈ। ਇਸ ਵਿਚ ਦੱਸਿਆ ਗਿਆ ਹੈ ਕਿ ਮੋਦੀ ਦੀ ਅਮਰੀਕਾ ਫੇਰੀ ਪੂਰੀ ਨਾਕਾਮਯਾਬ ਕਿਉਂ ਸੀ। ਮੋਦੀ ਦਾ ਮੁੱਖ ਉਦੇਸ਼ ਅਮਰੀਕਾ ਵਲੋਂ ਲਗਾਏ ਜਾ ਰਹੇ ਟੈਰਿਫ ਤੋਂ ਬਚਣਾ ਸੀ। ਹਾਲਾਂਕਿ, ਰਾਸ਼ਟਰਪਤੀ ਟਰੰਪ, ਮੋਦੀ ਦੇ ਨਾਲ ਖੜ੍ਹੇ ਹੋਏ ਅਤੇ ਭਾਰਤ 'ਤੇ ਪਰਸਪਰ ਟੈਰਿਫ ਦਾ ਐਲਾਨ ਕੀਤਾ। ਦੋ ਹੋਰ ਮੁੱਦੇ ਜਿੱਥੇ ਮੋਦੀ ਨੇ ਆਪਣੀ ਕਮਜ਼ੋਰੀ ਦਿਖਾਈ, ਜਦੋਂ ਭਾਰਤੀਆਂ ਦੇ ਅਮਰੀਕਾ ਤੋਂ ਦੇਸ਼ ਨਿਕਾਲੇ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਸਿਰਫ਼ ਸਮਰਪਣ ਕਰ ਦਿੱਤਾ ਅਤੇ ਜਦੋਂ ਉਸ ਨੂੰ ਪੁੱਛਿਆ ਗਿਆ ਕਿ ਕੀ ਉਸ ਨੇ ਗੌਤਮ ਅਡਾਨੀ ਦਾ ਮਾਮਲਾ ਉਠਾਇਆ ਹੈ ਤਾਂ ਉਸ ਨੇ ਕਿਹਾ ਨਹੀਂ, ਕਿਉਂਕਿ ਇਹ ਨਿੱਜੀ ਮਾਮਲਾ ਸੀ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਲੀਡਰਸ਼ਿਪ ਭਾਈ ਅਮਰੀਕ ਸਿੰਘ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਹਰਦੀਸ਼ ਸਿੰਘ, ਭਾਈ ਨਰਿੰਦਰਜੀਤ ਸਿੰਘ, ਭਾਈ ਕੁਲਦੀਪ ਸਿੰਘ ਦਿਓਲ, ਭਾਈ ਜਤਿੰਦਰ ਸਿੰਘ ਅਤੇ ਭਾਈ ਦਬਿੰਦਰਜੀਤ ਸਿੰਘ ਨੇ ਕਿਹਾ ਅਸੀਂ ਵ੍ਹਾਈਟ ਹਾਊਸ ਦੇ ਸੂਤਰਾਂ ਤੋਂ ਇਹ ਵੀ ਸਮਝਦੇ ਹਾਂ ਕਿ ਮੋਦੀ ਰਾਸ਼ਟਰਪਤੀ ਟਰੰਪ ਨੂੰ ਇਹ ਪੁੱਛਣ ਤੋਂ ਬਹੁਤ ਡਰੇ ਹੋਏ ਸਨ ਕਿ ਉਹ ਸਿੱਖ ਹੋਮਲੈਂਡ, ਖਾਲਿਸਤਾਨ ਲਈ ਪ੍ਰਚਾਰ ਕਰਨ ਵਾਲਿਆਂ 'ਤੇ ਕਿੱਥੇ ਖੜ੍ਹੇ ਸਨ। ਜਦੋਂ ਦੋ ਭਾਰਤੀ ਪੱਤਰਕਾਰਾਂ ਨੇ ਰਾਸ਼ਟਰਪਤੀ ਟਰੰਪ ਨੂੰ ਪੁੱਛਿਆ ਤਾਂ ਉਸਨੇ ਪ੍ਰੈਸ ਟਰੱਸਟ ਆਫ ਇੰਡੀਆ ਦੇ ਲਲਿਤ ਝਾਅ 'ਤੇ ਚੁਟਕੀ ਲਈ ਅਤੇ ਕਿਹਾ, "ਮੈਂ ਇੱਕ ਸ਼ਬਦ ਨਹੀਂ ਸਮਝ ਸਕਦਾ ਜੋ ਉਹ ਕਹਿ ਰਿਹਾ ਹੈ। ਬਾਅਦ ਵਿੱਚ ਜਦੋਂ ਇੰਡੀਆ ਟੂਡੇ ਦੀ ਇੱਕ ਹੋਰ ਪੱਤਰਕਾਰ ਗੀਤਾ ਮੋਹਨ ਨੇ ਖਾਲਿਸਤਾਨੀਆਂ ਅਤੇ ਭਾਰਤ ਸਰਕਾਰ ਦੇ ਏਜੰਟਾਂ ਬਾਰੇ ਪੁੱਛਿਆ ਤਾਂ ਡੋਨਾਲਡ ਟਰੰਪ ਨੇ ਉਸਦੇ ਸਵਾਲ ਦਾ ਜਵਾਬ ਨਹੀਂ ਦਿੱਤਾ। ਮੋਦੀ ਦੀ ਉਦੋਂ ਆਲੋਚਨਾ ਕੀਤੀ ਜਾਵੇਗੀ ਜਦੋਂ ਉਹ ਭਾਰਤ ਪਰਤਣਗੇ ਕਿਉਂਕਿ ਉਹ ਮੰਗਣ ਕੁਝ ਗਏ ਸਨ ਪਰ ਰਾਸ਼ਟਰਪਤੀ ਟਰੰਪ ਦੁਆਰਾ ਲੁੱਟ ਲਏ ਗਏ ਸਨ।

**ਅਮਰੀਕਾ ਵਿੱਚ ਮੋਦੀ ਅਤੇ ਰਾਸ਼ਟਰਪਤੀ ਟਰੰਪ ਦੀ ਮਿਲਣੀ ਨਾਕਾਮਯਾਬ ਸਾਬਤ ਹੋਈ**

### ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ

# ਮਨੁੱਖਤਾਂ ਲਈ ਪ੍ਰੇਰਣਾ ਸਰੋਤ ਹਨ : ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਦੇ ਪਿੰਡ ਪੇਧਨੀ ਕਲਾਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਗਰ ਦੇ ਸਹਿਯੋਗ ਦੇ ਨਾਲ ਨੌਜਵਾਨਾਂ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਅਵਤਾਰ ਦਿਹਾੜਾ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਉਹਨਾਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਜਿਸ ਸਮੇਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਜਨਮ ਹੋਇਆ। ਉਸ ਸਮੇਂ ਜਾਤ ਅਤੇ ਧਰਮ ਦੇ ਨਾਂ ਤੇ ਨਫਰਤਾਂ ਦਾ ਦੌਰ ਸੀ,ਜਿਸ ਦਾ ਗੁਰੂ ਰਵਿਦਾਸ ਜੀ ਨੇ ਡਟ ਕੇ ਵਿਰੋਧ ਕੀਤਾ ਅਤੇ ਸੰਦੇਸ਼ ਦਿੱਤਾ ਕਿ ਸਾਰੇ ਮਨੁੱਖ ਪ੍ਰਮਾਤਮਾ ਦੀ ਹੀ ਅੰਸ਼ ਹਨ ਜਾਤ ਅਤੇ ਧਰਮ ਦੇ ਪ੍ਰਮਾਤਮਾ ਦੇ ਦੁਸ਼ਮਣ ਹਨ। ਪੂਰੀ ਮਨੁੱਖਤਾਂ ਨੂੰ ਸੱਚੀ ਕਿਰਤ ਦਾ ਰਾਹ ਵੀ ਗੁਰੂ ਰਵੀਦਾਸ ਜੀ ਨੇ ਹੀ ਦਿਖਾਇਆ ਖੁਦ ਜੁੱਤੀਆਂ ਗੰਡ ਗੁਜ਼ਾਰਾ ਕਰਦੇ ਸਨ। ਇਸ ਮੌਕੇ ਉਹਨਾਂ ਦੇ ਨਾਲ ਸਰਪੰਚ ਮੱਖਣ ਸਿੰਘ, ਨੰਬਰਦਾਰ ਰਜਿੰਦਰ ਸਿੰਘ ਸੰਧੂ,ਪੰਚ ਕੁਲਦੀਪ ਸਿੰਘ, ਪੰਚ ਸੁਰਜੀਤ ਸਿੰਘ, ਪੰਚ ਗੁਰਦੀਪ ਸਿੰਘ ਡਿੰਪੀ ਕਲੇਰ, ਪੰਚ ਬਿੱਟੂ ਖੁਰਮੀ, ਪੰਚ ਮੱਖਣ ਸਿੰਘ ਸਿੱਧੂ, ਪੰਚ ਗਗਨਦੀਪ ਸਿੰਘ, ਜਸਵਿੰਦਰ ਸਿੰਘ ਖੁਰਮੀ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ ,ਸਾਬਕਾ ਪੰਚ ਰਮੇਸ਼ ਸਿੰਘ,ਸਾਬਕਾ ਪੰਚ ਮਿੱਠੂ ਸਿੰਘ, ਮਨਜੀਤ ਸਿੰਘ ਟੇਲਰ, ਚਮਕੌਰ ਸਿੰਘ,ਸਾਬਕਾ ਸਰਪੰਚ ਰਾਜਵੀਰ ਸਿੰਘ, ਸਾਬਕਾ ਸਰਪੰਚ ਬੱਗਾ ਸਿੰਘ,ਗੁਰਦੁਆਰਾ ਕਮੇਟੀ ਦੇ ਪ੍ਰਧਾਨ ਗੁਰਮੀਤ ਸਿੰਘ, ਜਗਦੇਵ ਸਿੰਘ ਜੱਗਾ ,ਹਨੀ, ਹੈਰੀ, ਸੈਂਟੀ, ਕਾਲਾ, ਭੱਟੀ, ਜੱਗ, ਰਾਜ ਮਿਸਤਰੀ,ਸਤਪਾਲ, ਪੰਮਾ, ਡਾਕਟਰ ਚਮਕੌਰ, ਗੁਰਮੁਖ ਸਿੰਘ, ਬੰਤ ਸਿੰਘ, ਗੱਗੀ ਪੈਂਟਰ, ਬਿੰਦਲ, ਗੁਰਪ੍ਰੀਤ ਸਿੰਘ, ਰਾਜਾ,ਕੀਰਤਨ ਦੀ ਸੇਵਾ ਸੰਤ ਬਾਬਾ ਗੁਰਮੀਤ ਸਿੰਘ ਅਤੇ ਬਾਬਾ ਪਰਮਜੀਤ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਦੇਹਰਾ ਸਾਹਿਬ ਨੇ ਨਿਭਾਈ, ਸਟੇਜ ਦੀ ਕਾਰਵਾਈ ਕਲੱਬ ਦੇ ਪ੍ਰਧਾਨ ਸਾਧੂ ਸਿੰਘ ਪੇਧਨੀ ਨੇ ਬਖੂਬੀ ਨਾਲ ਨਿਭਾਈ ।

# ਨਵੰਬਰ 1984 ਸਿੱਖ ਕਤਲੇਆਮ ਦੇ ਮਾਮਲਿਆਂ ਨੂੰ ਮੁੜ ਸ਼ੁਰੂ ਕਰਵਾਣ ਦੇ ਮੁੱਖ ਸੂਤਰਧਾਰ ਹਨ-ਗੁਰਲਾਡ ਸਿੰਘ ਕਾਹਲੋਂ

## ਦਿੱਲੀ ਪੁਲਿਸ ਵੱਲੋਂ 650 ਕੇਸ ਮੁੜ ਦਰਜ ਕੀਤੇ ਗਏ, 362 ਕੇਸਾਂ ਵਿੱਚ ਚਾਰਜਸ਼ੀਟ ਦਾਖਲ, 39 ਮਾਮਲਿਆਂ ਵਿੱਚ 442 ਵਿਅਕਤੀ ਵੱਖ-ਵੱਖ ਅਪਰਾਧਾਂ ਲਈ ਦੋਸ਼ੀ



**ਨਵੀਂ ਦਿੱਲੀ 14 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਨਵੰਬਰ 1984 ਵਿਚ ਕੀਤੇ ਗਏ ਸਿੱਖ ਕਤਲੇਆਮ ਦੇ ਮਾਮਲਿਆਂ ਨੂੰ ਮੁੜ ਤੋਂ ਅਦਾਲਤਾਂ ਅੰਦਰ ਸ਼ੁਰੂ ਕਰਵਾਣ ਦੇ ਮੁੱਖ ਸੂਤਰਧਾਰ ਸਰਦਾਰ ਗੁਰਲਾਡ ਸਿੰਘ ਕਾਹਲੋਂ ਹਨ । ਗੁਰਲਾਡ ਸਿੰਘ ਕਾਹਲੋਂ ਪੇਸ਼ੇ ਤੋਂ ਵਕੀਲ, ਪੰਥਕ ਸੇਵਾਦਾਰ ਹਨ ਅਤੇ ਕਤਲੇਆਮ ਪੀੜੀਤਾਂ ਦੇ ਦਰਦ ਨੂੰ ਸਮਝਦਿਆਂ ਨਿੱਜੀ ਸਰਮਾਇਆ ਵਰਤ ਕੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿਚ ਰੁੱਝੇ ਹੋਏ ਹਨ ।ਉਨ੍ਹਾਂ ਵਲੋਂ ਗੰਭੀਰਤਾ ਨਾਲ ਕੀਤੀ ਗਈ ਪੈਰਵਾਈ ਕਰਕੇ ਨਵੰਬਰ 1984 ਵਿਚ ਕੀਤੇ ਗਏ ਸਿੱਖ ਕਤਲੇਆਮ ਦੇ ਮਾਮਲਿਆਂ ਵਿੱਚ ਸੁਪਰੀਮ ਕੋਰਟ ਅੰਦਰ ਦਿੱਤੇ ਗਏ ਹਲਫ਼ਨਾਮੇ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਦਿੱਲੀ ਪੁਲਿਸ ਵੱਲੋਂ 650 ਕੇਸ ਮੁੜ ਦਰਜ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 362 ਕੇਸਾਂ ਵਿੱਚ ਚਾਰਜਸ਼ੀਟ ਦਾਖ਼ਲ ਕੀਤੀ ਗਈ ਸੀ। ਹਾਲਾਂਕਿ, ਸਿਰਫ 39 ਮਾਮਲਿਆਂ ਵਿੱਚ 442 ਵਿਅਕਤੀਆਂ ਨੂੰ ਵੱਖ-ਵੱਖ ਅਪਰਾਧਾਂ ਲਈ ਦੋਸ਼ੀ ਠਹਿਰਾਇਆ ਗਿਆ ਸੀ। ਬੀਤੀ 7 ਫਰਵਰੀ ਨੂੰ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਗੁਰਲਾਡ ਸਿੰਘ ਕਾਹਲੋਂ ਵੱਲੋਂ ਦਾਇਰ ਇੱਕ ਜਨਤਕ ਅੰਤਰਰਾਜੀ ਮੁਕੱਦਮੇ ਦੀ ਸੁਣਵਾਈ ਕਰਦਿਆਂ ਜਸਟਿਸ ਏ ਐਸ ਓਕਾ ਅਤੇ ਜਸਟਿਸ ਉੱਜਲ ਭੁਇਨ ਦੇ ਬੈਂਚ ਨੇ ਪੁਲਿਸ ਦੇ ਡਿਪਟੀ ਕਮਿਸ਼ਨਰ ਸੰਜੇ ਕੁਮਾਰ ਵੱਲੋਂ ਦਾਇਰ ਹਲਫ਼ਨਾਮਾ ਪ੍ਰਾਪਤ ਕੀਤਾ। ਇਸ ਤੋਂ ਪਹਿਲਾਂ, ਸੁਪਰੀਮ ਕੋਰਟ ਨੇ ਗੁਰਲਾਡ ਸਿੰਘ ਕਾਹਲੋਂ ਦੀ ਪਟੀਸ਼ਨ 'ਤੇ, 1984 ਦੇ ਸਿੱਖ ਕਤਲੇਆਮ ਨਾਲ ਸਬੰਧਤ 186 ਮਾਮਲਿਆਂ ਦੀ ਜਾਂਚ ਲਈ ਜਸਟਿਸ ਐਸਐਨ ਢੀਂਗਰਾ (ਸੇਵਾਮੁਕਤ) ਦੀ ਅਗਵਾਈ ਵਾਲੀ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਗਿਆ ਸੀ। ਦਰਜ ਕੀਤੇ ਗਏ 650 ਕੇਸਾਂ ਵਿੱਚੋਂ 323 ਵਿੱਚ ਅਦਾਲਤਾਂ ਨੇ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ, ਜਦੋਂ ਕਿ 267 ਕੇਸਾਂ ਨੂੰ 'ਅਣਟ੍ਰੇਸ' ਮੰਨਿਆ ਗਿਆ। ਅਦਾਲਤਾਂ ਵੱਲੋਂ ਸਿਰਫ਼ 266 ਕੇਸਾਂ ਨੂੰ ਸਵੀਕਾਰ ਕੀਤਾ ਗਿਆ। ਉਨ੍ਹਾਂ ਦਸਿਆ ਕਿ ਹਲਫ਼ਨਾਮੇ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕਤਲ ਅਤੇ ਸਮੂਹਿਕ ਬਲਾਤਕਾਰ ਦੀਆਂ ਕੁਝ ਘਟਨਾਵਾਂ ਦੀ ਕਦੇ ਜਾਂਚ ਨਹੀਂ ਕੀਤੀ ਗਈ, 51 ਕਤਲਾਂ ਵਿੱਚ ਦੋਸ਼ ਤੈਅ ਨਹੀਂ ਕੀਤੇ ਗਏ ਅਤੇ 48 ਕਤਲਾਂ ਲਈ ਤਿੰਨ ਐਫਆਈਆਰ ਦਰਜ ਕੀਤੀਆਂ ਗਈਆਂ। ਹਾਈਕੋਰਟ ਨੇ ਪੁਲਿਸ ਵੱਲੋਂ ਬਰੀ ਕੀਤੇ ਜਾਣ ਵਾਲਿਆਂ ਵਿਰੁੱਧ ਦਾਇਰ ਅਪੀਲਾਂ 'ਤੇ ਸੁਣਵਾਈ ਨਹੀਂ ਕੀਤੀ। ਪੁਲਿਸ ਦੇ ਹਲਫ਼ਨਾਮੇ ਵਿੱਚ ਕਿਹਾ ਗਿਆ ਹੈ ਕਿ ਅਸੀਂ ਅੱਠ ਮਾਮਲਿਆਂ ਵਿੱਚ ਅਪੀਲਾਂ ਨੂੰ ਦੁਬਾਰਾ ਦਾਇਰ ਕੀਤਾ ਅਤੇ ਉਨ੍ਹਾਂ ਸਾਰਿਆਂ ਨੂੰ ਦਿੱਲੀ ਹਾਈ ਕੋਰਟ ਨੇ ਦੇਰੀ ਨਾਲ ਪੇਸ਼ ਹੋਣ ਦੇ ਆਧਾਰ 'ਤੇ ਖਾਰਜ ਕਰ ਦਿੱਤਾ। ਹਾਈ ਕੋਰਟ ਵਿੱਚ ਚਾਰ ਅਪੀਲਾਂ ਪੈਂਡਿੰਗ ਹਨ, ਜਦੋਂ ਕਿ ਉਸ ਅਦਾਲਤ ਵੱਲੋਂ ਅਪੀਲਾਂ ਨੂੰ ਖਾਰਜ ਕਰਨ ਵਿਰੁੱਧ ਦਾਇਰ ਛੇ ਅਪੀਲਾਂ ਸੁਪਰੀਮ ਕੋਰਟ ਵਿੱਚ ਪੈਂਡਿੰਗ ਹਨ। ਉਨ੍ਹਾਂ ਦਸਿਆ ਕਿ ਦਿੱਲੀ ਛਾਉਣੀ ਮਾਮਲੇ ਵਿੱਚ ਦਰਜ ਐਫਆਈਆਰ ਦੇ ਸਬੰਧ ਵਿੱਚ, ਦੋ ਆਦਮੀਆਂ ਦੇ ਕਤਲ ਦੇ ਦੋਸ਼ੀ ਜੋੜੇ ਨੂੰ ਭਗੌੜਾ ਕਰਾਰ ਦਿੱਤਾ ਗਿਆ ਸੀ ਪਰ ਕੀਤੇ ਗਏ ਕਤਲ ਲਈ ਕਿਸੇ ਮੁਕੱਦਮੇ ਦਾ ਸਾਹਮਣਾ ਨਹੀਂ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਵੀ ਹਲਫ਼ੀਆ ਬਿਆਨ ਅਨੁਸਾਰ ਅਪੀਲ ਬੇਤੁਕੇ ਢੰਗ ਨਾਲ ਦਾਇਰ ਕੀਤੀ ਗਈ ਸੀ ਅਤੇ ਕਮੇਟੀ ਵੱਲੋਂ ਅਪੀਲ ਦਾ ਕਾਰਨ ਅਦਾਲਤ ਦੇ ਧਿਆਨ ਵਿੱਚ ਨਹੀਂ ਲਿਆਂਦਾ ਗਿਆ। "ਇਸਤਗਾਸਾ ਦੁਆਰਾ ਨਿਰਦੇਸ਼ਿਤ ਗਵਾਹਾਂ ਨੂੰ ਪੇਸ਼ ਨਹੀਂ ਕੀਤਾ ਗਿਆ। ਨਾ ਸਿਰਫ ਮੁਕੱਦਮਾ ਇੱਕ ਧੋਖਾਧੜੀ ਸੀ, ਸਗੋਂ ਅਪੀਲ ਵੀ ਬੇਤੁਕੀ ਸੀ। ਹਾਈਕੋਰਟ ਨੇ ਅਜੀਬ ਤੱਥਾਂ 'ਤੇ ਗੌਰ ਨਹੀਂ ਕੀਤਾ ਅਤੇ ਇਸ ਮੁੱਦੇ 'ਤੇ ਅਪੀਲ ਨੂੰ ਖਾਰਜ ਕਰ ਦਿੱਤਾ ਕਿ ਵੱਖਰੇ ਪੁਲਿਸ ਸਟੇਸ਼ਨ ਦੀ ਪਹਿਲਾਂ ਕੀਤੀ ਗਈ ਅਪੀਲ ਨੂੰ ਖਾਰਜ ਕਰ ਦਿੱਤਾ ਗਿਆ ਸੀ। ਅਪੀਲ ਰਸਮੀ ਤੌਰ 'ਤੇ ਦਾਇਰ ਨਹੀਂ ਕੀਤੀ ਗਈ ਸੀ ਅਤੇ ਦਿੱਲੀ ਹਾਈ ਕੋਰਟ ਦੇ ਸਾਹਮਣੇ ਸਹੀ ਤੱਥ ਪੇਸ਼ ਕੀਤੇ ਗਏ ਸਨ। ਜਿੱਥੋਂ ਤੱਕ ਦੋਸ਼ ਹੈ ਕਿ ਪੁਲਿਸ ਅਫਸਰ ਸ਼ੂਰਵੀਰ ਸਿੰਘ ਤਿਆਗੀ ਨੇ ਭੀੜ ਨੂੰ ਹਮਲਾ ਕਰਨ ਦਾ ਇਸ਼ਾਰਾ ਕਰਨ ਤੋਂ ਪਹਿਲਾਂ ਸਿੱਖਾਂ ਦੇ ਲਾਇਸੈਂਸੀ ਹਥਿਆਰ ਜ਼ਬਤ ਕਰ ਲਏ ਸਨ ਅਤੇ ਉਸ ਨੇ ਸਿੱਖਾਂ ਨੂੰ ਗ੍ਰਿਫਤਾਰ ਕਰ ਲਿਆ ਸੀ। ਪਰ ਇੱਕ ਵੀ ਦੰਗਾਕਾਰੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ, ਹਲਫਨਾਮੇ ਵਿੱਚ ਕਿਹਾ ਗਿਆ ਹੈ, ਕਿ ਸਮਾਂ ਬੀਤ ਜਾਣ ਕਾਰਨ, ਉਨ੍ਹਾਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਸ਼ੁਰੂ ਨਹੀਂ ਕੀਤੀ ਜਾ ਸਕੀ।

## ਭਗਵੰਤ ਮਾਨ ਸਰਕਾਰ ਵੱਲੋਂ ਲਏ ਗਏ ਫੈਸਲੇ ਬਠਿੰਡੇ ਦੇ ਲੋਕਾਂ ਲਈ ਅਸਲ ਮਾਇਨੇ ਵਿੱਚ ਤਰੱਕੀ ਦੀ ਨਵੀਂ ਸ਼ੁਰੂਆਤ- ਨੀਲ ਗਰਗ



**ਬਠਿੰਡਾ, 14 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਨੇ ਬਠਿੰਡਾ ਦੀ ਤਰੱਕੀ ਲਈ ਲਏ ਗਏ ਮਹੱਤਵਪੂਰਨ ਫੈਸਲੇ ਦੀ ਪ੍ਰਸ਼ੰਸ਼ਾ ਕਰਦਿਆਂ ਕਿਹਾ ਕਿ ਪੰਜਾਬ ਕੈਬਨਟ ਵੱਲੋਂ ਬਠਿੰਡੇ ਲਈ ਲਿਆ ਗਇਆ ਇਹ ਵਿਕਾਸ ਅਤੇ ਲੋਕ-ਪੱਖੀ ਫੈਸਲਾ ਸ਼ਹਿਰ ਵਾਸੀਆਂ ਲਈ ਨਵੀਆਂ ਸਹੂਲਤਾਂ ਪ੍ਰਦਾਨ ਕਰੇਗਾ। ਨੀਲ ਗਰਗ ਨੇ ਕਿਹਾ ਕਿ ਮਲੋਟ ਰੋਡ 'ਤੇ ਨਵਾਂ ਬੱਸ ਸਟੈਂਡ ਬਣਾਇਆ ਜਾਵੇਗਾ, ਜੋ ਕਿ ਆਧੁਨਿਕ ਸੁਵਿਧਾਵਾਂ ਨਾਲ ਲੈਸ ਹੋਵੇਗਾ। 38 ਕਰੋੜ ਦੀ ਲਾਗਤ ਨਾਲ ਵਾਟਰ ਟ੍ਰੀਟਮੈਂਟ ਪਲਾਂਟ ਵੀ ਮਨਜ਼ੂਰ ਕੀਤਾ ਗਿਆ ਹੈ, ਜਿਸ ਨਾਲ ਬਠਿੰਡਾ ਵਿੱਚ ਨਹਿਰਬੰਦੀ ਦੌਰਾਨ ਪਾਣੀ ਦੀ ਆਉਣ ਵਾਲੀ ਘਾਟ ਦਾ ਵੀ ਹੱਲ ਹੋਵੇਗਾ। ਨੀਲ ਗਰਗ ਨੇ ਭਗਵੰਤ ਮਾਨ ਦੀ ਸਰਕਾਰ ਵੱਲੋਂ ਬਠਿੰਡਾ ਦੇ ਵਿਕਾਸ ਲਈ ਲਏ ਗਏ ਅਹਿਮ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਠਿੰਡਾ ਵਿਖੇ 95 ਏਕੜ 'ਚ ਨਵੀਆਂ ਰਹਾਇਸ਼ੀ ਤੇ ਕਮਰਸ਼ੀਅਲ ਕਲੋਨੀਆਂ ਆਮ ਆਦਮੀ ਲਈ ਅਫੋਰਡੇਬਲ ਘਰ, 8 ਏਕੜ ਵਿੱਚ ਵੱਡੀ ESI ਡਿਸਪੈਂਸਰੀ ਜਿਸ ਨਾਲ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਮਿਲਣਗੀਆਂ, 173 ਏਕੜ ਵਿੱਚ 3 ਝੀਲਾਂ ਦਾ ਵਿਕਾਸ, ਬਠਿੰਡੇ ਨੂੰ ਟੂਰਿਸਟ ਹਬ ਬਣਾਉਣ ਦੀ ਯੋਜਨਾ, ਨਵੇਂ ਨਗਰ ਨਿਗਮ ਦਫ਼ਤਰ ਦੀ ਮਨਜ਼ੂਰੀ ਅਜਿਹੇ ਹੋਰ ਵੀ ਕਈ ਮਹਤਵਪੂਰਨ ਫੈਸਲੇ ਲਏ ਗਏ ਹਨ। ਜਿਸ ਨਾਲ ਬਠਿੰਡਾ ਸ਼ਹਿਰ ਦੀ ਨੁਹਾਰ ਬਦਲ ਜਾਵੇਗੀ। ਨੀਲ ਗਰਗ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲਏ ਗਏ ਫੈਸਲੇ ਬਠਿੰਡੇ ਦੇ ਲੋਕਾਂ ਲਈ ਅਸਲ ਮਾਇਨੇ ਵਿੱਚ ਤਰੱਕੀ ਦੀ ਨਵੀਂ ਸ਼ੁਰੂਆਤ ਹੈ। "ਆਪ ਸਰਕਾਰ ਨੇ ਹਮੇਸ਼ਾ ਲੋਕ ਪੱਖੀ ਫੈਸਲੇ ਲਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੈਨਿਕ ਵਿੰਗ ਵੱਲੋਂ ਆਰਮੀ ਡੇ ਮੌਕੇ ਖੇਡਾਂ, ਪੜਾਈ, ਕਲਾਕਾਰੀ ਅਤੇ ਸਮਾਜ ਸੇਵੀ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ

# ਲੜਕੀਆਂ ਅਤੇ ਮਹਿਲਾਵਾਂ ਨੂੰ ਕੀਤਾ ਸਨਮਾਨਿਤ - ਇੰਜ ਸਿੱਧੂ




**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਸੈਨਿਕ ਵਿੰਗ ਜਿਲ੍ਹਾ ਬਰਨਾਲਾ ਵੱਲੋ ਆਰਮੀ ਡੇ 2025 ਸਰਪ੍ਰਸਤ ਕੈਪਟਨ ਬਿਕਰਮ ਸਿੰਘ ਸੂਬੇਦਾਰ ਸੌਦਾਗਰ ਸਿੰਘ ਅਤੇ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਦੀ ਯੋਗ ਅਗਵਾਈ ਹੇਠ ਹੋਟਲ ਰਾਇਲ ਸਿਟੀ ਬਰਨਾਲਾ ਵਿੱਖੇ ਮੰਨਾਇਆ ਗਿਆ ਜਿਸ ਵਿੱਚ ਸੈਨਿਕ ਵਿੰਗ ਦੇ ਸੂਬਾ ਪ੍ਰਧਾਨ ਅਤੇ ਭਾਜਪਾ ਹਲਕਾ ਇੰਚਾਰਜ ਭਦੌੜ ਇੰਜ ਗੁਰਜਿੰਦਰ ਸਿੰਘ ਸਿੱਧੂ ਵਿਸੇਸ ਤੌਰ ਤੇ ਸ਼ਾਮਿਲ ਹੋਏ। ਇਹ ਜਾਣਕਾਰੀ ਪ੍ਰੈਸ ਨੋਟ ਰਾਹੀਂ ਸੂਬੇਦਾਰ ਕਮਲ ਸ਼ਰਮਾ ਨੇ ਦਿੱਤੀ ਹਾਜ਼ਰੀਨ ਨੂੰ ਸਬੋਧਨ ਕਰਦਿਆਂ ਇੰਜ ਸਿੱਧੂ ਨੇ ਸਮੂਹ ਪੰਜਾਬ ਦੇ ਸਾਬਕਾ ਸਾਬਕਾ ਸੈਨਿਕਾਂ ਨੂੰ ਇਕਜੁੱਟ ਹੋਣ ਦਾ ਹੋਕਾ ਦਿੱਤਾ ਅਤੇ ਕਿਹਾ ਕਿ ਜਿੰਨਾ ਚਿਰ ਅਸੀਂ ਇਕੱਠੇ ਨਹੀਂ ਹੋਵਾਂਗੇ ਉਨ੍ਹਾਂ ਚਿਰ ਸਾਨੂੰ ਸਾਡੇ ਹੱਕ ਭੀ ਨਹੀਂ ਮਿਲਣਗੇ ਇਸ ਮੌਕੇ ਵਾਈ ਐਸ ਸਕੂਲ ਬਰਨਾਲਾ ਦੇ ਹੋਣਹਾਰ ਬੱਚਿਆਂ ਨੂੰ ਪੜਾਈ ਦੇ ਖੇਤਰ ਵਿੱਚ ਪ੍ਰਭਲੀਨ ਕੌਰ ਖੇਡਾਂ ਦੇ ਖੇਤਰ ਵਿੱਚ ਨੂਰ ਕੌਰ ਬਾਕਸਿੰਗ ਵਿੱਚ ਗੋਲਡ ਮੈਡਲ ਬਬਨਯੋਤ ਕੌਰ ਬੈਡਮਿੰਟਨ ਵਿੱਚ ਗੋਲਡ ਮੈਡਲ ਹਾਸਲ ਕਰਨ ਅਤੇ ਕੇਂਦਰੀ ਵਿਦਿਆਲਿਆ ਦੀ ਅਰਸ਼ਦੀਪ ਕੌਰ ਕਰਾਟੇ ਵਿੱਚ ਗੋਲਡ ਮੈਡਲ ਅਤੇ ਸਹਿਜਪ੍ਰੀਤ ਕੌਰ ਕਰਾਟੇ ਵਿੱਚ ਸਿਲਵਰ ਮੈਡਲ ਹਾਸਲ ਕਰਨ ਲਈ ਬੱਚਿਆ ਨੂੰ ਅਤੇ ਮੈਡਮ ਸਵਿਤਾ ਨੂੰ ਸਨਮਾਨਿਤ ਕਰਕੇ ਹੌਸਲਾ ਅਫਜ਼ਾਈ ਕੀਤੀ ਗਈ ਇਸ ਸਮਾਗਮ ਵਿੱਚ ਪੰਜਾਬੀ ਫਿਲਮ ਜਗਤ ਦੀ ਜਾਨੀ ਮਾਨੀ ਅਤੇ ਸਥਾਪਿਤ ਕਲਾਕਾਰ ਅਤੇ ਬਰਨਾਲਾ ਸ਼ਹਿਰ ਦਾ ਮਾਣ ਮੈਡਮ ਰੁਪਿੰਦਰ ਕੌਰ ਰੂਪੀ ਅਤੇ ਫਿਲਮੀ ਕਲਾਕਾਰ ਧਰਮਿੰਦਰ ਬਰਨਾਲਾ ਦਾ ਭੀ ਉਚੇਚੇ ਤੌਰ ਤੇ ਸਨਮਾਨ ਕੀਤਾ ਗਿਆ ਇਸ ਮੌਕੇ ਪ੍ਰਸਿੱਧ ਸਮਾਜ ਸੇਵੀ ਬੋਬੀ ਬਾਂਸਲ ਨੂੰ ਭੀ ਸਾਬਕਾ ਸੈਨਿਕ ਵਿੰਗ ਨੇ ਸਨਮਾਨਿਤ ਕੀਤਾ।ਇਸ ਮੌਕੇ ਸੂਬੇਦਾਰ ਧੰਨਾ ਸਿੰਘ ਧੌਲਾ ਸੂਬੇਦਾਰ ਜਗਸੀਰ ਸਿੰਘ ਸੂਬੇਦਾਰ ਗੁਰਮੇਲ ਸਿੰਘ ਧਨੌਲਾ ਸੂਬੇਦਾਰ ਕਰਮਜੀਤ ਸਿੰਘ ਕੈਪਟਨ ਪਰਮਜੀਤ ਸਿੰਘ ਕੱਟੂ ਹੌਲਦਾਰ ਰੂਪ ਸਿੰਘ ਮਹਿਤਾ ਹੌਲਦਾਰ ਬਸੰਤ ਸਿੰਘ ਅਤੇ ਹੋਰ ਬਹੁਤ ਸਾਰੇ ਸਾਬਕਾ ਸੈਨਿਕ ਹਾਜਰ ਸਨ।

### ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸਾਰਥਕ ਕਦਮ ਚੁੱਕੇ ਜਾ ਰਹੇ ਹਨ - ਦਲਬੀਰ ਸਿੰਘ ਢਿੱਲੋਂ

# ਘਨੌਰ ਖੁਰਦ ਵਿੱਚ 20 ਲੱਖ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ



**ਸ਼ੇਰਪੁਰ/ ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਵਿਆਪਕ ਪੱਧਰ ਤੇ ਉਤਸ਼ਾਹਿਤ ਕਰਨ ਲਈ ਉਪਰਾਲੇ ਜਾਰੀ ਹਨ। ਇਸ ਉਦੇਸ਼ ਦੀ ਪੂਰਤੀ ਹਿੱਤ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਵਾਏ ਜਾ ਰਹੇ ਹਨ ਤਾਂ ਜੋ ਏਥੇ ਖਿਡਾਰੀ ਨਿਰੰਤਰ ਅਭਿਆਸ ਕਰਕੇ ਸੂਬਾ, ਕੌਮੀ ਅਤੇ ਕੌਮਾਂਤਰੀ ਪੱਧਰ ਉੱਤੇ ਵੱਡੀਆਂ ਖੇਡ ਪ੍ਰਾਪਤੀਆਂ ਦਰਜ ਕਰ ਸਕਣ। ਇਹ ਪ੍ਰਗਟਾਵਾ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋ ਨੇ ਬਲਾਕ ਸ਼ੇਰਪੁਰ ਦੇ ਪਿੰਡ ਘਨੌਰ ਖੁਰਦ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਦੀ ਮੌਜੂਦਗੀ ਵਿੱਚ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਦਲਬੀਰ ਸਿੰਘ ਢਿੱਲੋ ਨੇ ਦੱਸਿਆ ਕਿ ਬਲਾਕ ਧੂਰੀ ਅਤੇ ਸ਼ੇਰਪੁਰ ਦੇ ਕਈ ਪਿੰਡਾਂ ਵਿੱਚ ਅਜਿਹੇ ਖੇਡ ਸਟੇਡੀਅਮ ਜਾਂ ਤਾਂ ਪ੍ਰਗਤੀ ਅਧੀਨ ਹਨ ਅਤੇ ਜਾਂ ਫਿਰ ਛੇਤੀ ਹੀ ਸ਼ੁਰੂ ਹੋਣ ਵਾਲੇ ਹਨ।ਉਹਨਾਂ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਨਿਰਮਾਣ ਕਾਰਜ ਸਮੇਂ ਸਿਰ ਮੁਕੰਮਲ ਕਰਨ ਅਤੇ ਸਮੇਂ ਸਮੇਂ ਤੇ ਪ੍ਰਗਤੀ ਅਧੀਨ ਪ੍ਰੋਜੈਕਟਾਂ ਦੀ ਨਿਗਰਾਨੀ ਕਰਦੇ ਰਹਿਣ ਦੀ ਹਦਾਇਤ ਕੀਤੀ ਗਈ ਹੈ। ਇਸ ਤੋਂ ਇਲਾਵਾ ਐਮਐਲਏ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ ਅਤੇ ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋ ਵੱਲੋਂ ਪਿੰਡ ਘਨੌਰੀ ਖੁਰਦ ਵਿੱਚ ਸ਼੍ਰੋਮਣੀ ਭਗਤ ਰਵਿਦਾਸ ਜੀ ਨੂੰ ਸਮਰਪਿਤ ਧਰਮਸ਼ਾਲਾ ਦੇ ਸੈਡ ਅਤੇ ਰਸਤੇ ਨੂੰ ਪੱਕਾ ਕਰਨ ਦਾ ਉਦਘਾਟਨ ਵੀ ਕੀਤਾ ਗਿਆ।

**ਐਮ.ਐਲ.ਏ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ ਅਤੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਵੱਲੋਂ ਪਿੰਡ ਘਨੌਰੀ ਖੁਰਦ ਵਿੱਚ ਧਰਮਸ਼ਾਲਾ ਦੇ ਸ਼ੈੱਡ ਦਾ ਵੀ ਉਦਘਾਟਨ**

### ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਰੜਵਾਲ ਵਿਖੇ ਆਯੋਜਿਤ ਰੋਜ਼ਗਾਰ ਮੇਲੇ ਨੂੰ ਭਰਵਾਂ ਹੁੰਗਾਰਾ ਮਿਲਿਆ

# ਵੱਖ-ਵੱਖ ਕੰਪਨੀਆਂ ਵੱਲੋਂ 153 ਪ੍ਰਾਰਥੀਆਂ ਦੀ ਚੋਣ




**ਧੂਰੀ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਦੇ ਦਿਸਾ ਨਿਰਦੇਸਾਂ ਅਨੁਸਾਰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਅੱਜ ਦੇਸ਼ ਭਗਤ ਪੌਲੀਟੈਕਨੀਕ ਕਾਲਜ, ਬਰੜਵਾਲ ਵਿਖੇ ਰੋਜ਼ਗਾਰ ਮੇਲਾ ਆਯੋਜਿਤ ਕੀਤਾ ਗਿਆ।ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਅਫਸਰ ਸ੍ਰੀਮਤੀ ਸਿੰਪੀ ਸਿੰਗਲਾ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਇਸ ਮੌਕੇ 24 ਨਾਮਵਾਰ ਕੰਪਨੀਆਂ ਜਿਵੇਂ ਕਿ ਅਰੀਹੰਤ ਸਪੀਨਿੰਗ ਮਿਲ, ਮਹਿੰਦਰਾ ਐਂਡ ਮਹਿੰਦਰਾ, ਰਾਈਸੀਲਾ, ਮੈਕਸ ਆਟੋ, ਐਸ.ਟੀ.ਕੌਂਟੈਕਸ ਐਕਸਪੋਰਟ ਅਤੇ ਵਰਧਮਾਨ ਅਪੈਰਲ ਆਦਿ ਨਿਯੋਜਕਾਂ ਨੇ ਹਿੱਸਾ ਲਿਆ ਅਤੇ ਇਸ ਦੌਰਾਨ ਲਗਭਗ 400 ਦੇ ਕਰੀਬ ਪ੍ਰਾਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 67 ਦੇ ਕਰੀਬ ਪ੍ਰਾਰਥੀ ਸ਼ਾਰਟ ਲਿਸਟ ਕੀਤੇ ਗਏ ਅਤੇ 153 ਪ੍ਰਾਰਥੀਆਂ ਦੀ ਮੌਕੇ ਉੱਤੇ ਚੋਣ ਕੀਤੀ ਗਈ। ਉਹਨਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਸਵੈ-ਰੋਜ਼ਗਾਰ ਅਤੇ ਹੁਨਰ ਸਿਖਲਾਈ ਵਿਭਾਗ ਜਿਵੇਂ ਕਿ ਜ਼ਿਲ੍ਹਾ ਉਦਯੋਗ ਕੇਂਦਰ, ਮੱਛੀ ਪਾਲਣ, ਪਸ਼ੂ ਪਾਲਣ, ਐਸ.ਸੀ ਕਾਰਪੋਰੇਸ਼ਨ, ਬੈਕਫਿੰਕੋ ਅਤੇ ਆਰ.ਸੇਟੀ. ਆਦਿ ਅਤੇ ਵੱਖ-ਵੱਖ ਸਰਕਾਰੀ ਬੈਂਕਾਂ ਦੇ ਨੁਮਾਇੰਦਿਆਂ ਵੱਲੋਂ ਵੀ ਹਿੱਸਾ ਲਿਆ ਗਿਆ ਅਤੇ ਇਸ ਦੌਰਾਨ ਇਹਨਾਂ ਵਿਭਾਗਾਂ ਵੱਲੋਂ ਸਵੈ-ਰੋਜ਼ਗਾਰ ਅਤੇ ਹੁਨਰ ਸਿਖਲਾਈ ਲਈ 138 ਦੇ ਕਰੀਬ ਪ੍ਰਾਰਥੀਆਂ ਦੀ ਸ਼ਨਾਖਤ ਕੀਤੀ ਗਈ।

## ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਜ਼ਲੀਲ ਕਰਕੇ ਆਹੁਦੇ ਤੋਂ ਲਾਉਣ ਤੋਂ ਬਾਅਦ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦਾ ਹੱਕ'ਚ ਆਉਣਾ ਬਾਦਲਾਂ ਲਈ ਵੱਡੀ ਮੁਸੀਬਤ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 14 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਆਖਿਰ ਸਿਖਾਂ ਦੀ ਸੁਪਰੀਮ ਪਾਵਰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਗਿਆਨੀ ਰਘਬੀਰ ਸਿੰਘ ਜੀ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰ ਦੇ ਹੁਕਮਾਂ ਤੋਂ ਬਾਗੀ ਹੋ ਕੇ ਜ਼ਲੀਲ ਕਰ ਆਹੁੱਦੇ ਤੋਂ ਕੱਢਣ ਵਾਲੇ ਸ਼੍ਰੋਮਣੀ ਕਮੇਟੀ ਦੇ ਡਰਾਮੇ ਤੇ ਵਰਤਾਰੇ ਦੀ ਨਿੰਦਾ ਹੀ ਨਹੀਂ ਕੀਤੀ ਸਗੋਂ ਇਹ ਵੀ ਕਿਹਾ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋਣਾ ਬਾਦਲਾਂ ਨੂੰ ਭਵਿੱਖ ਵਿੱਚ ਮਹਿੰਗਾ ਪੈ ਸਕਦਾ ਹੈ ਕਿਉਂਕਿ ਹੁਣ ਬਾਦਲਕਿਆਂ ਨੇ ਅਕਾਲ ਤਖ਼ਤ ਸਾਹਿਬ ਨਾਲ ਸਿਧਾ ਮੱਥਾ ਲਾ ਲਿਆ ਹੈ ਅਤੇ ਅਜਿਹਾ ਕਰਨ ਵਾਲਾ ਅਜੇ ਤੱਕ ਕੋਈ ਸਫਲ ਨਹੀਂ ਹੋਇਆ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋ ਕੇ ਸੱਤ ਮੈਂਬਰੀ ਕਮੇਟੀ ਰਾਹੀਂ ਭਰਤੀ ਕਰਨ ਵਾਲੇ ਵਰਤਾਰੇ ਦੀ ਨਿੰਦਾ ਕਰਦੀ ਹੈ ਉਥੇ ਜਥੇਦਾਰ ਸਾਹਿਬ ਨੂੰ ਬੇਨਤੀ ਕਰਦੀ ਹੈ ਉਹ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਿਆਂ ਤੋਂ ਨਿਹੰਗ ਸਿੰਘ ਜਥੇਬੰਦੀਆਂ ਨੂੰ ਹੁਕਮ ਕਰਵਾਉਣ ਕਿ ਉਹ ਬਾਦਲਕਿਆਂ ਨੂੰ ਘੋੜਿਆ ਨਾਲ ਬੰਨ੍ਹ ਕੇ ਅਕਾਲ ਤਖ਼ਤ ਸਾਹਿਬ ਲਿਆਉਣ ਤੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਤਾਂ ਕਿ ਅੱਗੇ ਤੋਂ ਕੋਈ ਵੀ ਆਪਣੇ ਆਪ ਅਕਾਲੀ ਅਖਵਾਉਣ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਬਾਗੀ ਹੋ ਕੇ ਜਥੇਦਾਰ ਸਾਹਿਬ ਵਰਗੇ ਸਰਬਉਚ ਤੇ ਵੱਕਾਰੀ ਅਹੁਦੇ ਦਾ ਅਪਮਾਨ ਕਰਨ ਦੀ ਹਿੰਮਤ ਨਾ ਕਰ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਜਥੇਦਾਰ ਸਾਹਿਬ ਦੇ ਹੁਕਮਾਂ ਵਿਰੁੱਧ ਸ਼੍ਰੋਮਣੀ ਕਮੇਟੀ ਵੱਲੋਂ ਜ਼ਲੀਲ ਕਰਕੇ ਕੱਢਣ ਦੀ ਨਿੰਦਾ ਅਤੇ ਜਥੇਦਾਰ ਸਾਹਿਬ ਨੂੰ ਪੰਜ ਪਿਆਰਿਆਂ ਰਾਹੀਂ ਨਿਹੰਗ ਸਿੰਘਾਂ ਫ਼ੌਜਾਂ ਦੇ ਬਲ ਨਾਲ ਬਾਦਲਕਿਆਂ ਨੂੰ ਘੋੜਿਆ ਪਿਛੇ ਬੰਨ ਕਿ ਅਕਾਲ ਤਖ਼ਤ ਸਾਹਿਬ ਦੇ ਸਹਾਮਣੇ ਲਿਆਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਭਾਈ ਖਾਲਸਾ ਨੇ ਕਿਹਾ ਹੁਣ ਤਾਂ ਜਥੇਦਾਰ ਅਕਾਲ ਤਖ਼ਤ ਸਾਹਿਬ ਵੀ ਮੰਨ ਗਏ ਹਨ ਕਿ ਦੋ ਦਸੰਬਰ ਨੂੰ ਬਾਦਲਾਂ ਨੂੰ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਸੁਣਾਈ ਸਜ਼ਾ ਦੀ ਕਿੜ ਕੱਢਣ ਲਈ ਹੀ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਉਹਨਾਂ ਦੇ ਆਹੁਦੇ ਤੋਂ ਹਟਾਇਆ ਗਿਆ, ਭਾਈ ਖਾਲਸਾ ਨੇ ਦੱਸਿਆ ਇਥੇ ਹੀ ਬੱਸ ਨਹੀਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੋਂ ਉਲਟ ਕੀਤੀ ਕਾਰਵਾਈ ਤਖ਼ਤ ਵਿਰੋਧੀ ਸੀ, ਭਾਈ ਖਾਲਸਾ ਨੇ ਦੱਸਿਆ ਗਿਆਨੀ ਰਘਬੀਰ ਸਿੰਘ ਜੀ ਨੇ ਇਹ ਵੀ ਸਪਸ਼ਟ ਕਰ ਦਿੱਤਾ ਹੈ ਅਸੀਂ ਹੁਕਮ ਕੀਤਾ ਸੀ ਕਿ ਦਾਗ.ੀ ਬਾਗ.ੀ ਚੁੱਲ੍ਹਾ ਚੌਂਕਾ ਇੱਕ ਕਰਨ ਤੇ ਸੱਤ ਮੈਂਬਰੀ ਬਣਾਈ ਕਮੇਟੀ ਹੀ ਅਕਾਲੀ ਦਲ ਭਰਤੀ ਅਰੰਭੇ, ਭਾਈ ਖਾਲਸਾ ਨੇ ਦੱਸਿਆ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦੇ ਇਸ ਹੁਕਮ ਦੇ ਉਲਟ ਬਾਦਲਕਿਆਂ ਨੇ ਆਪਣੀ ਸੱਤ ਮੈਂਬਰੀ ਕਮੇਟੀ ਰਾਹੀਂ ਭਰਤੀ ਮੁਹਿੰਮ ਸ਼ੁਰੂ ਕਰ ਦਿੱਤੀ, ਭਾਈ ਖਾਲਸਾ ਨੇ ਦੱਸਿਆ ਜਦੋਂ ਗੁਰਪ੍ਰਤਾਪ ਸਿੰਘ ਵਡਾਲਾ ਤੇ ਹੋਰਾ ਨੇ ਇਸ ਦੀ ਸਕਾਇਤ ਕੀਤੀ ਤਾਂ ਜਥੇਦਾਰ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਜਥੇਦਾਰ ਸਾਹਿਬ ਵੱਲੋਂ ਨਿਯੁਕਤ ਕੀਤੀ ਸੱਤ ਮੈਂਬਰੀ ਟੀਮ ਦੀ ਪਹਿਲੀ ਮੀਟਿੰਗ ਦੌਰਾਨ ਬਲਵਿੰਦਰ ਸਿੰਘ ਭੂੰਦੜ ਨਹੀਂ ਆਏ ਮੇਰੇ ਕੱਲ 13 ਦੀ ਮੀਟਿੰਗ ਵਿੱਚ ਭੂੰਦੜ ਫਿਰ ਵੀ ਹਾਜ਼ਰ ਨਹੀਂ ਹੋਏ, ਭਾਈ ਖਾਲਸਾ ਨੇ ਦੱਸਿਆ ਹੁਣ ਬਾਦਲਕਿਆਂ ਦੀ ਸਿੱਧੀ ਟੱਕਰ ਅਕਾਲ ਤਖ਼ਤ ਸਾਹਿਬ ਨਾਲ ਲੱਗ ਗਈ ਹੈ ਜਿਸ ਕਰਕੇ ਹੁਣ ਬਾਦਲਕਿਆਂ ਦਾ ਸਿੱਖੀ ਦੀ ਸਰਗਰਮ ਸਿਆਸਤ ਤੋਂ ਸਫ਼ਾਇਆ ਹੋਣਾ ਤਹਿ ਹੈ ਕਿਉਂਕਿ ਸਿੱਖ ਸੰਗਤਾਂ ਅਕਾਲ ਤਖ਼ਤ ਸਾਹਿਬ ਤੋਂ ਬਾਗੀ ਕਿਸੇ ਆਗੂ ਜਾ ਧੜੇ ਪਾਰਟੀ ਨੂੰ ਪ੍ਰਵਾਨ ਨਹੀਂ ਕਰਨਗੀਆਂ ਅਤੇ ਇਸ ਦਾ ਆ ਰਹੀਆਂ ਚੋਣਾਂ ਵਿੱਚ ਢੁਕਵਾਂ ਜਵਾਬ ਦਿੱਤਾ ਜਾਵੇਗਾ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਹੱਕ ਵਿੱਚ ਆਉਣ ਦੀ ਪ੍ਰਸੰਸਾ ਕਰਦੀ ਹੈ ਉਥੇ ਜਥੇਦਾਰ ਸਾਹਿਬ ਜੀ ਤੋਂ ਮੰਗ ਕਰਦੀ ਹੈ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰਿਆਂ ਦੀ ਡਿਊਟੀ ਲਾਈ ਜਾਵੇ ਕਿ ਉਹ ਨਿਹੰਗ ਸਿੰਘ ਜਥੇਬੰਦੀਆਂ ਨੂੰ ਹੁਕਮ ਕਰਨ ਕਿ ਉਹ ਬਾਦਲਕਿਆਂ ਨੂੰ ਘੋੜਿਆ ਪਿਛੇ ਬੰਨ ਕੇ ਅਕਾਲ ਤਖ਼ਤ ਸਾਹਿਬ ਤੇ ਪੇਸ਼ ਕਰਨ ਤੇ ਸਖ਼ਤ ਤੋਂ ਸਖ਼ਤ ਸੁਣਾਈ ਜਾਵੇ, ਇਸ ਮੌਕੇ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਭਾਈ ਇੰਦਰਜੀਤ ਸਿੰਘ ਤੇ ਭਾਈ ਜਸਵਿੰਦਰ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।





ਵਿਆਹ ਦੀ ਵਰ੍ਹੇਗੰਢ ਮੁਬਾਰਕ

ਪੱਤਰਕਾਰ ਰਣਜੀਤ ਸਿੰਘ ਪੇਧਨੀ ਤੇ ਸਿਮਰਨਜੀਤ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਮੌਕੇ ਲੱਖ-ਲੱਖ ਵਧਾਈਆਂ

ਆਵਾਜ਼ਿ ਕੌਮ AWAZE QAUM International Newspaper & WEB TV

### ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ

# ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਆਯੋਜਿਤ




ਫ਼ਿਰੋਜ਼ਪੁਰ, 14 ਫਰਵਰੀ (ਮਨੋਹਰ ਲਾਲ) :— ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਬਹੁਤ ਵੱਡਾ ਠਾਠਾਂ ਮਾਰਦਾ ਇਕੱਠ ਹੋਇਆ। ਇਹ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਧੰਨ—ਧੰਨ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੇ 100 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਂਘ ਮਹੀਨੇ ਨੂੰ ਸਮਰਪਿਤ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ ਸਭ ਤੋਂ ਪਹਿਲਾਂ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ ਤੋਂ ਇਲਾਵਾ ਧਾਰਮਿਕ ਸਖਸ਼ੀਅਤਾਂ ਨੇ ਸੰਗਤਾਂ ਵਿਚ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ ਸਾਹਿਬ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਤੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਨ ਦੀ ਪ੍ਰੇਰਣਾ ਦਿੱਤੀ ।ਸੰਤ ਬਾਬਾ ਬਲਜੀਤ ਸਿੰਘ ਨਾਨਕਸਰ ਸ਼ੇਰ ਮੁਹੰਮਦ, ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂਵਾਲੇ, ਭਾਈ ਸਾਹਿਬ ਭਾਈ ਅਮਨਦੀਪ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਭਾਈ ਹਰਪ੍ਰੀਤ ਸਿੰਘ ਮਨੀ ਹਜ਼ੂਰੀ ਰਾਗੀ ਭੁਚੋ ਸਾਹਿਬ, ਮਾਤਾ ਵਿਪਨਪ੍ਰੀਤ ਕੌਰ ਕੀਰਤਨ ਜਥਾ ਲੁਧਿਆਣੇ ਵਾਲੇ, ਭਾਈ ਸਾਹਿਬ ਸਾਹਿਬ ਸੁਖਦੇਵ ਸਿੰਘ, ਮੁੱਖ ਬੁਲਾਰਾ ਦਮਦਮੀ ਟਕਸਾਲ, ਬਾਬਾ ਜੁਗਰਾਜ ਸਿੰਘ ਨਾਨਕਸਰ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਸਤਨਾਮ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਪ੍ਰਧਾਨ, ਭਾਈ ਸਰਬਜੀਤ ਸਿੰਘ ਗੁਰਦੁਆਰਾ ਜਾਮਨੀ ਸਾਹਿਬ, ਗਿਆਨੀ ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ ਵਾਲੇ, ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਰਾਗੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਵੱਖ—ਵੱਖ ਡਾਕਟਰਾਂ ਦੀਆਂ ਟੀਮਾਂ ਨੇ ਮੁਫਤ ਕੈਂਪ ਲਾਏ ਗਏ, ਜਿਸ ਵਿਚ ਅੱਖਾਂ ਦੇ ਮਾਹਿਰ ਡਾਕਟਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਡਾਕਟਰਾਂ ਨੇ ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਤਾਂ ਮਹਾਂਪੁਰਸ਼ਾਂ ਅਤੇ ਭਾਰੀ ਗਿਣਤੀ ਵਿਚ ਸੰਤਾਂ ਨੇ ਦੋ ਦਿਨ ਹਾਜ਼ਰੀ ਭਰੀ ਅਸੀਂ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਹਾਜ਼ਰੀ ਭਰੀ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ ਅਤੇ ਨਾਲ ਹੀ ਸਮੂਹ ਸੰਗਤ ਨੂੰ ਮਿਠਾਈ ਦਾ ਪ੍ਰਸ਼ਾਦ ਵੰਡਿਆ। ਇਸ ਮੌਕੇ ਤੇ ਡਾ: ਰਜਿੰਦਰ ਸਿੰਘ, ਡਾ: ਮਾਨ ਸਿੰਘ, ਡਾ: ਮਹਿਲ ਸਿੰਘ ਹੋਮਿਓਪੈਥਿਕ, ਡਾ: ਬਬਲਦੀਪ ਸਿੰਘ, ਡਾ: ਕਾਲੀਆ ਅੱਖਾਂ ਦੇ ਡਾਕਟਰ ਹਾਜ਼ਰ ਸਨ, ਜਿਨ੍ਹਾਂ ਨੇ ਮਰੀਜਾਂ ਦਾ ਮੁਫਤ ਚੈਕਅਪ ਕੀਤਾ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਨਾਮ ਸਿੰਘ ਨੇ ਬਹੁ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

**☛ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਲੁਆਈ ਆਪਣੀ ਹਾਜ਼ਰੀ ☛ ਸੰਗਤਾਂ ਦਾ ਆਇਆ ਹੜ**

# ਮਨਜਿੰਦਰ ਸਿੰਘ ਸਿਰਸਾ ਦਾ ਰਾਜੌਰੀ ਗਾਰਡਨ ਦੀ ਸਿੱਖ ਸੰਗਤ ਵਲੋਂ ਨਿੱਘਾ ਸਵਾਗਤ



**ਨਵੀਂ ਦਿੱਲੀ 14 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਦੇ ਦਿੱਲੀ ਵਿਧਾਨ ਸਭਾ ਚੋਣ ਜਿੱਤਣ 'ਤੇ ਸਿੱਖ ਸਮਾਜ ਵਿਚ ਕਾਫੀ ਖ਼ੁਸ਼ੀ ਦੇਖੀ ਜਾ ਰਹੀ ਹੈ। ਗੁਰਦੁਆਰਾ ਸਿੰਘ ਸਭਾ ਰਾਜੌਰੀ ਗਾਰਡਨ ਦੇ ਪ੍ਰਧਾਨ ਹਰਮਨਜੀਤ ਸਿੰਘ ਨੇ ਉਨ੍ਹਾਂ ਦੇ ਸਨਮਾਨ ਵਿਚ ਆਪਣੇ ਨਿਵਾਸ 'ਤੇ ਪ੍ਰੋਗਰਾਮ ਰੱਖਿਆ ਜਿਸ ਵਿੱਚ ਰਾਜੌਰੀ ਗਾਰਡਨ ਦੇ ਪ੍ਰਤਿਸ਼ਿਠਤ ਸਿੱਖਾਂ ਨੇ ਪਹੁੰਚ ਕੇ ਸਿਰਸਾ ਦਾ ਸਨਮਾਨ ਕੀਤਾ। ਸ: ਹਰਮਨਜੀਤ ਸਿੰਘ ਨੇ ਕਿਹਾ ਕਿ ਰਾਜੌਰੀ ਗਾਰਡਨ ਦੀ ਜਨਤਾ ਖਾਸ ਕਰਕੇ ਸਿੱਖ ਕਮਿਊਨਿਟੀ ਦੇ ਲੋਕਾਂ ਨੇ ਮਨਜਿੰਦਰ ਸਿੰਘ ਸਿਰਸਾ ਦੇ ਕੰਮ ਕਰਨ ਦੀ ਯੋਗਤਾ ਨੂੰ ਦੇਖਿਆ ਹੈ ਜੋ ਉਨ੍ਹਾਂ ਨੇ ਦੋ ਵਾਰ ਰਾਜੌਰੀ ਗਾਰਡਨ ਤੋਂ ਵਿਧਾਇਕ ਰਹਿ ਕੇ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਪ੍ਰਧਾਨ ਰਹਿ ਕੇ ਕੀਤੇ। ਇਸੇ ਲਈ ਜਨਤਾ ਨੇ ਉਨ੍ਹਾਂ ਨੂੰ ਇੱਕ ਵਾਰ ਫਿਰ ਚੁਣ ਕੇ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਮੀਦ ਹੈ ਕਿ ਇਸ ਵਾਰ ਵੀ ਉਹ ਜਨਤਾ ਦੀਆਂ ਉਮੀਦਾਂ 'ਤੇ ਖਰਾ ਉਤਰੀਂਗੇ। ਉਨ੍ਹਾਂ ਕਿਹਾ ਕਿ ਸਿੱਖ ਦਿੱਲੀ ਦੇ ਸਮੁੱਚੇ ਸਿੱਖਾਂ ਨੂੰ ਸਿਰਸਾ ਤੋਂ ਕਾਫੀ ਉਮੀਦਾਂ ਹਨ ਕਿ ਉਹ ਸਿੱਖ ਸਮਾਜ ਦੀਆਂ ਮੰਗਾਂ ਨੂੰ ਵਿਧਾਨ ਸਭਾ ਵਿੱਚ ਉਥਾ ਕੇ ਉਨ੍ਹਾਂ ਦਾ ਸਮਾਧਾਨ ਕਰਵਾਏਗਾ। ਸ: ਹਰਮਨਜੀਤ ਸਿੰਘ ਨੇ ਕਿਹਾ ਕਿ ਭਾ.ਜ.ਪਾ. ਹਾਈਕਮਾਨ ਨੂੰ ਵੀ ਚਾਹੀਦਾ ਹੈ ਕਿ ਦਿੱਲੀ ਸਰਕਾਰ ਵਿੱਚ ਉਨ੍ਹਾਂ ਨੂੰ ਕੋਈ ਮਹੱਤਵਪੂਰਨ ਪਦ ਦੇਣਾ ਚਾਹੀਦਾ ਹੈ ਤਾਂ ਜੋ ਉਹ ਸਿੱਖਾਂ ਦੀ ਨੁਮਾਇੰਦਗੀ ਕਰ ਸਕਣ। ਇਸ ਮੌਕੇ 'ਤੇ ਹਰਪ੍ਰੀਤ ਸਿੰਘ ਬੰਨੀ ਜੋਲੀ, ਪ੍ਰੀਤਪ੍ਰਤਾਪ ਸਿੰਘ, ਹਰਜੀਤ ਸਿੰਘ ਰਾਜਾ ਬਖ਼ਸ਼ੀ, ਹਰਨੇਕ ਸਿੰਘ, ਸੁੰਦਰ ਸਿੰਘ ਨਾਰੰਗ, ਸੁਖਦੇਵ ਸਿੰਘ ਰਿਆਤ, ਕੈਪਟਨ ਖੁਰਾਨਾ, ਜਸਮੀਤ ਸਿੰਘ ਗੋਲਾ, ਕਮਲਜੀਤ ਸਿੰਘ ਲਾਇੰਸ ਕਲੱਬ, ਮਨਪ੍ਰੀਤ ਸਿੰਘ ਦੇ ਇਲਾਵਾ ਮਹਿਲਾਵਾਂ ਨੇ ਵੀ ਵੱਡੀ ਗਿਣਤੀ ਵਿੱਚ ਮੌਜੂਦ ਰਹਿ ਕੇ ਸਿਰਸਾ ਦਾ ਸਵਾਗਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਰਵੀਦਾਸ ਜੀ ਦੇ ਵਿਚਾਰਾਂ ਤੋਂ ਸਿੱਖਣ ਦੀ ਲੋੜ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 14 ਫਰਵਰੀ (ਮਨੋਹਰ ਲਾਲ) :— ਅੱਜ ਮਾਲਵਾ ਖਾਲਸਾ ਸਕੂਲ ਵਿਖੇ ਸ੍ਰੀ ਪੀ.ਸੀ ਕੁਮਾਰ ਆਏ, ਜ਼ੋ ਪਿਛਲੇ 25 ਸਾਲਾਂ ਤੋ . ਲਗਾਤਾਰ ਸਕੂਲ ਵਿਚ ਆਉਂਦੇ ਹਨ ਅਤੇ ਇਨ੍ਹਾਂ ਦੇ ਵਿਚਾਰਾਂ ਤੋਂ ਸਕੂਲੀ ਬੱਚੇ ਅਤੇ ਅਧਿਆਪਕ ਪ੍ਰਭਾਵਿਤ ਹੁੰਦੇ ਹਨ। ਉਹ ਆਪਣਾ ਮਾਰਗ ਦਰਸ਼ਨ ਇਸ ਪ੍ਰਕਾਰ ਲਗਾਤਾਰ ਕਰਦੇ ਆ ਰਹੇ ਹਨ ਕਿ ਉਨ੍ਹਾਂ ਦੀ ਕੋਸ਼ਿਸ਼ ਆਪਣੇ ਹਰ ਵਿਚਾਰ ਨੂੰ ਬੱਚਿਆਂ ਵਿਚ ਪੂਰੀ ਤਰ੍ਹਾਂ ਲਾਗੂ ਕਰਨ ਦੀ ਹੁੰਦੀ ਹੈ ਨਾ ਸਿਰਫ ਵਿਚਾਰਾਂ ਨੂੰ ਪੇਸ਼ ਕਰਨਾ, ਬਲਕਿ ਦਿਲ ਤੋਂ ਕੋਸ਼ਿਸ਼ ਕਰਦੇ ਹਨ ਕਿ ਨਵੀਂ ਪੀੜ੍ਹੀ ਸੱਚੇ ਦਿਲੋਂ ਗੁਰੂਆਂ, ਸੰਤਾਂ ਦੀ ਸੋਚ ਤੇ ਪਹਿਰਾ ਦੇਵੇ। ਇਸ ਸੋਚ ਨੂੰ ਲੈ ਕੇ ਅੱਜ ਸੰਤ ਰਵੀਦਾਸ ਜਯੰਤੀ ਦੇ ਮੌਕੇ ਤੇ ਉਨ੍ਹਾਂ ਨੇ ਆਪਣੇ ਕੀਮਤੀ ਵਿਚਾਰ ਬੱਚਿਆਂ ਦੇ ਸਾਹਮਣੇ ਰੱਖੇ। ਉਹ ਬੜੇ ਹੀ ਦਿਲਚਸਪ ਤਰੀਕੇ ਨਾਲ ਬੱਚਿਆਂ ਨਾਲ ਸਵਾਲ—ਜਵਾਬ ਵੀਕ ਰਦੇ ਹਨ ਅਤੇ ਬੱਚੇ ਵੀ ਉਨ੍ਹਾਂ ਦੀ ਹਰ ਗੱਲ ਬੜੇ ਧਿਆਨ ਨਾਲ ਸੁਣਦੇ ਹਨ। ਅੱਜ ਦੇ ਸਮੇਂ ਵਿਚ ਜਿਵੇਂ ਬੱਚਿਆਂ ਵਿਚ ਨੈਤਿਕ ਕਦਰਾਂ—ਕੀਮਤਾਂ ਦੀ ਬੜੀ ਘਾਟ ਹੋ ਰਹੀ ਹੈ ਅਤੇ ਬੜੀ ਤੇਜ਼ ਰਫਤਾਰ ਨਾਲ ਲੋਕ ਵਿਦੇਸ਼ੀ ਸੋਚ ਵੱਲ ਜਾ ਰਹੇ ਹਨ, ਇਹ ਭਾਰਤੀ ਸੰਸਕ੍ਰਿਤੀ ਲਈ ਖਤਰੇ ਵਾਲੀ ਗੱਲ ਹੈ, ਇਹ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ ਕਿ ਸਮੇਂ—ਸਮੇਂ ਸਿਰ ਬੱਚਿਆਂ ਨੂੰ ਸਹੀ ਮਾਰਗ ਦਰਸ਼ਨ ਮਿਲ ਸਕੇ। ਸ੍ਰੀ ਕੁਮਾਰ ਪੂਰੀ ਮਿਹਨਤ ਨਾਲ, ਤਨਦੇਹੀ ਨਾਲ ਔਰ ਬੜੀ ਅੱਛੀ ਸੋਚ ਤੇ ਅੱਛੀ ਭਾਵਨਾ ਨਾਲ ਨਵੀਂ ਪੀੜ੍ਹੀ ਦੇ ਪ੍ਰੇਰਣਾ ਸਰੋਤ ਹਨ। ਉਨ੍ਹਾਂ ਨੇ ਦੱਸਿਆ ਕਿ ਗੁਰੂ ਰਵੀਦਾਸ ਜੀ ਦੇ ਉਤਮ ਵਿਚਾਰ ਅੱਜ ਦੇ ਸਮੇਂ ਵਿਚ ਬੜਾ ਮਹੱਤਵ ਰੱਖਦੇ ਹਨ, ਜਿਵੇਂ ਗੁਰੂ ਰਵੀਦਾਸ ਜੀ ਦੇ ਕਥਨ ਮੁਤਾਬਿਕ ਕਿਸੇ ਵਿਅਕਤੀ ਨੂੰ ਨੀਵਾਂ ਜਾਂ ਉੱਚਾ ਉਸਦੇ ਕਰਮ ਹੀ ਬਣਾਉਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਅਧਿਕਾਰੀਆਂ ਨਾਲ

# ਸੁਨਾਮ ਹਲਕੇ ਦੇ ਵਿਕਾਸ ਪ੍ਰੋਜੈਕਟਾਂ ਬਾਰੇ ਸਮੀਖਿਆ ਮੀਟਿੰਗ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਵਿਧਾਨ ਸਭਾ ਹਲਕਾ ਸੁਨਾਮ ਊਧਮ ਸਿੰਘ ਵਾਲਾ ਦੇ ਸ਼ਹਿਰੀ ਤੇ ਦਿਹਾਤੀ ਖੇਤਰਾਂ ਵਿੱਚ ਮੁਕੰਮਲ ਹੋ ਚੁੱਕੇ, ਚੱਲ ਰਹੇ ਅਤੇ ਆਰੰਭ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਬਾਰੇ ਅਧਿਕਾਰੀਆਂ ਨਾਲ ਵਿਸਤ੍ਰਿਤ ਸਮੀਖਿਆ ਮੀਟਿੰਗ ਕੀਤੀ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਦੀ ਮੌਜੂਦਗੀ ਵਿੱਚ ਕੀਤੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਹਦਾਇਤ ਕੀਤੀ ਕਿ ਸਮੂਹ ਸਰਕਾਰੀ ਕਾਰਜਕਾਰੀ ਏਜੰਸੀਆਂ ਅਤੇ ਵਿਭਾਗੀ ਮੁਖੀ, ਵਿਕਾਸ ਕੰਮਾਂ ਨੂੰ ਨਿਰਧਾਰਿਤ ਸਮਾਂ ਸੀਮਾ ਅੰਦਰ ਮੁਕੰਮਲ ਕਰਨ ਲਈ ਪਾਬੰਦ ਰਹਿਣ ਅਤੇ ਬਿਨਾਂ ਵਜ੍ਹਾ ਕਿਸੇ ਵੀ ਕਾਰਜ ਵਿੱਚ ਦੇਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਨਗਰ ਕੌਂਸਲ, ਪੀ.ਐਸ.ਪੀ.ਸੀ.ਐਲ, ਪੰਚਾਇਤੀ ਰਾਜ, ਲੋਕ ਨਿਰਮਾਣ ਵਿਭਾਗ, ਪੰਜਾਬ ਮੰਡੀ ਬੋਰਡ, ਭੂਮੀ ਰੱਖਿਆ, ਜਲ ਸਪਲਾਈ ਤੇ ਸੈਨੀਟੇਸ਼ਨ, ਐਲੀਮੈਂਟਰੀ ਤੇ ਸੈਕੰਡਰੀ ਸਿੱਖਿਆ, ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਸੀਵਰੇਜ ਬੋਰਡ, ਨਹਿਰੀ ਵਿਭਾਗ ਆਦਿ ਨਾਲ ਸਬੰਧਤ ਕਾਰਜਾਂ ਦੀ ਸਥਿਤੀ ਬਾਰੇ ਮੁਖੀਆਂ ਤੋਂ ਜਾਣਕਾਰੀ ਹਾਸਲ ਕਰਦਿਆਂ ਹਦਾਇਤ ਕੀਤੀ ਕਿ ਹਲਕਾ ਸੁਨਾਮ ਨੂੰ ਸੁਵਿਧਾਵਾਂ ਪੱਖੋਂ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਉਨ੍ਹਾਂ ਨੇ ਡਰੱਗ ਵੇਅਰ ਹਾਊਸ, ਵੱਖ-ਵੱਖ ਖੇਡ ਸਟੇਡੀਅਮਾਂ, ਸੁੱਕਾ ਤੇ ਗਿੱਲਾ ਕੂੜਾ ਇਕੱਤਰ ਕਰਨ ਲਈ ਚੱਲ ਰਹੇ ਕਾਰਜਾਂ, ਹਾਈ ਲੈਵਲ ਪੁਲਾਂ ਦੇ ਨਿਰਮਾਣ, ਰੋਜ਼ ਗਾਰਡਨ, ਸੜਕਾਂ ਦੇ ਨਿਰਮਾਣ, ਐਸ.ਟੀ.ਪੀ, ਖਾਲਾਂ ਨੂੰ ਪੱਕੇ ਕਰਨ ਦੇ ਕਾਰਜਾਂ, ਸੋਲਿਡ ਵੇਸਟ, ਲਿਕੁਇਡ ਵੇਸਟ, ਸਕੂਲ ਆਫ਼ ਐਮੀਨੈਂਸ, ਪੇਂਡੂ ਲਾਇਬ੍ਰੇਰੀਆਂ, ਬੱਸ ਸਟੈਂਡ, ਹਸਪਤਾਲਾਂ ਤੇ ਹੋਰ ਸਿਹਤ ਸੰਸਥਾਵਾਂ, ਛੱਪੜਾਂ ਦੀ ਨਵੀਨੀਕਰਨ ਪ੍ਰਕਿਰਿਆ ਸਮੇਤ ਵੱਡੀ ਗਿਣਤੀ ਕਾਰਜਾਂ ਬਾਰੇ ਜਾਇਜ਼ਾ ਲਿਆ। ਮੀਟਿੰਗ ਦੌਰਾਨ ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ, ਓ.ਐਸ.ਡੀ ਟੂ ਕੈਬਨਿਟ ਮੰਤਰੀ ਅੰਮ੍ਰਿਤ ਸਿੱਧੂ, ਸੰਜੀਵ ਕੁਮਾਰ ਸੰਜੂ ਸਮੇਤ ਸਮੂਹ ਕਾਰਜਕਾਰੀ ਏਜੰਸੀਆਂ ਦੇ ਐਕਸੀਅਨ, ਵਿਭਾਗੀ ਮੁਖੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਭਵਾਨੀਗੜ੍ਹ ਬਲਾਕ ਅਧੀਨ ਆਉਂਦੇ

# ਪਿੰਡਾਂ ਦੇ ਸਰਪੰਚਾਂ ਨੂੰ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦਾ ਸੱਦਾ



**ਭਵਾਨੀਗੜ੍ਹ /ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਭਵਾਨੀਗੜ੍ਹ ਵਿਖੇ ਬੀਡੀਪੀਓ ਦਫਤਰ ਵਿੱਚ ਹਲਕਾ ਸੰਗਰੂਰ ਅਧੀਨ ਆਉਂਦੇ 61 ਪਿੰਡਾਂ ਦੇ ਨਵੇਂ ਬਣੇ ਸਰਪੰਚਾਂ ਨਾਲ ਵਿਕਾਸ ਕਾਰਜਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਅਤੇ ਪਿੰਡਾਂ ਵਿੱਚ ਬਕਾਇਆ ਵਿਕਾਸ ਕੰਮਾਂ ਨੂੰ ਤੇਜ਼ੀ ਨਾਲ ਨੇਪਰੇ ਚੜਾਉਣ ਲਈ ਸਰਗਰਮ ਰਹਿਣ ਦਾ ਸੱਦਾ ਦਿੱਤਾ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਜਮੀਨੀ ਪੱਧਰ ਉੱਤੇ ਪਹੁੰਚਾਉਣ ਲਈ ਗ੍ਰਾਮ ਪੰਚਾਇਤਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਹਨਾਂ ਨੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਪੀ.ਐਮ ਵਿਸ਼ਵਕਰਮਾ ਸਕੀਮ ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਲੋੜਵੰਦਾਂ ਨੂੰ ਬਣਦੇ ਲਾਭ ਮੁਹਈਆ ਕਰਵਾਉਣ ਵਿੱਚ ਸਰਗਰਮ ਯੋਗਦਾਨ ਪਾਉਣ। ਉਹਨਾਂ ਨੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਗ੍ਰਾਮ ਪੰਚਾਇਤ ਨੂੰ ਸੂਬੇ ਦੀਆਂ ਅਤੇ ਕੇਂਦਰੀ ਸਰਕਾਰੀ ਸਕੀਮਾਂ ਬਾਰੇ ਸਮੇਂ ਸਮੇਂ ਤੇ ਜਾਗਰੂਕ ਕਰਦੇ ਰਹਿਣ ਤਾਂ ਜੋ ਹਲਕਾ ਵਾਸੀ ਕਿਸੇ ਵੀ ਸਹੂਲਤ ਤੋਂ ਵਾਂਝੇ ਨਾ ਰਹਿਣ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸਮੂਹ ਸਰਪੰਚਾਂ ਨੂੰ ਇਹ ਵੀ ਕਿਹਾ ਕਿ ਜੇਕਰ ਉਹਨਾਂ ਨੂੰ ਪੰਚਾਇਤੀ ਕੰਮ ਕਾਜ ਦੌਰਾਨ ਸਰਕਾਰੀ ਪੱਧਰ ਉੱਤੇ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਹ ਤੁਰੰਤ ਇਸ ਬਾਰੇ ਬੀਡੀਪੀਓ ਸੰਗਰੂਰ ਤੇ ਭਵਾਨੀਗੜ੍ਹ ਨੂੰ ਜਾਣੂ ਕਰਵਾਉਣ ਅਤੇ ਜੇਕਰ ਫਿਰ ਵੀ ਸਮੱਸਿਆ ਹੱਲ ਨਹੀਂ ਹੁੰਦੀ ਤਾਂ ਮਾਮਲਾ ਉਹਨਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਲੋਕਾਂ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਪ੍ਰਸ਼ਾਸਨਿਕ ਸੇਵਾਵਾਂ ਦੇਣ ਵਿੱਚ ਕੋਈ ਖੜੋਤ ਨਾ ਆ ਸਕੇ। ਇਸ ਮੌਕੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੇ ਸਰਪੰਚਾਂ ਨੂੰ ਗ੍ਰਾਮ ਪੰਚਾਇਤਾਂ ਦੇ ਕੰਮਕਾਜ ਬਾਰੇ ਕੁਝ ਨੁਕਤਿਆਂ ਤੋਂ ਵੀ ਜਾਣੂ ਕਰਵਾਇਆ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸਮੂਹ ਸਰਪੰਚਾਂ ਨੂੰ ਸੱਦਾ ਦਿੱਤਾ ਕਿ ਉਹ ਪਿੰਡਾਂ ਵਿੱਚੋਂ ਨਸ਼ੇ ਦਾ ਖਾਤਮਾ ਕਰਨ ਵਿੱਚ ਪੁਲਿਸ ਪ੍ਰਸ਼ਾਸ਼ਨ ਨੂੰ ਸਹਿਯੋਗ ਦੇਣ । ਉਹਨਾਂ ਕਿਹਾ ਕਿ ਜੇਕਰ ਕਿਸੇ ਪਿੰਡ ਵਿੱਚ ਕੋਈ ਵਿਅਕਤੀ ਨਸ਼ਿਆਂ ਦਾ ਸੇਵਨ ਕਰਦਾ ਹੈ ਤਾਂ ਉਸ ਦਾ ਉਚਿਤ ਇਲਾਜ ਕਰਵਾਉਣ ਲਈ ਸਰਕਾਰੀ ਨਸ਼ਾ ਮੁਕਤੀ ਕੇਂਦਰ ਵਿੱਚ ਦਾਖਲ ਕਰਵਾਇਆ ਜਾਵੇ ਅਤੇ ਜੇਕਰ ਕੋਈ ਵਿਅਕਤੀ ਨਸ਼ਾ ਤਸਕਰੀ ਦੇ ਮਾੜੇ ਧੰਦੇ ਵਿੱਚ ਜੁਟਿਆ ਹੋਇਆ ਹੈ ਤਾਂ ਉਸ ਨੂੰ ਸਲਾਖਾਂ ਪਿੱਛੇ ਪਹੁੰਚਾਉਣ ਵਿੱਚ ਯੋਗਦਾਨ ਪਾਇਆ ਜਾਵੇ।

**☛ ਵਿਸ਼ਵਕਰਮਾ ਸਕੀਮ ਅਤੇ ਪੀ.ਐਮ ਆਵਾਸ ਯੋਜਨਾ ਦਾ ਲਾਭ ਲੋੜਵੰਦਾਂ ਤੱਕ ਪਹੁੰਚਾਉਣ ਲਈ ਉੱਦਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ**

ਦੂਸਰੀਆਂ ਪਾਰਟੀਆਂ ਚੋਂ ਆਉਂਣ ਵਾਲਿਆਂ ਨੂੰ

# ਮਿਲੇਗੀ ਅਹਿਮ ਜਿੰਮੇਵਾਰੀ : ਗਿੱਲ

ਚੌਕ ਮਹਿਤਾ 14 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ): ਭਾਈ ਘਨੱਈਆਂ ਬਿਰਧ ਘਰ 'ਚ ਹੋਈ ਸਿਆਸੀ ਮਿਲਣੀ ਮੌਕੇ ਆਰ.ਪੀ.ਆਈ (ਅਠਾਵਲੇ) ਦੀ ਸੂਬਾਈ ਲੀਡਰਸ਼ਿਪ ਅਤੇ ਜੇਡੀਯੂ ਦੀ ਲੀਡਰਸ਼ਿਪ 'ਚ ਰਾਜਸੀ ਸਹਿਮਤੀ ਬਣੀ। ਆਰ.ਪੀ.ਆਈ (ਏ) ਦੇ ਸਰਗਰਮ ਰਹੇ ਆਗੂ ਸ੍ਰ ਫੁਲਜੀਤ ਸਿੰਘ ਵਰਪਾਲ ਨੇ ਜੇਡੀਯੂ ਦੇ ਸੂਬਾਈ ਜਨ.ਸਕੱਤਰ ਸ੍ਰ ਸਤਨਾਮ ਸਿੰਘ ਗਿੱਲ ਅਤੇ ਚਾਰ ਜਿਲਿਆਂ ਦੀ ਪ੍ਰਮੁੱਖ ਲੀਡਰਸ਼ਿਪ ਨਾਲ ਤੈਅਸ਼ੁਦਾ ਪ੍ਰੋਗਰਾਮ ਦੌਰਾਨ ਮੁਲਾਕਾਤ ਕਰਵਾਈ। ਬੰਦ ਕਮਰਾ ਹੋਈ ਮੀਟਿੰਗ ਤੋਂ ਬਾਦ ਲੋਕ ਸਭਾ ਹਲਕਾ ਜਲੰਧਰ ਤੋਂ ਚੋਣ ਲੜ ਚੁੱਕੀ ਬੀਬੀ ਸੋਨੀਆ, ਪਠਾਨਕੋਟ ਸੰਸਦੀ ਹਲਕੇ ਤੋਂ ਚੋਣ ਲੜ ਚੁੱਕੇ ਸ੍ਰੀ ਹਰਮੇਸ਼ ਲਾਲ,ਭੋਆ ਵਿਧਾਨ ਸਭਾ ਹਲਕੇ ਤੋਂ ਸੁਰਿੰਦਰ ਕੁਮਾਰ,ਅੰਮ੍ਰਿਤਸਰ ਤੋਂ ਜਿਲ੍ਹਾ ਪ੍ਰਧਾਨ ਸ੍ਰ ਸੰਦੀਪ ਸਿੰਘ ਨੇ ਆਰ.ਪੀ.ਆਈ ਅਠਾਵਲੇ ਨੂੰ ਅਲਵਿਦਾ ਆਖ ਪੰਜਾਬ ਪ੍ਰਦੇਸ਼ ਜਨਤਾ ਦਲ (ਯੂ) ਦੀ ਸਿਆਸਤ ਦਾ ਹਿੱਸਾ ਬਣਨ ਦਾ ਐਲਾਨ ਕੀਤਾ। ਪੰਜਾਬ ਪ੍ਰਦੇਸ਼ ਜਨਤਾ ਦਲ (ਯੂ) ਦੇ ਸੂਬਾਈ ਜਨਰਲ ਸਕੱਤਰ ਸ੍ਰ ਸਤਨਾਮ ਸਿੰਘ ਗਿੱਲ ਨੇ ਆਰ.ਪੀ.ਆਈ. ਨੂੰ ਛੱਡ ਜੇਡੀਯੂ'ਚ ਸ਼ਾਮਲ ਹੋਏ ਲੀਡਰਾਂ ਦਾ ਸਵਾਗਤ ਕੀਤਾ। ਉਨ੍ਹਾ ਨੇ ਕਿਹਾ ਕਿ ਜੇਡੀਯੂ ਹਰ ਉਸ ਲੀਡਰ ਨੂੰ ਬਣਦਾ ਮਾਣ ਸਤਿਕਾਰ ਦੇਵੇਗੀ ਜੋ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਉਂਣਗੇ। ਉਨ੍ਹਾ ਨੇ ਕਿਹਾ ਕਿ ਪੰਜਾਬ ਪ੍ਰਦੇਸ਼ ਜਨਤਾ ਦਲ (ਯੂ)'ਚ ਸ਼ਾਮਿਲ ਹੋ ਰਹੇ ਲੀਡਰਾਂ ਨੂੰ ਜੇਡੀਯੂ 'ਚ ਅਹਿਮ ਜਿੰਮੇਵਾਰੀ ਦਿੱਤੀ ਜਾਵੇਗੀ। ਉਨ੍ਹਾ ਨੇ ਐਲਾਨ ਕੀਤਾ ਕਿ ਜੇਡੀਯੂ ਸਿਆਸੀ ਭਵਿੱਖ ਦੀ ਤਲਾਸ਼ 'ਚ ਨਿਕਲੇ ਲੋਕਾਂ ਲਈ ਰਾਹਦਸੇਰਾ ਬਣੇਗੀ। ਇਸ ਮੌਕੇ ਸੀਨੀਅਰ ਲੀਡਰ ਬੀਬੀ ਸੋਨੀਆ ਨਕੋਦਰ ਨੇ ਕਿਹਾ ਕਿ ਅਸੀਂ ਆਪੋ ਆਪਣੇ ਵਿਧਾਨ ਸਭਾ ਹਲਕਿਆਂ'ਚ ਇਕੱਠ ਕਰਕੇ ਪੰਜਾਬ ਜੇਡੀਯੂ ਦੀ ਹਾਈਕਮਾਡ ਨੂੰ ਸੱਦ ਕੇ ਵੱਡੀ ਗਿਣਤੀ ਵਿੱਚ ਪਾਰਟੀ ਦੀ ਮੈਂਬਰਸ਼ਿਪ'ਚ ਵਾਧਾ ਕਰਾਂਗੇ ਉਨਾਂ ਨੇ ਕਿਹਾ ਕਿ ਅਸੀ ਪਾਰਟੀ ਦੀ ਨੀਤੀ ਤਹਿਤ ਸੂਬੇ ਦੀ ਭਲਾਈ ਲਈ ਕੰਮ ਕਰਾਂਗੇ। ਬਿਰਧ ਆਸ਼ਰਮ ਦੇ ਸੰਚਾਲਕ ਬਾਬਾ ਬਲਵਿੰਦਰ ਸਿੰਘ ਚਾਹਲ ਨੇ ਸਤਨਾਮ ਸਿੰਘ ਗਿੱਲ ਅਤੇ ਟੀਮ ਨੂੰ ਸਿਰੋਪਾਂ,ਲੋਈ ਅਤੇ ਸ੍ਰੀ ਸਾਹਿਬ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਜੇਡੀਯੂ ਬਲਾਕ ਰਈਆ ਦੇ ਪ੍ਰਧਾਨ ਹਰਮੀਤ ਸਿੰਘ ਮੱਟੂ,ਪੀਆਰਓ ਅੰਮ੍ਰਿਤਪਾਲ ਸਿੰਘ,ਮਿਲਨ ਸਿੰਘ ਗਿੱਲ,ਸੁਰਿੰਦਰ,ਸੋਨੀਆ ਆਦਿ ਹਾਜਰ ਹਨ।



# ਗਿਆਨੀ ਹਰਪ੍ਰੀਤ ਸਿੰਘ ਦੀ ਇਨਕੁਆਰੀ ਸ਼੍ਰੋਮਣੀ ਕਮੇਟੀ ਮੈਂਬਰਾਂ ਦੀ ਰੱਦ ਕਰਨ ਤੇ ਪ੍ਰਧਾਨ ਧਾਮੀ ਨੂੰ ਅਸਤੀਫਾ ਦੇਣ ਵਾਲੀ ਮੰਗ ਸ਼ਲਾਘਾਯੋਗ : ਜਥੇਦਾਰ ਮੇਜਰ ਸਿੰਘ ਸੋਢੀ



**ਜੰਡਿਆਲਾ ਗੁਰੂ 14 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹਾਦਤੀ ਸੀਸ ਦਿੱਲੀ ਤੋਂ ਪੈਦਲ ਚੱਲ ਕੇ ਅਨੰਦਪੁਰ ਦੀ ਧਰਤੀ ਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਭੇਟ ਕਰਕੇ ਰੰਘਰੇਟੇ ਗੁਰ ਕੇ ਬੇਟੇ ਦਾ ਵਰਦਾਨ ਪ੍ਰਾਪਤ ਕਰਨ ਵਾਲੇ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਭਾਈ ਜੈਤਾ ਜੀ ਦੇ ਆ ਰਹੇ 350 ਸਾਲਾਂ ਸੀਸ ਭੇਟ ਯਾਤਰਾ ਦੇ ਸਾਰਾ ਸਾਲ ਚੱਲਣ ਵਾਲੇ ਧਾਰਮਿਕ ਪ੍ਰੋਗ੍ਰਾਮਾ ਸਬੰਧੀ ਅੱਜ ਸ਼ਹੀਦ ਬਾਬਾ ਬੀਰ ਸਿੰਘ, ਬਾਬਾ ਬੀਰ ਧੀਰ ਸਿੰਘ ਛਾਉਣੀ ਦਸਮੇਸ਼ ਤਰਨਦਲ ਫਤਿਹਗੜ੍ਹ ਚੂੜੀਆਂ ਵਿਖੇ ਇੱਕ ਵਿਸ਼ੇਸ਼ ਮੀਟਿੰਗ 45 ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਦੇ ਕੌਮੀ ਜਰਨੈਲ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਦੀ ਅਗਵਾਈ ਹੇਠ ਹੋਈ ,ਜਿਸ ਵਿੱਚ ਆ ਰਹੇ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾਂ ਸ਼ਹੀਦੀ ਸ਼ਤਾਬਦੀ ਸਬੰਧੀ ਪੂਰਾ ਸਾਲ ਚੱਲਣ ਵਾਲੇ ਧਾਰਮਿਕ ਪ੍ਰੋਗ੍ਰਾਮਾ ਸਬੰਧੀ ਖੁੱਲ੍ਹ ਕੇ ਵਿਚਾਰਾਂ ਕੀਤੀਆਂ ਗਈਆਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਨੂੰ ਪੂਰਾ ਪੂਰਾ ਸੰਯੋਗ ਦੇਣ ਦੀ ਬੇਨਤੀ ਕੀਤੀ ਗਈ, ਇਸ ਮੌਕੇ ਤੇ ਬੋਲਦਿਆਂ ਜਿਥੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਨੇ ਐਲਾਨ ਕੀਤਾ ਕਿ ਸ਼੍ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਆ ਰਹੇ 350 ਸਾਲਾਂ ਸੀਸ ਭੇਟ ਯਾਤਰਾ ਵੱਡੀ ਪੱਧਰ ਤੇ ਉਹਨਾਂ ਪੜਾਆ ਰਾਹੀਂ ਧੂਮ ਧਾਮ ਨਾਲ ਕੱਢੀ ਜਾਵੇਗੀ ਜਿੰਨਾ ਰਸਤਿਆਂ ਨੂੰ ਤਹਿ ਕਰਦੇ ਹੋਏ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਿੱਲੀ ਪਹੁੰਚੇ ਸਨ ਅਤੇ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੂੰ ਸੀਸ ਭੇਂਟ ਕਰਕੇ ਰੰਘਰੇਟੇ ਗੁਰ ਕੇ ਬੇਟੇ ਦਾ ਵਰਦਾਨ ਪ੍ਰਾਪਤ ਕੀਤਾ ਸੀ, ਮੀਟਿੰਗ'ਚ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਨੇ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਨੂੰ ਸਿਆਸੀ ਦਬਾਅ ਹੇਠ ਜ਼ਲੀਲ ਕਰਕੇ ਆਹੁਦੇ ਤੋਂ ਹਟਾਉਣ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕੀਤੀ ਅਤੇ ਸਪੱਸ਼ਟ ਕੀਤਾ ਕਿ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦਾ ਕੋਈ ਗੁਨਾਹ ਨਹੀਂ ਸੀ, ਸਿਰਫ਼ ਦੋ ਦਸੰਬਰ ਨੂੰ ਬਾਦਲਾਂ ਨੂੰ ਇੱਕ ਨਿਧੜਕ ਤੇ ਬਹਾਦਰੀ ਨਾਲ ਦੋਸ਼ ਇਕਬਾਲ ਕਰਵਾਕੇ ਦਿੱਤੀ ਸਜ਼ਾ ਨੂੰ ਅਧਾਰ ਬਣਾਇਆ ਗਿਆ, ਜਥੇਦਾਰ ਸੋਢੀ ਸਾਹਿਬ ਨੇ ਕਿਹਾ ਜਿਥੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਫੈਸਲੇ ਦਾ ਤਿਖਾ ਵਿਰੋਧ ਕੀਤਾ ਜਾ ਰਿਹਾ ਹੈ, ਉਥੇ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਇਸ ਫੈਸਲੇ ਨੂੰ ਲਾਹਨਤਾਂ ਪਾਉਣ ਦੇ ਨਾਲ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਰਜਨ ਤੋਂ ਵੱਧ ਮੈਂਬਰਾਂ ਵੱਲੋਂ ਵੀ ਇਸ ਫੈਸਲੇ ਵਿਰੁੱਧ ਕਮਰਕੱਸੇ ਕਰ ਲਏ ਗਏ ਹਨ ਅਤੇ ਮੰਗ ਕੀਤੀ ਜਾ ਰਹੀ ਹੈ ਕਿ ਗਿਆਨੀ ਹਰਪ੍ਰੀਤ ਸਿੰਘ ਜੀ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਇਨਕੁਆਰੀ ਰੱਦ ਕੀਤੀ ਜਾਵੇ ਅਤੇ ਇਸ ਸਾਰੇ ਮਾਮਲੇ ਵਿੱਚ ਮੁੱਖ ਦੋਸ਼ੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਭਾਈ ਹਰਜਿੰਦਰ ਸਿੰਘ ਧਾਮੀ ਆਪਣੇ ਆਹੁਦੇ ਤੋਂ ਅਸਤੀਫਾ ਦੇਣ, ਜਥੇਦਾਰ ਸੋਢੀ ਸਾਹਿਬ ਨੇ ਦੋਸ਼ ਲਾਇਆ ਧਾਮੀ ਨੇ ਬਾਦਲਾਂ ਦੇ ਦਬਾਅ ਹੇਠ ਅਕਾਲ ਤਖ਼ਤ ਸਾਹਿਬ ਦੇ ਸਨਮਾਨ ਯੋਗ ਉੱਚ ਆਹੁਦੇ ਦੇ ਜਥੇਦਾਰ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੂੰ ਗੈਰ ਸਿਧਾਂਤਕ ਗੈਰ ਕਾਨੂੰਨੀ ਗੈਰ ਮਰਯਾਦਾ ਤਹਿਤ ਜਲੀਲ ਕਰਕੇ ਆਹੁਦੇ ਤੋਂ ਹਟਾਇਆ ਹੈ ਇਸ ਕਰਕੇ ਦਸਮੇਸ਼ ਤਰਨਦਲ ਇਸ ਦੀ ਜ਼ੋਰਦਾਰ ਸ਼ਬਦਾਂ'ਚ ਨਿੰਦਾ ਕਰਦਾਂ ਹੋਇਆ ਮੰਗ ਕਰਦਾ ਹੈ ਕਿ ਗਿਆਨੀ ਹਰਪ੍ਰੀਤ ਸਿੰਘ ਜੀ ਇਨਕੁਆਰੀ ਰੱਦ ਕਰਕੇ ਨੌਕਰੀ ਤੇ ਬਹਾਲ ਕੀਤਾ ਜਾਵੇ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਆਪਣੇ ਆਹੁਦੇ ਤੋਂ ਅਸਤੀਫਾ ਦੇਣ, ਇਸ ਸਬੰਧੀ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਜੀ ਨਾਲ ਮੀਟਿੰਗ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਮੀਟਿੰਗ ਵਿੱਚ ਸੈਂਕੜੇ ਜਥੇਦਾਰ ਤੇ ਨਿਹੰਗ ਸਿੰਘ ਫ਼ੌਜਾਂ ਹਾਜ਼ਰ ਸਨ ।

# ਉੱਘੇ ਗੀਤਕਾਰ ਇਕਬਾਲ ਸਿੰਘ ਪੀ ਟੀ ਨੂੰ ਸਦਮਾ,ਪਿਤਾ ਜੀ ਦਾ ਦਿਹਾਂਤ, ਇਲਾਕੇ ਭਰ ਦੇ ਸਾਹਿਤਕਾਰ ਹੋਏ ਦੁੱਖ 'ਚ ਸ਼ਰੀਕ




(**ਬਠਿੰਡਾ**)-ਪਿਛਲੇ ਦਿਨੀਂ ਸਾਹਿਤ ਜਾਗ੍ਰਿਤੀ ਸਭਾ (ਰਜਿ.) ਬਠਿੰਡਾ ਦੇ ਸੀਨੀਅਰ ਮੈਂਬਰ, ਉੱਘੇ ਗੀਤਕਾਰ ਇਕਬਾਲ ਸਿੰਘ ਪੀ ਟੀ ਦੇ ਪਿਤਾ ਸਰਦਾਰ ਹਰਗੋਬਿੰਦ ਸਿੰਘ ਸਰਾਂ ਲੰਬੀ ਬਿਮਾਰੀ ਨਾਲ ਜੂਝਦਿਆਂ ਅਕਾਲ ਚਲਾਣਾ ਕਰ ਗਏ, ਇਸ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਦੇ ਸਾਹਿਤਕਾਰਾਂ ਨੇ ਸ਼ਾਮਿਲ ਹੁੰਦਿਆਂ ਇਕਬਾਲ ਸਿੰਘ ਪੀ ਟੀ ਅਤੇ ਦੁਖੀ ਪਰਿਵਾਰ ਨਾਲ ਹਮਦਰਦੀ ਅਤੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ।ਵੱਖੋ-ਵੱਖ ਸਾਹਿਤਕ ਸੰਸਥਾਵਾਂ ਨਾਲ ਸੰਬੰਧਤ ਸਾਹਿਤਕਾਰ ਜਸਪਾਲ ਮਾਨਖੇੜਾ,ਅਤਰਜੀਤ ਕਹਾਣੀਕਾਰ, ਸੁਰਿੰਦਰਪ੍ਰੀਤ ਘਣੀਆ, ਸ਼ੁਖਦਰਸ਼ਨ ਗਰਗ, ਜਨਕ ਰਾਜ ਜਨਕ, ਅਮਰਜੀਤ ਸਿੰਘ ਜੀਤ, ਕੁਲਦੀਪ ਸਿੰਘ ਬੰਗੀ ,ਰਣਬੀਰ ਰਾਣਾ,ਰਣਜੀਤ ਗੌਰਵ, ਬਲਵਿੰਦਰ ਭੁੱਲਰ, ਤਰਸੇਮ ਬੁੱਟਰ, ਐਡਵੋਕੇਟ ਗੁਰਵਿੰਦਰ ਸਿੰਘ, ਤਰਸੇਮ ਬਸ਼ਰ, ਰਮੇਸ਼ ਗਰਗ, ਰਮੇਸ਼ ਸੇਠੀ ਬਾਦਲ,ਹਰਦਰਸ਼ਨ ਸਿੰਘ ਸੋਹਲ, ਜਗਦੀਸ਼ ਬਾਂਸਲ, ਰੂਪ ਚੰਦ ਸ਼ਰਮਾ,ਅਮਨ ਦਾਤੇਵਾਸ, ਆਗਾਜ਼ਵੀਰ ਕਹਾਣੀਕਾਰ, ਦਮਜੀਤ ਦਰਸ਼ਨ, ਡਾਕਟਰ ਜਸਪਾਲ ਜੀਤ, ਮਨਜੀਤ ਸਿੰਘ ਜੀਤ, ਰਾਜਬੀਰ ਕੌਰ, ਦਵੀ ਸਿੱਧੂ,ਤਰਸੇਮ ਨਰੂਲਾ, ਜਸਪਾਲ ਜੱਸੀ,ਮੋਹਨਜੀਤ ਸਿੰਘ ਪੁਰੀ,ਮਾਸਟਰ ਜਗਨ ਨਾਥ, ਅਮਰਜੀਤ ਸਿੰਘ ਪੇਂਟਰ, ਅਵਤਾਰ ਸਿੰਘ ਬਾਹੀਆ, ਗੁਰਪ੍ਰੀਤ ਸਿੰਘ ਗਰੇਵਾਲ, ਹਰਦੀਪ ਸਿੰਘ ਸੇਵਾਮੁਕਤ ਡੀਈਓ, ਮੰਗਤ ਕੁਲਜਿੰਦ ਅਤੇ ਹੋਰ ਬਹੁਤ ਸਾਰੀਆਂ ਸਾਹਿਤਕ ਸ਼ਖਸੀਅਤਾਂ ਇਕਬਾਲ ਸਿੰਘ ਪੀ ਟੀ ਦੇ ਗਮ ਚ ਸ਼ਰੀਕ ਹੋਈਆਂ।


**-ਅਮਰਜੀਤ ਸਿੰਘ ਜੀਤ**, 9417287122

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੇਜਰੀਵਾਲ ਪ੍ਰੋ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਸਿਹਰਾ ਨਹੀਂ ਲੈ ਸਕਿਆ

# ਹੁਣ ਇਹੋ ਕਲੰਕ ਬਦਨਾਮੀ ਮਾਨ ਨਾ ਖੱਟ ਲਵੇ !





ਜਦੋਂ ਕੇਜਰੀਵਾਲ ਨੇ ਆਪਣਾ ਡਰਾਮਾ ਸ਼ੁਰੂ ਕੀਤਾ ਤਾਂ ਸਾਰਿਆਂ ਤੋਂ ਪਹਿਲੋਂ ਪੰਜਾਬ ਅਤੇ ਸਿੱਖਾਂ ਨੇ ਹੁੰਗਾਰਾ ਭਰਿਆ.. ਵਿਦੇਸ਼ ਵਿਚ ਬੈਠੇ ਸਿੱਖਾਂ ਨੇ ਨੋਟਾਂ ਦੀ ਬਰਸਾਤ ਕਰ ਦਿੱਤੀ .....

ਕੇਜਰੀਵਾਲ ਨੇ ਜਿਥੇ ਭ੍ਰਿਸ਼ਟਾਚਾਰੀਆਂ ਨੂੰ ਰੋਲ ਕਿ ਰੱਖ ਦੇਣ ਦਾ ਸੁਪਨਾ ਸਿਰਜ ਦਿੱਤਾ ਉਥੇ ਸਿੱਖਾਂ ਨੂੰ ਦਿੱਲ੍ਹੀ ਦੰਗਿਆਂ ਦਾ ਇਨਸਾਫ਼ , ਮੁੜ ਮੁੜ ਭਗਤ ਸਿੰਘ ਦੀ ਗੱਲ ਕੀਤੀ ਤਾਂ ਇਸਦੇ ਪੈਰ ਪੰਜਾਬ ਵਿੱਚ ਵੀ 2014 ਵਿਚ ਲਵਾ ਦਿੱਤੇ ... ਪਰ ਇਹ ਪੱਕਾ ਫਿਰਕਾਪ੍ਰਸਤ ਅਤੇ ਕੱਟੜ ਹਿੰਦੂ ਹੋ ਨਿਬੜਿਆ ....

ਇਹ ਪ੍ਰੋ ਦਵਿੰਦਰ ਪਾਲ ਸਿੰਘ ਭੁੱਲਰ ਦੀ ਰਿਹਾਈ ਲਈ ਹੋਈਆਂ 7 ਬੈਠਕਾਂ ਵਿਚ ਉਨ੍ਹਾਂ ਨੂੰ ਰਿਹਾਅ ਕਰਨ ਵਿਚ ਅੜਿੱਕਾ ਬਣਿਆ !!

ਹੁਣ ਭਾਜਪਾ ਦੀ ਵਾਰੀ ਹੈ ਅਤੇ 5 ਸਾਲ ਪਹਿਲੋਂ ਮੋਦੀ ਨੇ ਰਿਹਾਈ ਦਾ ਐਲਾਨ ਵੀ ਕੀਤਾ ਹੋਇਆ ... ਉਂਝ ਬਦਲਣ ਵਿਚ ਇਹ ਲੋਕ ਗਿਰਗਟ ਤੋਂ ਵੀ ਘਟ ਸਮਾਂ ਲੈਂਦੇ ਹਨ ।

ਕੇਜਰੀਵਾਲ ਨੂੰ ਸਿੱਖਾਂ ਵਿਚੋਂ ਬਾਹਲੀ ਬੋ ਆਉਣ ਲੱਗ ਗਈ ਸੀ ਅਤੇ ਇਸਨੇ ਕਿਸੇ ਨੂੰ ਦਿੱਲ੍ਹੀ ਵਿਚ ਮੰਤਰੀ ਤਕ ਨਹੀਂ ਬਣਾਇਆ..

ਮੋਦੀ ਨੇ 5 - 6 ਪੱਗਾਂ ਵਾਲਿਆਂ ਨੂੰ ਟਿਕਟਾਂ ਦੇ ਦਿੱਤੀਆਂ ਚਲੋ ਸਿੱਖਾਂ ਇਸ ਵਾਰੀ ਡੱਕਾ ਮੋਦੀ ਵੱਲ ਸੁੱਟ ਦਿੱਤਾ ... ।

ਭਗਵੰਤ ਮਾਨ ਜੀ ,ਸੱਤਾ ਤੋਂ ਇਹ ਅਕਿਰਤਘਣ ਤਾਂ ਚਲਾ ਗਿਆ ਹੁਣ ਸਿੱਖਾਂ ਨਾਲ ਗਦਾਰੀ ਤੇ ਦਿੱਲ੍ਹੀ ਵਾਲਿਆਂ ਦੀ ਦਲਾਲੀ ਦਾ ਪਟਾ ਬਾਦਲਾਂ ਅਤੇ ਕੈਪਟਨ ਮਗਰੋਂ ਤੁਸੀ ਆਪਣੇ ਗਲ ਪਾ ਲਿਆ ਹੈ ... ਭਾਈ ਜਗਤਾਰ ਸਿੰਘ ਹਵਾਰਾ ਦੀ ਜੇਲ ਬਦਲੀ ਦੇ ਵਿਰੋਧ ਨੇ ਥੋੜਾ ਚੇਹਰਾ ਵੀ ਲਗਭਗ ਨੰਗਾ ਕਰ ਦਿੱਤਾ ਹੈ !!

ਬੰਦੀ ਸਿੰਘਾਂ ਦੀ ਰਿਹਾਈ ਦਾ ਹਾਲੇ ਮੌਕਾ ਹੈ , ਸਿੱਖਾਂ ਦਾ ਦਿਲ ਜਿੱਤ !! ਇਤਹਾਸ ਵਿੱਚ ਆਪਣੇ ਮੂੰਹ ਕਾਲਖ ਮਲਣ ਤੋਂ ਬਚਣਾ ਹੀ ਸਿਆਣਪ ਹੈ।

**-ਬਲਵਿੰਦਰ ਸਿੰਘ**

### ਦੀਪ ਵਿਛੜ ਗਿਆ ਹੈ ਪਰ ਉਸ ਦੀ ਰੂਹ ਅਜੇ ਵੀ ਸਾਡੇ ਨਾਲ ਨਾਲ ਤੁਰਦੀ ਹੈ

# ਚਿਰਾਂ ਤੋਂ ਉਸ ਦੀ ਦਬੀ ਪੀੜ ਸਾਡੀ ਪੀੜ ਵੀ ਬਣ ਗਈ ਸੀ

**-ਕਰਮਜੀਤ ਸਿੰਘ ਚੰਡੀਗੜ੍ਹ ਸੀਨੀਅਰ ਪੱਤਰਕਾਰ**

15 ਫਰਵਰੀ ਨੂੰ ਦੀਪ ਸਿੱਧੂ ਸਾਥੋਂ ਸਦਾ ਲਈ ਵਿਛੜ ਗਿਆ ਸੀ,ਪਰ ਜਿਸਮ ਹੀ ਵਿਛੜਿਆ ਸੀ ,ਰੂਹ ਅਜੇ ਵੀ ਮੇਰੇ ਨਾਲ ਨਾਲ ਤੁਰਦੀ ਹੈ।ਇੱਕ ਵੱਡਾ ਗੁਣ ਜੋ ਉਸ ਵਿੱਚ ਸੀ ਅਤੇ ਜੋ ਗੁਣ ਵਿਰਲਿਆਂ ਵਿੱਚੋਂ ਵਿਰਲਿਆਂ ਨੂੰ ਹੀ ਨਸੀਬ ਹੁੰਦਾ ਹੈ,ਉਹ ਗੁਣ ਇਹ ਸੀ ਕਿ ਉਹ ਤੁਹਾਨੂੰ ਜਗਾ ਕੇ ਰੱਖਦਾ ਸੀ,ਯਾਨੀ ਉਠਦਿਆਂ, ਬਹਿੰਦਿਆਂ, ਸੌਂਦਿਆਂ,ਜਾਗਦਿਆਂ ਉਹ ਖੁਦ ਵੀ ਜਾਗਦਾ ਸੀ ਤੇ ਤੁਹਾਨੂੰ ਵੀ ਜਗਾ ਕੇ ਰੱਖਦਾ ਸੀ। ਜ਼ਿੰਦਗੀ ਦੀਆਂ ਗਹਿਰਾਈਆਂ ਤੇ ਉਚਾਈਆਂ ਨੂੰ ਸਮਝਣ ਲਈ ਉਸ ਨੇ ਇਹ ਚਾਰੇ ਅਵਸਥਾਵਾਂ ਹਾਸਲ ਕਰ ਲਈਆਂ ਸਨ।



☛ਕਾਨੂੰਨੀ-ਦਲੀਲਾਂ ਨੂੰ ਜਜ਼ਬਾਤੀ-ਦਲੀਲਾਂ ਵਿੱਚ ਪਲਟ ਦੇਣ ਦੀ ਯੋਗਤਾ ਸੀ ਉਸ ਵਿੱਚ। ☛ਉਸ ਦੀ ਰਾਜਨੀਤਿਕ ਸੋਝੀ ਵਿੱਚ ਸਾਡਾ ਇਤਿਹਾਸ ਜਗਮਗ ਜਗਮਗ ਕਰਦਾ ਸੀ। ☛ਦੀਪ ਤੋਂ ਪਹਿਲਾਂ ਵਾਲੀ ਕਿਸਾਨੀ ਅਤੇ ਦੀਪ ਤੋਂ ਪਿੱਛੋਂ ਵਾਲੀ ਕਿਸਾਨੀ ਵਿੱਚ ਆਇਆ ਵੱਡਾ ਫਰਕ ਦੀਪ ਕਰਕੇ ਹੀ ਹੈ।

ਜਾਗਣਾ ਤੇ ਜਗਾ ਕੇ ਰੱਖਣਾ ਕਿਸੇ ਕਿਸੇ ਨੂੰ ਹੀ ਤੋਹਫੇ ਵਿੱਚ ਮਿਲਦਾ ਹੈ। ਭਾਵੇਂ ਤੁਸੀਂ ਮੰਨੋ ਤੇ ਭਾਵੇਂ ਨਾ ਮੰਨੋ ਪਰ ਇਹੋ ਤੋਹਫਾ ਕਿਸੇ ਵੱਖਰੇ ਅੰਦਾਜ਼ ਵਿੱਚ,ਕਿਸੇ ਵੱਖਰੇ ਰੂਪ ਵਿੱਚ ਅੰਮ੍ਰਿਤ ਪਾਲ ਨੂੰ ਵੀ ਮਿਲਿਆ ਹੋਇਆ ਹੈ, ਯਾਨੀ ਵੱਖ ਵੱਖ ਰਾਹਾਂ ਉੱਤੇ ਚੱਲਣ ਵਾਲੇ ਦੋ ਮੁਸਾਫਰ ਇੱਕੋ ਮੰਜ਼ਲ ਵੱਲ ਜਾ ਰਹੇ ਸਨ।ਇਹ ਰਮਜ਼,ਇਹ ਭੇਤ, ਇਹ ਗੂੜੇ ਰਾਜ਼,ਇਹ ਵੱਡੀ ਗੱਲ ਮੇਰੀ ਕੌਮ ਨੂੰ ਦੇਰ ਨਾਲ ਸਮਝ ਵਿੱਚ ਆਵੇਗੀ ਕਿਉਂਕਿ ਸਾਡੀ ਕੌਮ ਦੇ ਰਹਿਬਰਾਂ ਦੀਆਂ ਤਮਾਮ ਵੰਨਗੀਆਂ ਦੇ ਜਿਸਮ ਭਾਵੇਂ ਆਜ਼ਾਦ ਹਨ ਪਰ ਰੂਹਾਂ ਆਜ਼ਾਦ ਨਹੀਂ ਹਨ।ਪਰ ਦੀਪ ਨੇ ਦੋਵੇਂ ਆਜ਼ਾਦੀਆਂ ਹਾਸਲ ਕਰ ਲਈਆਂ ਸਨ ਅਤੇ ਇਹੋ ਗੁਣ ਉਸਨੇ ਕੌਮ ਵਿੱਚ ਵੀ ਜਗਾ ਦਿੱਤਾ ਸੀ।

ਪਰ ਕੌਮ ਨੇ ਉਸਨੂੰ ਜਿਉਂਦਿਆਂ ਘੱਟ ਜਾਣਿਆ ਸੀ ਤੇ ਜਦੋਂ ਉਹ ਤੁਰ ਗਿਆ ਤਾਂ ਉਦੋਂ ਕੌਮ ਨੇ ਮਹਿਸੂਸ ਕੀਤਾ ਕਿ ਉਸ ਦੇ ਸਮੂਹਿਕ-ਜਿਸਮ ਦਾ ਇੱਕ ਜਰਖੇਜ਼ ਅੰਗ ਹੁਣ ਨਹੀਂ ਰਿਹਾ। ਉਹ ਬੰਦੇ ਜਿਹੜੇ ਸਦਾ ਆਪਣੀ ਕੌਮ ਲਈ ਜਗਦੇ ਤੇ ਜਿਉਂਦੇ ਰਹਿੰਦੇ ਹਨ ਉਹਨਾਂ ਨੇ ਸਭ ਤੋਂ ਵੱਧ ਵਿਛੋੜੇ ਦੀ ਇਹ ਪੀੜ ਇਕੱਲੇ ਇਕੱਲੇ ਮਹਿਸੂਸ ਕੀਤੀ ਅਤੇ ਅੱਜ ਵੀ ਕਰ ਰਹੇ ਹਨ।ਮੈਂ 81 ਵਰੇ ਵਿੱਚੋਂ ਲੰਘ ਰਿਹਾ ਹਾਂ ਅਤੇ ਮੈਂ ਵੱਡੇ ਵੱਡੇ ਖਾਲਸਾ ਪੰਥ ਦੇ ਇਕੱਠ ਵੇਖੇ ਹਨ ਅਤੇ ਉਹਨਾਂ ਇਕੱਠਾਂ ਵਿੱਚ ਵੱਸਦੀ ਸਾਂਝੀ-ਰੂਹ ਨੂੰ ਵੀ ਮੈਂ ਵੇਖ ਲੈਂਦਾ ਸੀ,ਪਰ ਦੀਪ ਦੀ ਅੰਤਿਮ ਅਰਦਾਸ ਸਮੇਂ ਫਤਿਹਗੜ੍ਹ ਸਾਹਿਬ ਵਿੱਚ ਆਈ ਖਲਕਤ ਵੱਖਰੀ ਤਰਾਂ ਦੀ ਸੀ।ਉਹ ਖਲਕਤ "ਜਨਤਾ ਜਾਂ ਲੋਕ÷ਨਹੀਂ ਸੀ ਸਗੋਂ ਉਹ ਸਹੀ ਅਰਥਾਂ ਵਿੱਚ "ਸੰਗਤ" ਦਾ ਇਕੱਠ ਸੀ ਜਾਂ ਇੰਝ ਕਹਿ ਲਵੋ ਕਿ ਕੰਢਿਆਂ ਤੋਂ ਪਾਰ ਆਪ ਮੁਹਾਰਾ ਵਗਦਾ ਕੋਈ ਦਰਿਆ ਸੀ ਜਿਸ ਵਿੱਚ ਅਹਿਸਾਸ ਤੇ ਭਾਵਨਾਵਾਂ ਠਾਠਾਂ ਮਾਰ ਰਹੀਆਂ ਸਨ।

ਦੀਪ ਤੋਂ ਪਹਿਲਾਂ ਵਾਲੀ ਪੰਜਾਬ ਦੀ ਕਿਸਾਨੀ ਅਤੇ ਦੀਪ ਤੋਂ ਪਿੱਛੋਂ ਵਾਲੀ ਪੰਜਾਬ ਦੀ ਕਿਸਾਨੀ ਵਿੱਚ ਵੱਡਾ ਫਰਕ ਪਾਉਣ ਵਾਲਾ ਜੇ ਕੋਈ ਬੰਦਾ ਸਾਨੂੰ ਮਿਲਿਆ ਤਾਂ ਉਹ ਦੀਪ ਸਿੱਧੂ ਹੀ ਸੀ।ਪਹਿਲਾਂ ਵਾਲੀ ਕਿਸਾਨੀ ਇਹ ਸੋਚਦੀ ਸੀ ਕਿ ਜੇਕਰ ਫਸਲਾਂ ਦੇ ਭਾਅ ਵਧ ਜਾਣ ਤਾਂ ਅਸੀਂ ਖੁਸ਼ਹਾਲ ਹੋ ਜਾਵਾਂਗੇ ਪਰ ਦੀਪ ਨੇ ਚੇਤੇ ਕਰਾਇਆ ਕਿ ਨਹੀਂ ! ਨਹੀਂ !! ਫਸਲਾਂ ਦੀਆਂ ਕੀਮਤਾਂ ਨੂੰ ਆਪਣੀ ਹੋਂਦ ਨਾਲ ਜੋੜ ਕੇ ਅੱਗੇ ਵਧਿਆ ਜਾਵੇ ਤਾਂ ਹੀ ਪੰਜਾਬ ਦੁਨੀਆਂ ਦੇ ਦਿਲਾਂ ਉੱਤੇ ਰਾਜ ਕਰੇਗਾ।ਆਪਣੀ ਵੱਖਰੀ ਹੋਂਦ ਦੀ ਗੱਲ, ਆਪਣੇ ਨਿਆਰੇ ਵਜੂਦ ਦੀ ਗੱਲ,ਆਪਣੀ ਅਡਰੀ ਹਸਤੀ ਦੀ ਗੱਲ ਦੀਪ ਨੇ ਕੁਝ ਇਸ ਤਰ੍ਹਾਂ ਕੀਤੀ ਕਿ ਅਛੋਪਲੇ ਹੀ ਉਹ ਸਾਡੀ ਰੂਹ ਤੱਕ ਉਤਰ ਗਈ। ਇਤਿਹਾਸ ਨੇ ਦੀਪ ਨੂੰ ਅਜੇ ਇਸ ਰੰਗ ਵਿੱਚ ਪੂਰੀ ਤਰ੍ਹਾਂ ਨਹੀਂ ਦੇਖਿਆ।

ਤੁਸੀਂ ਪਤਾ ਨਹੀਂ ਕਦੇ ਮਹਿਸੂਸ ਕੀਤਾ ਹੋਵੇ ਜਾਂ ਨਾ ਕੀਤਾ ਹੋਵੇ,ਪਰ ਪੰਜਾਬ ਦੀ ਹੁਣ ਵਾਲੀ ਕਿਸਾਨੀ ਦੀ ਚੇਤਨਾ ਦਾ ਪੱਧਰ ਜੇ ਉੱਚਾ ਨਜ਼ਰ ਆ ਰਿਹਾ ਹੈ ਤਾਂ ਉਸ ਜਰਖੇਜ-ਚੇਤਨਾ ਵਿੱਚ ਗੁਪਤ ਰੂਪ ਵਿੱਚ ਦੀਪ ਹੀ ਜਗਮਗ ਜਗਮਗ ਕਰ ਰਿਹਾ ਹੈ।ਉਸਦੇ ਜਾਣ ਪਿੱਛੋਂ ਫਰਾਂਸ ਤੇ ਹੋਰਨਾ ਮੁਲਕਾਂ ਵਿੱਚ ਕਿਸਾਨਾਂ ਦੇ ਸੰਘਰਸ਼ਾਂ ਵਿੱਚ ਵੀ ਦੀਪ- ਚੇਤਨਾ ਗੁਪਤ ਰੂਪ ਵਿੱਚ ਕੰਮ ਕਰ ਰਹੀ ਸੀ।

ਦੀਪ ਦੀ ਸ਼ਖਸ਼ੀਅਤ ਦੇ ਦੋ ਸਰੂਪ ਸਨ ਜਾਂ ਦੋ ਰੰਗ ਸਨ-ਇਕ ਬਾਹਰਲਾ ਤੇ ਦੂਜਾ ਅੰਦਰਲਾ। ਉਸ ਦੀ ਜ਼ਿੰਦਗੀ ਵਿੱਚ ਇਹ ਦੋਵੇਂ ਰੂਪ ਪੂਰੀ ਤਰ੍ਹਾਂ ਜਲੌਅ ਵਿੱਚ ਆਏ। ਉਸ ਨੂੰ ਸੁਣ ਕੇ ਤੇ ਉਸਨੂੰ ਵੇਖ ਕੇ ਕਈ ਵਾਰ ਇਉਂ ਮਹਿਸੂਸ ਹੁੰਦਾ ਸੀ ਜਿਵੇਂ ਤੁਸੀਂ ਪੂਰੀ ਤਰ੍ਹਾਂ ਖਿੜੇ ਕਿਸੇ ਕਪਾਹ ਦੇ ਖੇਤ ਵਿੱਚੋਂ ਲੰਘ ਰਹੇ ਹੋਵੋ ਜਾਂ ਸਰੋਂ ਦੇ ਫੁੱਲਾਂ ਨਾਲ ਲੱਦੀ ਫਸਲ ਵਿੱਚ ਦੀਪ ਸਾਡੇ ਨਾਲ ਨਾਲ ਤੁਰ ਰਿਹਾ ਹੋਵੇ।

ਉਸ ਕੋਲ ਸ਼ਬਦਾਂ ਦਾ ਭਰਪੂਰ ਖਜ਼ਾਨਾ ਸੀ ਅਤੇ ਉਹ ਉਨਾਂ ਸ਼ਬਦਾਂ ਨੂੰ ਇੰਝ ਪੇਸ਼ ਕਰਦਾ ਕਿ ਚਿਰਾਂ ਤੋਂ ਦੱਬੀ ਸਾਡੀ ਕੋਈ ਪੀੜ ਉਸਦੀ ਪੀੜ ਬਣ ਗਈ ਸੀ। ਉਸਨੇ ਦੁਨਿਆਵੀ ਕਾਨੂੰਨ ਦੀ ਉੱਚੀ ਪੜ੍ਹਾਈ ਕੀਤੀ ਹੋਈ ਸੀ ਪਰ ਉਹ ਕਾਨੂੰਨੀ ਦਲੀਲਾਂ ਨੂੰ ਉੱਚੀ ਪੱਧਰ ਦੀਆਂ ਜਜ਼ਬਾਤੀ ਦਲੀਲਾਂ ਵਿੱਚ ਪਲਟ ਕੇ ਆਮ ਤੋਂ ਖਾਸ ਬੰਦੇ ਤੱਕ ਵੀ ਆਪਣੀ ਗੱਲ ਪਹੁੰਚਾ ਦਿੰਦਾ ਸੀ ਅਤੇ ਇੱਕ ਵਾਰ ਤਾਂ ਤੁਹਾਨੂੰ ਸੋਚਣੇ ਵੀ ਲਾ ਦਿੰਦਾ ਸੀ। ਤੁਹਾਨੂੰ ਇਹ ਲੱਗਣ ਲੱਗ ਪੈਂਦਾ ਸੀ ਕਿ ਕੋਈ ਰੂਹ ਵਾਲਾ ਵਖਰਾ ਬੰਦਾ ਇਸ ਧਰਤੀ ਉੱਤੇ ਉਤਰਿਆ ਹੈ।

ਦੀਪ ਰੱਜ ਕੇ ਸੋਹਣਾ ਸੀ ਪਰ ਉਸ ਤੋਂ ਵੀ ਜ਼ਿਆਦਾ ਉਸ ਦੀ ਅੰਦਰਲੀ ਖੂਬਸੂਰਤੀ ਬਾਹਰਲੀ-ਖੂਬਸੂਰਤੀ ਨਾਲ ਰਲ ਕੇ ਉਸ ਨੂੰ ਹੋਰ ਵੀ ਸੋਹਣਾ ਬਣਾ ਦਿੰਦੀ ਸੀ।ਉਹ ਉੱਚੇ ਲੰਮੇ ਕਦ ਵਾਲਾ ਸੀ,ਪਰ ਉਸਦੇ ਅੰਦਰਲੇ ਕੱਦ ਦੀ ਉਡਾਰੀ ਉਸ ਤੋਂ ਵੀ ਜ਼ਿਆਦਾ ਉੱਚੀ ਸੀ।ਉਹ ਖੁੱਲੇ ਦਿਲ ਵਾਲਾ ਸੀ। ਅਸਮਾਨ ਜਿੱਡਾ ਵਿਸ਼ਾਲ ਹਿਰਦਾ ਰੱਖਦਾ ਸੀ। ਖਾਲਸਾ-ਸੱਭਿਆਚਾਰ ਦੀ ਖੂਬਸੂਰਤੀ ਦੇ ਬਹੁਤ ਸਾਰੇ ਰੰਗ ਉਸ ਵਿੱਚ ਛਿਪੇ ਪਏ ਸਨ ਅਤੇ ਉਹ ਸਹਿਜੇ ਸਹਿਜੇ "ਉਸ ਦਿਸ਼ਾ ਵੱਲ" ਵੱਧ ਵੀ ਰਿਹਾ ਸੀ ਜਿਸ ਦੀ ਕੌਮ ਨੂੰ ਉਡੀਕ ਲੱਗੀ ਹੋਈ ਸੀ।ਆਖਰੀ ਮਹੀਨਿਆਂ ਵਿੱਚ ਉਸਦੀ ਤਰਜ਼ੇ ਜ਼ਿੰਦਗੀ ਵਿੱਚ ਵੱਡੀ ਤਬਦੀਲੀ ਵੇਖੀ ਗਈ।

ਦੀਪ ਦੀ ਰਾਜਨੀਤਿਕ ਸੋਝੀ,ਦੀਪ ਦੀ ਰਾਜਨੀਤਿਕ ਸਮਝ, ਦੀਪ ਦੇ ਰਾਜਨੀਤਕ ਗਿਆਨ ਦੀਆਂ ਹੇਠਲੀਆਂ ਤਹਿਆਂ ਵਿੱਚ ਧਰਮ, ਕਲਚਰ,ਗੈਰਤ,ਅਣਖ,ਗਵਾਚਿਆ ਰਾਜ ਅਤੇ ਸਾਡੇ ਸ਼ਾਨਾ ਮੱਤੇ ਇਤਿਹਾਸ ਦੀਆਂ ਵਗ ਰਹੀਆਂ ਨਦੀਆਂ ਸਿਰਫ ਦੇਖ ਸਕਣ ਵਾਲੀ ਅੱਖ ਨੂੰ ਹੀ ਦਿਸ ਸਕਦੀਆਂ ਸਨ। ਪਰ "ਸ਼ੈਤਾਨੀ ਤਾਕਤਾਂ" ਨੂੰ ਇਹ ਸਭ ਕੁਝ ਦਿਸ ਗਿਆ ਸੀ,ਇਸ ਲਈ ਉਸ ਦਾ ਇਸ ਸੰਸਾਰ ਤੋਂ "ਜਾਣਾ" ਸ਼ੈਤਾਨੀ ਤਾਕਤਾਂ ਨੇ ਤਹਿ ਕਰ ਦਿੱਤਾ ਸੀ।ਆਪਾਂ ਇਹ ਗੱਲ ਕਿਉਂ ਨਹੀਂ ਸਮਝਦੇ ?

## ਬਾਬਾ ਭੋਲਾ ਸਿੰਘ ਜੀ ਅਲਹੌਰਾਂ ਸਾਹਿਬ ਹੁਣ ਤੱਕ ਕਰ ਚੁੱਕੇ ਨੇ ਅਨੇਕਾਂ ਕੁੜੀਆਂ ਦੇ ਵਿਆਹ : ਅਵਤਾਰ ਸਿੰਘ ਤਾਰੀ ਫਤਿਹਗੜ੍ਹ ਛੰਨਾ

ਧੂਰੀ ( ਰਣਜੀਤ ਸਿੰਘ ਪੇਧਨੀ ) ਸਮਾਜ ਦੇ ਵਿੱਚ ਹਰ ਵਿਅਕਤੀ ਵੱਖਰੇ ਵੱਖਰੇ ਤਰੀਕੇ ਦੇ ਨਾਲ ਆਪਣਾ ਯੋਗਦਾਨ ਪਾਉਂਦਾ ਹੈ ਕੋਈ ਦਵਾਈਆਂ ਦਾ ਲੰਗਰ ਚਲਾ ਕੇ, ਕੋਈ ਬੱਚਿਆਂ ਨੂੰ ਪੜ੍ਹਾ ਕੇ ,ਕੋਈ ਗਰੀਬ ਪਰਿਵਾਰਾਂ ਨੂੰ ਰਾਸਨ ਵੰਡ ਕੇ ਵੱਖੋ ਵੱਖਰੇ ਤਰੀਕੇ ਦੇ ਨਾਲ ਸੇਵਾ ਕਰਦੇ ਹਨ। ਪਰ ਬ੍ਰਹਮ ਗਿਆਨੀ ਤੱਤ ਕੇ ਬੇਤੇ ਸੰਤ ਬਾਬਾ ਸੁਖਦੇਵ ਸਿੰਘ ਜੀ ਅਲਹੌਰਾਂ ਸਾਹਿਬ ਵਾਲਿਆਂ ਦੇ ਅਸਥਾਨ ਅਲਹੌਰਾਂ ਸਾਹਿਬ ਵਿਖੇ ਪਿਛਲੇ ਲੰਮੇ ਸਮੇਂ ਤੋਂ ਸੇਵਾ ਕਰਦੇ ਆ ਰਹੇ ਬਾਬਾ ਭੋਲਾ ਸਿੰਘ ਜੀ ਅਲਹੌਰਾਂ ਸਾਹਿਬ ਜਿੱਥੇ ਵੀ ਕਿਤੇ ਉਹਨਾਂ ਨੂੰ ਪਤਾ ਲੱਗਦਾ ਹੈ ਕਿ ਕਿਸੇ ਗਰੀਬ ਪਰਿਵਾਰ ਦੀ ਕੁੜੀਆਂ ਦਾ ਵਿਆਹ ਹੈ ਉਹ ਕੁੜੀਆਂ ਨੂੰ ਆਪਣੇ ਵੱਲੋਂ ਵਿਆਹ ਦਾ ਸਮਾਨ ਦੇ ਕੇ ਇੱਕ ਨਵੇਕਲੀ ਸੇਵਾ ਨਿਭਾ ਰਹੇ ਹਨ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਜੀ ਦੇ ਸਾਥੀ ਭਾਈ ਅਵਤਾਰ ਸਿੰਘ ਤਾਰੀ ਫਤਿਹਗੜ੍ਹ ਛੰਨਾ ਨੇ ਕਿਹਾ ਹੈ ਕਿ ਬਾਬਾ ਭੋਲਾ ਸਿੰਘ ਜੀ ਹੁਣ ਤੱਕ ਘੱਟੋ ਘੱਟ 20-25 ਕੁੜੀਆਂ ਨੂੰ ਵਿਆਹ ਦਾ ਸਮਾਨ ਦੇ ਕੇ ਆਪਣੀ ਸੇਵਾ ਨਿਭਾ ਚੁੱਕੇ ਹਨ ਅਤੇ ਅੱਗੇ ਤੋਂ ਵੀ ਇਹ ਸੇਵਾ ਜਾਰੀ ਰਹੇਗੀ। ਬਾਬਾ ਜੀ ਵੱਲੋਂ ਇਹ ਚਲਾਈ ਗਈ ਇਹ ਸੇਵਾ ਦਾ ਕਾਰਜ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਨੂੰ ਕੋਈ ਵੀ ਇਲਾਕੇ ਦੇ ਪਿੰਡਾਂ ਚੋਂ ਪਤਾ ਲੱਗਦਾ ਹੈ ਕਿ ਇਸ ਪਿੰਡ 'ਚ ਗਰੀਬ ਪਰਿਵਾਰ ਦੇ ਵਿੱਚ ਕੁੜੀ ਦਾ ਵਿਆਹ ਰੱਖਿਆ ਹੋਇਆ ਹੈ ਤਾਂ ਅਸੀਂ ਉਹਨਾਂ ਨਾਲ ਸੰਪਰਕ ਬਣਾ ਕੇ ਉਹਨਾਂ ਨੂੰ ਬਾਬਾ ਜੀ ਦੇ ਸਹਿਯੋਗ ਦੇ ਨਾਲ ਸਮਾਨ ਪਹੁੰਚਦਾ ਕਰਦੇ ਹਾਂ।



## ਮਹਿਤਾ ਚੌਂਕ ਦੇ ਭੀੜ ਭਰੇ ਬਾਜਾਰ ਵਿੱਚ ਦਿਨ ਦਿਹਾੜੇ ਗੋਲੀਆਂ ਮਾਰ ਕੇ ਦੋ ਨੌਜਵਾਨ ਕੀਤੇ ਗੰਭੀਰ ਜਖਮੀ, ਦੋਵੇਂ ਹਮਲਾਵਰ ਮੌਕੇ ਤੋਂ ਫਰਾਰ, ਲੋਕਾਂ ਵਿੱਚ ਫੈਲੀ ਭਾਰੀ ਦਹਿਸ਼ਤ



**ਚੌਂਕ ਮਹਿਤਾ, 14 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਦਿਨ ਦਿਹਾੜੇ,ਤਕਰੀਬਨ 3.15 ਵਜੇ ਮਹਿਤਾ ਚੌਂਕ ਦੇ ਭੀੜ ਭੜੱਕੇ ਵਾਲੇ ਮੇਨ ਬਾਜਾਰ ਵਿੱਚ ਮੇਜਰ ਸਪੇਅਰ ਪਾਰਟਸ ਦੀ ਦੁਕਾਨ ਦੇ ਬਾਹਰ ਕੰਮ ਕਰ ਰਹੇ ਦੁਕਾਨ ਮਾਲਕ ਬਲਦੇਵ ਸਿੰਘ ਉਰਫ ਚੇਲਾ ਪੁੱਤਰ ਗੁਰਦਿਆਲ ਸਿੰਘ ਅਤੇ ਅਮਨਬੀਰ ਸਿੰਘ ਪੁੱਤਰ ਅਮਰੀਕ ਸਿੰਘ ਪਿੰਡ ਉਦੋਨੰਗਲ ਨੂੰ ਮੋਟਰ ਸਾਈਕਲ ਤੇ ਆਏ ਦੋ ਨੌਜਵਾਨਾਂ ਨੇ ਗੋਲੀਆਂ ਮਾਰ ਕੇ ਗੰਭੀਰ ਰੂਪ ਵਿੱਚ ਜਖਮੀ ਕਰ ਦਿੱਤਾ ਮੌਕੇ ਤੇ ਪਹੁੰਚ ਕੇ ਪ੍ਰਾਪਤ ਕੀਤੀ ਜਾਣਕਾਰੀ ਅਤੇ ਦੁਕਾਨ ਦੇ ਵਰਕਰਾਂ ਅਨੁਸਾਰ ਕਾਲੇ ਰੰਗ ਦੇ ਬਿਨਾਂ ਨੰਬਰ ਪਲੇਟ ਵਾਲੇ ਮੋਟਰਸਾਈਕਲ ਤੇ ਸਵਾਰ ਦੋ ਨੌਜਵਾਨ ਜਿਨ੍ਹਾਂ ਨੇ ਆਪਣੇ ਮੂੰਹ ਬੱਧੇ ਹੋਏ ਸਨ ,ਨੇ ਆਪਣੇ ਮੋਟਰਸਾਈਕਲ ਨੂੰ ਬਿਲਕੁਲ ਘੱਟ ਸਪੀਡ ਤੇ ਚਲਾਉਂਦਿਆਂ ਤਕਰੀਬਨ 6 ਰਾਊਂਡ ਫਾਇਰ ਕਰਕੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ' ਤੇ ਬਲਦੇਵ ਸਿੰਘ ਅਤੇ ਅਮਨਬੀਰ ਸਿੰਘ ਦੀਆਂ ਲੱਤਾਂ ਵਿੱਚ ਗੋਲੀਆਂ ਮਾਰ ਕੇ ਗੰਭੀਰ ਰੂਪ ਵਿੱਚ ਜਖਮੀ ਕਰਨ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਏ ਜਖਮੀਆਂ ਨੂੰ ਅੰਮ੍ਰਿਤਸਰ ਦੇ ਕਿਸੇ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾ ਕੇ ਉਹਨਾਂ ਦਾ ਇਲਾਜ ਕੀਤਾ ਜਾ ਰਿਹਾ ਹੈ ਮੌਕੇ ਤੇ ਪੁੱਜੇ ਡੀ ਐਸ ਪੀ ਜੰਡਿਆਲਾ ਸ੍ਰੀ ਧਰਮਿੰਦਰ ਕਲਿਆਣ ਅਤੇ ਐਸ ਐਚ ਓ ਸ੍ਰ ਸਮਸੇਰ ਸਿੰਘ ਨੇ ਦੱਸਿਆ ਕਿ ਅਸੀਂ ਪੂਰੀ ਮੁਸਤੈਦੀ ਨਾਲ ਇਸ ਮਾਮਲੇ ਦੀ ਤਫਤੀਸ ਕਰ ਰਹੇ ਹਾਂ ਅਤੇ ਕਿਸੇ ਵੀ ਦੋਸੀ ਨੂੰ ਬਖਸ਼ਿਆ ਨਹੀਂ ਜਾਵੇਗਾ।

## ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸਾਰਥਕ ਕਦਮ ਚੁੱਕੇ ਜਾ ਰਹੇ ਹਨ - ਚੇਅਰਮੈਨ ਘੁੱਲੀ

ਸ਼ੇਰਪੁਰ/ ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਧੂਰੀ ਦੇ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਵਿਆਪਕ ਪੱਧਰ ਤੇ ਉਤਸ਼ਾਹਿਤ ਕਰਨ ਲਈ ਉਪਰਾਲੇ ਜਾਰੀ ਹਨ। ਇਸ ਉਦੇਸ਼ ਦੀ ਪੂਰਤੀ ਹਿੱਤ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਵਾਏ ਜਾ ਰਹੇ ਹਨ ਤਾਂ ਜੋ ਏਥੇ ਖਿਡਾਰੀ ਨਿਰੰਤਰ ਅਭਿਆਸ ਕਰਕੇ ਸੂਬਾ, ਕੌਮੀ ਅਤੇ ਕੌਮਾਂਤਰੀ ਪੱਧਰ ਉੱਤੇ ਵੱਡੀਆਂ ਖੇਡ ਪ੍ਰਾਪਤੀਆਂ ਦਰਜ ਕਰ ਸਕਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦਫਤਰ ਇੰਚਾਰਜ ਮੁੱਖ ਮੰਤਰੀ ਪੰਜਾਬ ਨੇ ਬਲਾਕ ਸ਼ੇਰਪੁਰ ਦੇ ਪਿੰਡ ਘਨੌਰ ਖੁਰਦ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਅਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਦਲਬੀਰ ਸਿੰਘ ਢਿੱਲੋ ਦੀ ਮੌਜੂਦਗੀ ਵਿੱਚ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਨੇ ਦੱਸਿਆ ਕਿ ਬਲਾਕ ਧੂਰੀ ਅਤੇ ਸ਼ੇਰਪੁਰ ਦੇ ਕਈ ਪਿੰਡਾਂ ਵਿੱਚ ਅਜਿਹੇ ਖੇਡ ਸਟੇਡੀਅਮ ਜਾਂ ਤਾਂ ਪ੍ਰਗਤੀ ਅਧੀਨ ਹਨ ਅਤੇ ਜਾਂ ਫਿਰ ਛੇਤੀ ਹੀ ਸ਼ੁਰੂ ਹੋਣ ਵਾਲੇ ਹਨ। ਉਹਨਾਂ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਨਿਰਮਾਣ ਕਾਰਜ ਸਮੇਂ ਸਿਰ ਮੁਕੰਮਲ ਕਰਨ ਅਤੇ ਸਮੇਂ ਸਮੇਂ ਤੇ ਪ੍ਰਗਤੀ ਅਧੀਨ ਪ੍ਰੋਜੈਕਟਾਂ ਦੀ ਨਿਗਰਾਨੀ ਕਰਦੇ ਰਹਿਣ ਦੀ ਹਦਾਇਤ ਕੀਤੀ ਗਈ ਹੈ। ਇਸ ਤੋਂ ਇਲਾਵਾ ਐਮਐਲਏ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ ਅਤੇ ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋ ਵੱਲੋਂ ਪਿੰਡ ਘਨੌਰੀ ਖੁਰਦ ਵਿੱਚ ਸ਼੍ਰੋਮਣੀ ਭਗਤ ਰਵਿਦਾਸ ਜੀ ਨੂੰ ਸਮਰਪਿਤ ਧਰਮਸ਼ਾਲਾ ਦੇ ਸੈਡ ਅਤੇ ਰਸਤੇ ਨੂੰ ਪੱਕਾ ਕਰਨ ਦਾ ਉਦਘਾਟਨ ਵੀ ਕੀਤਾ ਗਿਆ। ਇਸਇਸ ਮੌਕੇ ਆਪ ਆਗੂ ਸਨੀ ਘਨੌਰ, ਅਨਬਰ ਬਾਗੜੀਆਂ, ਸਰਪੰਚ ਘਨੌਰ, ਗੁਗਨੀ ਧੰਦੀਵਾਲ, ਪ੍ਰੀਤ ਧੂਰੀ, ਹਰਪ੍ਰੀਤ ਸਿੰਘ ਹਾਜ਼ਰ ਸਨ ।



ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੋਰ ਪੰਥਕ ਸ਼ਖਸੀਅਤਾਂ ਨਤਮਸਤਕ, ਸਨਮਾਨ














ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਮੀਤ ਸਿੰਘ ਮੀਤਾ ਨਵਨਿਯੁਕਤ ਮੈਂਬਰ ਕਾਲਕਾ ਪਿੰਜੌਰ,ਸਰਦਾਰ ਸਵਰਨ ਸਿੰਘ ਬੂੰਗਾ ਟਿੱਬੀ ਨਵਨਿਯੁਕਤ ਮੈਬਰ ਪੰਚਕੂਲਾ,ਸਰਦਾਰ ਗੁਰਪਾਲ ਸਿੰਘ ਗੋਰਾ ਨਵਨਿਯੁਕਤ ਮੈਂਬਰ ਐਲਨਾਬਾਦ ਸਿਰਸਾ,ਸਰਦਾਰ ਤਜਿੰਦਰਪਾਲ ਸਿੰਘ ਨਾਰਨੌਲ ਨਵਨਿਯੁਕਤ ਮੈਂਬਰ ਗੁੜਗਾਂਉ,ਸਰਦਾਰ ਜਗਤਾਰ ਸਿੰਘ ਮਿੱਠੜੀ ਨਵਨਿਯੁਕਤ ਮੈਂਬਰ ਪਿੱਪਲੀ ਸਿਰਸਾ,ਸਰਦਾਰ ਰਜਿੰਦਰ ਸਿੰਘ ਡੁਲਿਆਣਾ ਨਵਨਿਯੁਕਤ ਮੈਂਬਰ ਬਰਾੜਾ ਅੰਬਾਲਾ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਾਤਾ ਸਲਵਿੰਦਰ ਕੌਰ ਜੀ ਦੇ ਨਮਿੱਤ ਸ਼ਰਧਾਂਜਲੀ ਸਮਾਗਮ 'ਚ


# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਹਾਜ਼ਰੀ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਵਿਸ਼ੇਸ਼ ਤੌਰ 'ਤੇ ਪਹੁੰਚੇ


















**ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਗ੍ਰੰਥੀ ਬਾਬਾ ਸਤਨਾਮ ਸਿੰਘ ਜੀ ਅਲਗੋਂ ਖੁਰਦ ਵਾਲਿਆਂ ਦੇ ਭੂਆ ਜੀ ਮਾਤਾ ਸਲਵਿੰਦਰ ਕੌਰ ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ। ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ ਗਏ। ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਮਨੋਹਰ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਇਸ ਤੋਂ ਉਪਰੰਤ ਸਿੱਖ ਕੌਮ ਦੀ ਮਾਇਨਾਜ ਹਸਤੀ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਾਲਿਆਂ ਨੇ ਹਾਜ਼ਰੀ ਭਰੀ। ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਹਾਜਰੀ ਭਰੀ ਗਈ ਅਤੇ ਵੱਖ ਵੱਖ ਬੁਲਾਰਿਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਰੀ ਪੰਜਾਬ ਪ੍ਰਧਾਨ , ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ,ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ , ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ,ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਗੁਰਭੇਜ ਸਿੰਘ ਜੀ ਜਿਲਾ ਪ੍ਰਧਾਨ ਤਰਨ ਤਾਰਨ, ਅਤੇ ਸਮੂਹ ਵਰਕਰ ਸਾਹਿਬਾਨ ਪਹੁੰਚੇ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।ਸਮੂਹ ਸੰਤ ਮਹਾਂਪੁਰਖ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਦਲ ਬੰਥ ਬਾਬਾ ਬਿਧੀ ਚੰਦ ਸਾਹਿਬ, ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ, ਬਾਬਾ ਮੌਜਦਾਸ ਜੀ ਮਾੜੀ ਕੰਬੋਕੇ, ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲ ਉਤਾੜ ਵਾਲੇ, ਬਾਬਾ ਗੁਰਦੇਵ ਸਿੰਘ ਜੀ ਗੱਗੋਬੂਹੇ ਵਾਲੇ, ਭਾਈ ਕੰਵਰਚੜਤ ਸਿੰਘ ਜੀ ਪੋਤਰਾ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਵਿਸ਼ੇਸ਼ ਤੌਰ ਤੇ ਹਾਜਰ ਹੋਏ ਇਸ ਤੋਂ ਇਲਾਵਾ ਡਾ ਅਮਨਦੀਪ ਸਿੰਘ ਹਰਛਾਸੀਨਾ,ਡਾ ਸਰਬਜੀਤ ਸਿੰਘ ਹਰਛਾਸੀਨਾ,ਬਾਬਾ ਗੁਰਸਾਹਿਬ ਸਿੰਘ ਵਰਨਾਲਾ ਮੁੱਖ ਸੇਵਾਦਾਰ ਗੁਰਮਤਿ ਸਮਾਗਮ, ਗਿਆਨੀ ਗੁਰਪ੍ਰਤਾਪ ਸਿੰਘ ਸਾਬਕਾ ਹੈਂਡ ਗ੍ਰੰਥੀ ਸੰਨ ਸਾਹਿਬ, ਸ੍ਰ ਕਿਰਪਾਲ ਸਿੰਘ ਮੌਜੂਦਾ ਸਰਪੰਚ,ਬਾਬਾ ਦਲਜੀਤ ਸਿੰਘ ਹੈਂਡ ਗ੍ਰੰਥੀ ਅਤੇ ਸਮੂਹ ਢਿੱਲੋਂ ਪਰਿਵਾਰ ਤੇ ਯੂਪੀ ਤੋਂ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243